Designer & Customized
WEDDING
CARDS & BOXES
Shagun Envelopes & Saha Chithi
More Than 500 Designs
of Wedding Cards & Boxes
+91-988881 88887, 988882 88887
weddingsea@gmail.com
SEA DESIGN COMPANY

ਰੋਜ਼ਾਨਾ
# ਸ਼ਹੀਦ-ਏ-ਆਜ਼ਮ
SHAHEED-E-AZAM, DAILY PUNJABI NEWSPAPER, PATIALA ਰੋਜ਼ਾਨਾ ਪੰਜਾਬੀ ਅਖ਼ਬਾਰ, ਪਟਿਆਲਾ

Shaheed-e-Azam
PRINTING PRESS
Customized and Designer
- Wedding Invitations
- Wedding Boxes
(MDF/Acrylic/Folding)
- Shagan Envelop
- Sahi Chithi
98881-88887

PRGI (RNI) Regd. No. 42354 | Website : www.shaheedeazamnews.com | e-mail:seanewspatiala@gmail.com | Tel.: 0175-5124275, 9814632807 | Facebook: ShaheedeAzamnews | Youtube: @ShaheedeAzamnews

Year: 43 Issue : 39 Chief Editor : Chowdhary Prabhjit Singh, Editor : Chhatarpal Singh 98146-32807, Thursday 23 July 2026 Price : 2 Rs. Page : 6

## ਕਾਂਗਰਸ ਨੇ ਵਿਦਿਆਰਥੀਆਂ ’ਤੇ ਪੁਲਿਸ ਕਾਰਵਾਈ ਵਿਰੁੱਧ ‘ਛਾਤਰੋਂ ਕੀ ਗੂੰਜ’ ਮੁਹਿੰਮ ਕੀਤੀ ਦੇਸ਼-ਵਿਆਪ



**ਨਵੀਂ ਦਿੱਲੀ, 22 ਜੁਲਾਈ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਵਿਦਿਆਰਥੀਆਂ ’ਤੇ ਹੋਈ ਪੁਲੀਸ ਕਾਰਵਾਈ ਦੇ ਵਿਰੋਧ ’ਚ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਨਿਵਾਸ ਅੱਗੇ ਦਿੱਤੇ ਧਰਨੇ ਤੋਂ ਅਗਲੇ ਹੀ ਦਿਨ ਕਾਂਗਰਸ ਨੇ ਆਪਣੀ ‘ਛਾਤਰੋਂ ਕੀ ਗੂੰਜ’ (Chhatron Ki Goonj) ਮੁਹਿੰਮ ਨੂੰ ਦੇਸ਼ ਭਰ ਵਿੱਚ ਵਧਾ ਦਿੱਤਾ ਹੈ। ਪਾਰਟੀ ਨੇ ਸੀਨੀਅਰ ਆਗੂਆਂ ਨੂੰ ਦੇਸ਼ ਭਰ ਦੇ ਕਾਲਜਾਂ, ਯੂਨੀਵਰਸਿਟੀਆਂ ਅਤੇ ਕੋਚਿੰਗ ਸੈਂਟਰਾਂ ’ਚ ਪਹੁੰਚ ਕੇ ਪੇਪਰ ਲੀਕ, ਪ੍ਰੀਖਿਆਵਾਂ ’ਚ ਦੇਰੀ, ਮਹਿੰਗੀ ਹੁੰਦੀ ਸਿੱਖਿਆ ਅਤੇ ਬੇਰੁਜ਼ਗਾਰੀ ਵਰਗੇ ਗੰਭੀਰ ਮੁੱਦਿਆਂ ’ਤੇ ਵਿਦਿਆਰਥੀਆਂ ਨਾਲ ਸਿੱਧੀ ਗੱਲਬਾਤ ਕਰਨ ਦੇ ਨਿਰਦੇਸ਼ ਦਿੱਤੇ ਹਨ।

ਕਾਂਗਰਸ ਦੇ ਜਨਰਲ ਸਕੱਤਰ ਕੇ.ਸੀ. ਵੇਣੂਗੋਪਾਲ ਨੇ ਪਾਰਟੀ ਨੇਤਾਵਾਂ ਨੂੰ ਭੇਜੇ ਇੱਕ ਅਹਿਮ ਸੁਨੇਹੇ ’ਚ ਕਿਹਾ ਕਿ ਦੇਸ਼ ਦਾ ਨੌਜਵਾਨ ਅਤੇ ਵਿਦਿਆਰਥੀ ਲਗਾਤਾਰ ਹੋ ਰਹੇ ਪੇਪਰ ਲੀਕ, ਭਰਤੀ ਪ੍ਰਕਿਰਿਆ ’ਚ ਅਨਿਸ਼ਚਿਤਤਾ ਅਤੇ ਵਧਦੀ ਬੇਰੁਜ਼ਗਾਰੀ ਤੋਂ ਬੇਹੱਦ ਪ੍ਰੇਸ਼ਾਨ ਹਨ। ਉਨ੍ਹਾਂ ਕਿਹਾ ਕਿ ਇਸ ਮੁਹਿੰਮ ਦਾ ਮੁੱਖ ਮਕਸਦ ਸਿੱਖਿਆ ਪ੍ਰਣਾਲੀ ਦੀ ਜਵਾਬਦੇਹੀ ਤੈਅ ਕਰਨਾ ਅਤੇ ਵਿਦਿਆਰਥੀਆਂ ਦੇ ਭਵਿੱਖ ਦੀ ਰਾਖੀ ਲਈ ਸਰਕਾਰ ’ਤੇ ਜਨਤਕ ਦਬਾਅ ਬਣਾਉਣਾ ਹੈ।

ਦੱਸਣਯੋਗ ਹੈ ਕਿ ਰਾਹੁਲ ਗਾਂਧੀ ਨੇ 17 ਜੂਨ ਨੂੰ ਰਾਜਸਥਾਨ ਦੇ ਕੋਟਾ ਤੋਂ ਇਸ ਮੁਹਿੰਮ ਦੀ ਸ਼ੁਰੂਆਤ ਕੀਤੀ ਸੀ, ਜਿਸ ਤੋਂ ਬਾਅਦ 17 ਜੁਲਾਈ ਨੂੰ ਦੇਹਰਾਦੂਨ ਵਿੱਚ ਵੀ ਸਮਾਗਮ ਕਰਵਾਇਆ ਗਿਆ। ਵਿਰੋਧੀ ਧਿਰ ਦੇ ਨੇਤਾ ਰਾਹੁਲ ਗਾਂਧੀ ਨੇ ਦੇਸ਼ ਦੀ ਸਿੱਖਿਆ ਪ੍ਰਣਾਲੀ ਨੂੰ ਮੌਜੂਦਾ ਸਰਕਾਰ ਦੀ ਦੇਖ-ਰੇਖ ਹੇਠ ਫੈਲ ਰਹੇ ‘ਸ਼ੋਸ਼ਣਕਾਰੀ ਅੱਡੇ’ ਤੋਂ ਮੁਕਤ ਕਰਵਾਉਣ ਦਾ ਸੱਦਾ ਦਿੱਤਾ ਹੈ।

ਕਾਂਗਰਸ ਨੇ ਦੋਸ਼ ਲਗਾਇਆ ਕਿ ਮੰਗਲਵਾਰ ਨੂੰ ਪ੍ਰਧਾਨ ਮੰਤਰੀ ਨਿਵਾਸ ਬਾਹਰ ਪ੍ਰਦਰਸ਼ਨ ਦੌਰਾਨ ਦਿੱਲੀ ਪੁਲੀਸ ਵੱਲੋਂ ਪਾਰਟੀ ਪ੍ਰਧਾਨ ਮੱਲਿਕਾਰਜੁਨ ਖੜਗੇ, ਰਾਹੁਲ ਗਾਂਧੀ ਅਤੇ ਪ੍ਰਿਯੰਕਾ ਗਾਂਧੀ ਵਾਡਰਾ ਸਮੇਤ ਹੋਰ ਸੀਨੀਅਰ ਨੇਤਾਵਾਂ ਨਾਲ ਧੱਕਾਮੁੱਕੀ ਅਤੇ ਬਦਸਲੂਕੀ ਕੀਤੀ ਗਈ।

ਪਾਰਟੀ ਨੇ ਕਿਹਾ ਕਿ ਨੌਜਵਾਨਾਂ ਦੇ ਹੱਕਾਂ ਲਈ ਖੜ੍ਹੇ ਹੋਣਾ ਉਨ੍ਹਾਂ ਦੀ ਸਮੂਹਿਕ ਜ਼ਿੰਮੇਵਾਰੀ ਹੈ, ਜਿਸ ਤਹਿਤ ਅੱਜ ਦੇਸ਼ ਭਰ ਦੀਆਂ ਵਿਦਿਅਕ ਸੰਸਥਾਵਾਂ ਵਿੱਚ ਵਿਸ਼ੇਸ਼ ਗੱਲਬਾਤ ਪ੍ਰੋਗਰਾਮ ਉਲੀਕੇ ਗਏ ਹਨ।

## ਨੀਟ ’ਤੇ ਚਰਚਾ ਲਈ ਤਿਆਰ, ਸੜਕੀ ਪ੍ਰਦਰਸ਼ਨਾਂ ਨਾਲ ਕੁਝ ਨਹੀਂ ਬਣੇਗਾ: ਸਰਕਾਰ

**ਨਵੀਂ ਦਿੱਲੀ, 22 ਜੁਲਾਈ**
**-ਚੌਧਰੀ ਪ੍ਰਭਜੀਤ ਸਿੰਘ-**

ਨੀਟ ਪੇਪਰ ਲੀਕ ਮੁੱਦੇ ’ਤੇ ਵਿਰੋਧੀ ਧਿਰ ਦੇ ਹਮਲੇ ਦੇ ਵਿਚਕਾਰ ਸਰਕਾਰ ਨੇ ਬੁੱਧਵਾਰ ਨੂੰ ਕਿਹਾ ਕਿ ਉਹ ਇਸ ਮਾਮਲੇ ’ਤੇ ਲੋਕ ਸਭਾ ਵਿੱਚ ਵਿਸਤ੍ਰਿਤ ਚਰਚਾ ਕਰਨ ਲਈ ਤਿਆਰ ਹੈ, ਨਾਲ ਹੀ ਇਹ ਸਪੱਸ਼ਟ ਕੀਤਾ ਕਿ ਸੜਕਾਂ ’ਤੇ ਪ੍ਰਦਰਸ਼ਨ ਕਰਨ ਨਾਲ ਕੋਈ ਨਤੀਜਾ ਨਹੀਂ ਨਿਕਲੇਗਾ। ਜਿਵੇਂ ਹੀ ਲੋਕ ਸਭਾ ਪਹਿਲਾਂ ਮੁਅੱਤਲ ਹੋਣ ਤੋਂ ਬਾਅਦ ਦੁਪਹਿਰ 12 ਵਜੇ ਦੁਬਾਰਾ ਜੁੜੀ, ਲੋਕ ਸਭਾ ਸਪੀਕਰ ਓਮ ਬਿਰਲਾ ਨੇ ਸੰਸਦੀ ਮਾਮਲਿਆਂ ਬਾਰੇ ਮੰਤਰੀ ਕਿਰਨ ਰਿਜਿਜੂ ਨੂੰ ਬਿਆਨ ਦੇਣ ਲਈ ਕਿਹਾ, ਪਰ ਕਾਂਗਰਸ ਆਗੂ ਕੇ.ਸੀ. ਵੇਣੂਗੋਪਾਲ ਨੇ ਇਹ ਦਾਅਵਾ ਕਰਨ ਲਈ ਦਖ਼ਲ ਦਿੱਤਾ ਕਿ ਵਿਰੋਧੀ ਧਿਰ ਸਿੱਖਿਆ ਮੰਤਰੀ ਧਰਮਿੰਦਰ ਪ੍ਰਧਾਨ ਦੇ ਅਸਤੀਫ਼ੇ ਦੀ ਵੀ ਮੰਗ ਕਰ ਰਹੀ ਹੈ। ਵੇਣੂਗੋਪਾਲ ਨੇ ਕਿਹਾ, ਸਾਡੀ ਮੰਗ ਸਪੱਸ਼ਟ ਹੈ। ਜਦੋਂ ਪੂਰਾ ਦੇਸ਼ ਸਾਡੇ ਵਿਦਿਆਰਥੀਆਂ ਦਾ ਦਰਦ ਮਹਿਸੂਸ ਕਰ ਰਿਹਾ ਹੈ — ਸਦਨ ਦੇ ਬਾਕੀ ਸਾਰੇ ਕੰਮਕਾਜ ਨੂੰ ਇਕ ਪਾਸੇ ਰੱਖਿਆ ਜਾਣਾ ਚਾਹੀਦਾ ਹੈ ਅਤੇ ਇਸ ਭਖਦੇ ਮੁੱਦੇ ਨੂੰ ਸੰਸਦ ਲਈ ਸਭ ਤੋਂ ਪਹਿਲੀ ਤਰਜੀਹ ਬਣਾਇਆ ਜਾਣਾ ਚਾਹੀਦਾ ਹੈ। ਰਿਜਿਜੂ ਨੇ ਕਿਹਾ ਕਿ ਸਰਕਾਰ NEET ਪੇਪਰ ਲੀਕ ਮੁੱਦੇ ’ਤੇ ਚਰਚਾ ਕਰਨ ਲਈ ਤਿਆਰ ਹੈ, ਪਰ ਸਪੀਕਰ ਨੂੰ ਉਸ ਨਿਯਮ, ਮਿਤੀ ਅਤੇ ਮਿਆਦ ਬਾਰੇ ਫ਼ੈਸਲਾ ਕਰਨ ਲਈ ਸਾਰੀਆਂ ਪਾਰਟੀਆਂ ਦੇ ਫਲੋਰ ਲੀਡਰਾਂ ਨਾਲ ਮੀਟਿੰਗ ਕਰਨੀ ਪਵੇਗੀ ਜਿਸ ਤਹਿਤ ਚਰਚਾ ਕੀਤੀ ਜਾਵੇਗੀ। ਬਾਅਦ ਵਿੱਚ, ਪੱਤਰਕਾਰਾਂ ਨਾਲ ਗੱਲ ਕਰਦਿਆਂ, ਰਿਜਿਜੂ ਨੇ ਕਿਹਾ ਕਿ ਸਰਕਾਰ ਵਿਸਤ੍ਰਿਤ ਚਰਚਾ ਲਈ ਤਿਆਰ ਹੈ ਕਿਉਂਕਿ ਲੋਕਾਂ ਨੂੰ ਸਰਕਾਰ ਵੱਲੋਂ ਚੁੱਕੇ ਗਏ ਕਦਮਾਂ ਬਾਰੇ ਪਤਾ ਹੋਣਾ ਚਾਹੀਦਾ ਹੈ।




ਨੀਟ (ਯੂ.ਜੀ.)-2026 ਦੇ ਪੇਪਰ ਲੀਕ ਹੋਣ ਨੂੰ ਲੈ ਕੇ Cockroach Janata Party ਦੇ ਸਮਰਥਕਾਂ ਵੱਲੋਂ ਦਿੱਲੀ ਵਿੱਚ ਹੰਗਾਮਾ ਕਰਨ ਦੇ ਇੱਕ ਦਿਨ ਬਾਅਦ, ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਕਿਹਾ ਕਿ ਅਪਰਾਧ ਦੇ ਦੋਸ਼ੀਆਂ ਨੂੰ ਬਖ਼ਸ਼ਿਆ ਨਹੀਂ ਜਾਵੇਗਾ ਅਤੇ ਉਨ੍ਹਾਂ ਨੂੰ ਵੱਧ ਤੋਂ ਵੱਧ ਸੰਭਵ ਸਜ਼ਾ ਦਿੱਤੀ ਜਾਵੇਗੀ। ਅੰਦੋਲਨ ਸ਼ੁਰੂ ਹੋਣ ਤੋਂ ਬਾਅਦ ਪਹਿਲੀ ਇਸ ਮੁੱਦੇ ’ਤੇ ਬੋਲਦਿਆਂ, ਪ੍ਰਧਾਨ ਮੰਤਰੀ ਨੇ ਕਿਹਾ ਕਿ ਪੇਪਰ ਲੀਕ ਕੋਈ ਪੱਖਪਾਤੀ ਮੁੱਦਾ ਨਹੀਂ ਹੈ ਅਤੇ ਇਸ ਦਾ ਸਿਆਸੀਕਰਨ ਨਹੀਂ ਕੀਤਾ ਜਾਣਾ ਚਾਹੀਦਾ ਹੈ। ਸੀਜੇਪੀ ਦੇ ਪ੍ਰਦਰਸ਼ਨਾਂ ਤੋਂ ਬਾਅਦ ਦਿੱਲੀ ਪੁਲੀਸ ਵੱਲੋਂ ਵੱਖ ਵੱਖ ਥਾਣਿਆਂ ਵਿੱਚ 10 FIRs ਦਰਜ ਕੀਤੀਆਂ ਗਈਆਂ ਹਨ। ਦੂਜੇ ਪਾਸੇ ਸੀਜੇਪੀ ਦੇ ਇੱਕ ਬੁਲਾਰੇ ਨੇ ਦੱਸਿਆ ਕਿ ਕੇਂਦਰੀ ਮੰਤਰੀ ਜੇ ਪੀ ਨੱਢਾ ਵੱਲੋਂ ਦੁਪਹਿਰ 12 ਵਜੇ ਮੀਟਿੰਗ ਲਈ ਸੱਦਾ ਦਿੱਤਾ ਗਿਆ ਸੀ, ਪਰ ਉਨ੍ਹਾਂ ਨੂੰ ਇੱਥੇ ਆਉਣਾ ਚਾਹੀਦਾ ਹੈ। ਸੰਸਦ ਮੁੜ ਜੁੜਨ ਮੌਕੇ ਸਰਕਾਰ ਨੇ ਬੁੱਧਵਾਰ ਨੂੰ ਲੋਕ ਸਭਾ ਵਿੱਚ ਕਿਹਾ ਕਿ ਉਹ ©55“ ਪੇਪਰ ਲੀਕ ਮੁੱਦੇ ’ਤੇ ਚਰਚਾ ਕਰਨ ਲਈ ਤਿਆਰ ਹੈ ਅਤੇ ਸਪੀਕਰ ਓਮ ਬਿਰਲਾ ਨੂੰ ਬੇਨਤੀ ਕੀਤੀ ਕਿ ਉਹ ਬਹਿਸ ਦੇ ਨਿਯਮ, ਮਿਤੀ ਅਤੇ ਮਿਆਦ ਬਾਰੇ ਫ਼ੈਸਲਾ ਕਰਨ ਲਈ ਸਾਰੀਆਂ ਪਾਰਟੀਆਂ ਦੀ ਮੀਟਿੰਗ ਬੁਲਾਉਣ। ਦੇਸ਼ ਦੀ ਸਿੱਖਿਆ ਪ੍ਰਣਾਲੀ, ਨੀਟ ਪੇਪਰ ਲੀਕ ਮਾਮਲੇ ਅਤੇ ਵਿਦਿਆਰਥੀਆਂ ਦੇ ਭਵਿੱਖ ਨਾਲ ਜੁੜੇ ਮੁੱਦਿਆਂ ਨੂੰ ਲੈ ਕੇ ਕਾਂਗਰਸ ਪਾਰਟੀ ਨੇ ਕੇਂਦਰ ਦੀ ਮੋਦੀ ਸਰਕਾਰ ਵਿਰੁੱਧ ਆਪਣਾ ਸੰਘਰਸ਼ ਹੋਰ ਤੇਜ਼ ਕਰ ਦਿੱਤਾ ਹੈ। ਇਸੇ ਲੜੀ ਤਹਿਤ ਬਠਿੰਡਾ ਵਿਖੇ ਪੰਜਾਬ ਦੇ ਸਾਬਕਾ ਸਿੱਖਿਆ ਮੰਤਰੀ ਵਿਜੈ ਇੰਦਰ ਸਿੰਗਲਾ ਨੇ ਵਿਦਿਆਰਥੀਆਂ ਨਾਲ ਗੱਲਬਾਤ ਕਰਦਿਆਂ ਉਨ੍ਹਾਂ ਦੀਆਂ ਸਮੱਸਿਆਵਾਂ ਸੁਣੀਆਂ ਅਤੇ ਸਿੱਖਿਆ ਪ੍ਰਣਾਲੀ ਦੀ ਮੌਜੂਦਾ ਸਥਿਤੀ ’ਤੇ ਗੰਭੀਰ ਚਿੰਤਾ ਪ੍ਰਗਟ ਕੀਤੀ।ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸਿੰਗਲਾ ਨੇ ਦੋਸ਼ ਲਾਇਆ ਕਿ ਨੀਟ ਪੇਪਰ ਲੀਕ ਮਾਮਲੇ ਨੂੰ ਕਈ ਹਫ਼ਤੇ ਬੀਤ ਜਾਣ ਦੇ ਬਾਵਜੂਦ ਕੇਂਦਰ ਸਰਕਾਰ ਨੇ ਕੋਈ ਠੋਸ ਕਦਮ ਨਹੀਂ ਚੁੱਕਿਆ। ਉਨ੍ਹਾਂ ਕਿਹਾ ਕਿ ਦੇਸ਼ ਦੇ ਲੱਖਾਂ ਵਿਦਿਆਰਥੀਆਂ ਦੇ ਭਵਿੱਖ ਨਾਲ ਖਿਲਵਾੜ ਹੋ ਰਿਹਾ ਹੈ, ਪਰ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵੱਲੋਂ ਸਿੱਖਿਆ ਮੰਤਰੀ ਧਰਮਿੰਦਰ ਪ੍ਰਧਾਨ ਤੋਂ ਅਜੇ ਤੱਕ ਜਵਾਬਦੇਹੀ ਨਹੀਂ ਮੰਗੀ ਗਈ। ਸਿੰਗਲਾ ਨੇ ਕਿਹਾ ਕਿ ਜਦੋਂ ਵਿਦਿਆਰਥੀ ਅਤੇ ਵਿਰੋਧੀ ਧਿਰਾਂ ਇਸ ਮਾਮਲੇ ’ਤੇ ਆਵਾਜ਼ ਉਠਾਉਂਦੀਆਂ ਹਨ ਤਾਂ ਉਨ੍ਹਾਂ ਨੂੰ ਪੁਲੀਸ ਕਾਰਵਾਈ ਅਤੇ ਲਾਠੀਚਾਰਜ ਦਾ ਸਾਹਮਣਾ ਕਰਨਾ ਪੈਂਦਾ ਹੈ। ਉਨ੍ਹਾਂ ਦਿੱਲੀ ਵਿੱਚ ਕਾਂਗਰਸ ਆਗੂਆਂ ਮੱਲਿਕਾਰਜੁਨ ਖੜਗੇ, ਰਾਹੁਲ ਗਾਂਧੀ ਅਤੇ ਪ੍ਰਿਅੰਕਾ ਗਾਂਧੀ ਨਾਲ ਹੋਏ ਵਿਵਹਾਰ ਦੀ ਨਿੰਦਾ ਕਰਦਿਆਂ ਗ੍ਰਹਿ ਮੰਤਰੀ ਅਮਿਤ ਸ਼ਾਹ ਅਤੇ ਸਿੱਖਿਆ ਮੰਤਰੀ ਧਰਮਿੰਦਰ ਪ੍ਰਧਾਨ ਦੇ ਤੁਰੰਤ ਅਸਤੀਫ਼ਿਆਂ ਦੀ ਮੰਗ ਕੀਤੀ।

ਡੀ.ਐੱਮ.ਆਰ.ਸੀ. ਨੇ ਦੱਸਿਆ ਕਿ ਬੁੱਧਵਾਰ ਸਵੇਰੇ ਮੱਧ ਦਿੱਲੀ ਵਿੱਚ ਜਨਪਥ, ਰਾਜੀਵ ਚੌਕ, ਪਟੇਲ ਚੌਕ ਅਤੇ ਸੈਂਟਰਲ ਸਕੱਤਰੇਤ ਮੈਟਰੋ ਸਟੇਸ਼ਨ ਬੰਦ ਕਰ ਦਿੱਤੇ ਗਏ। ਇਹ ਜੰਤਰ-ਮੰਤਰ ਵਿਖੇ ਚੱਲ ਰਹੇ ਕਾਕਰੋਚ ਜਨਤਾ ਪਾਰਟੀ ਦੇ ਪ੍ਰਦਰਸ਼ਨ ਦੇ ਮੱਦੇਨਜ਼ਰ ਸਾਹਮਣੇ ਆਇਆ ਹੈ। ਦਿੱਲੀ ਮੈਟਰੋ ਰੇਲ ਕਾਰਪੋਰੇਸ਼ਨ ਨੇ ਐਕਸ ’ਤੇ ਇੱਕ ਪੋਸਟ ਵਿੱਚ ਕਿਹਾ, ਸੁਰੱਖਿਆ ਕਾਰਨਾਂ ਕਰਕੇ, ਜਨਪਥ, ਰਾਜੀਵ ਚੌਕ, ਪਟੇਲ ਚੌਕ ਅਤੇ ਸੈਂਟਰਲ ਸਕੱਤਰੇਤ ਮੈਟਰੋ ਸਟੇਸ਼ਨ ਅਗਲੇ ਹੁਕਮਾਂ ਤੱਕ ਬੰਦ ਕਰ ਦਿੱਤੇ ਗਏ ਹਨ।

## ਨਵੇਂ ਰਾਸ਼ਨ ਕਾਰਡ ਬਨਾਉਣ ਤੇ ਮੌਜੂਦਾ ਰਾਸ਼ਨ ਕਾਰਡਾਂ ‘ਚ ਮੈਂਬਰ ਸ਼ਾਮਲ ਕਰਨ ਲਈ ਅਰਜ਼ੀਆਂ 11 ਅਗਸਤ ਤੱਕ ਲਈਆਂ ਜਾਣਗੀਆਂ : ਡਾ. ਰਵਿੰਦਰ ਕੌਰ

**ਪਟਿਆਲਾ, 22 ਜੁਲਾਈ**
**-ਜੀ. ਐਸ. ਤੁੰਗ-**

ਪਟਿਆਲਾ ਦੇ ਜ਼ਿਲ੍ਹਾ ਕੰਟਰੋਲਰ, ਖ਼ੁਰਾਕ, ਸਿਵਲ ਸਪਲਾਈਜ਼ ਅਤੇ ਖਪਤਕਾਰ ਮਾਮਲੇ ਡਾ. ਰਵਿੰਦਰ ਕੌਰ ਨੇ ਦੱਸਿਆ ਹੈ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਵਲੋਂ ਕੀਤੇ ਐਲਾਨ ਅਤੇ ਪੰਜਾਬ ਸਰਕਾਰ ਵਲੋਂ ਲਏ ਫੈਸਲੇ ਅਨੁਸਾਰ ਨੈਸ਼ਨਲ ਫੂਡ ਸਿਕਿਊਰਿਟੀ ਐਕਟ, 2013/ਸਮਾਰਟ ਰਾਸ਼ਨ ਕਾਰਡ ਸਕੀਮ ਅਧੀਨ ਨਵੇਂ ਰਾਸ਼ਨ ਕਾਰਡ ਬਨਾਉਣ ਅਤੇ ਮੌਜੂਦਾ ਰਾਸ਼ਨ ਕਾਰਡਾਂ ਵਿੱਚ ਮੈਂਬਰ ਸ਼ਾਮਲ ਕਰਨ ਲਈ ਆਨਲਾਇਨ ਅਰਜ਼ੀਆਂ ਪ੍ਰਾਪਤ ਕੀਤੀਆਂ ਜਾਣੀਆਂ ਹਨ। ਉਨ੍ਹਾਂ ਦੱਸਿਆ ਕਿ ਇਸ ਪਹਿਲਕਦਮੀ ਦਾ ਉਦੇਸ਼ ਇਹ ਯਕੀਨੀ ਬਣਾਉਣਾ ਹੈ ਕਿ ਯੋਗ ਪਰਿਵਾਰਾਂ/ਲਾਭਪਾਤਰੀਆਂ ਨੂੰ ਇੱਕ ਪਾਰਦਰਸ਼ੀ, ਨਿਰਪੱਖ ਅਤੇ ਤਕਨਾਲੋਜੀ-ਅਧਾਰਿਤ ਪ੍ਰਕਿਰਿਆ ਰਾਹੀਂ ਸ਼ਾਮਲ ਕੀਤਾ ਜਾਵੇ।ਨਵੇਂ ਰਾਸ਼ਨ ਕਾਰਡ ਬਣਾਉਣ ਜਾਂ ਮੌਜੂਦਾ ਰਾਸ਼ਨ ਕਾਰਡਾਂ ਵਿੱਚ ਮੈਂਬਰ ਸ਼ਾਮਲ ਕਰਨ ਲਈ ਫਾਰਮ, ਅੰਗਰੇਜ਼ੀ ਅਤੇ ਪੰਜਾਬੀ ਭਾਸ਼ਾ ਵਿੱਚ ਵਿਭਾਗੀ ਵੈਬਸਾਇਟ http://foodsuppb.gov.in ਤੋਂ ਡਾਊਨਲੋਡ ਕੀਤੇ ਜਾ ਸਕਦੇ ਹਨ। ਡਾ. ਰਵਿੰਦਰ ਕੌਰ ਨੇ ਦੱਸਿਆ ਕਿ ਬਿਨੈਕਾਰ ਫਾਰਮ ਭਰਨ ਤੋਂ ਪਹਿਲਾਂ ਫਾਰਮ ਦੇ ਨਾਲ ਦਿੱਤੀਆਂ ਹਦਾਇਤਾਂ ਨੂੰ ਧਿਆਨ ਨਾਲ ਪੜ੍ਹਨ ਅਤੇ ਲੋੜੀਂਦੇ ਦਸਤਾਵੇਜ਼ਾਂ ਸਮੇਤ ਹੀ ਮੁਕੰਮਲ ਅਰਜ਼ੀ ਜਮ੍ਹਾਂ ਕਰਵਾਉਣ।ਬਿਨੈਕਾਰ ਆਪਣੀਆਂ ਅਰਜ਼ੀਆਂ ਨਜ਼ਦੀਕੀ ਸੇਵਾ ਕੇਂਦਰ/



ਕਾਮਨ ਸਰਵਿਸ ਸੈਂਟਰ (ਸੀਐਸਸੀ)ਜਾ ਕੇ ਅਨਲਾਇਨ ਜਮ੍ਹਾਂ ਕਰਵਾ ਸਕਦਾ ਹੈ। ਸੇਵਾ ਕੇਂਦਰ/ਸੀਐਸਸੀ ਰਾਹੀਂ ਅਰਜ਼ੀ ਸਫਲਤਾਪੂਰਵਕ ਜਮ੍ਹਾਂ ਹੋਣ ‘ਤੇ ਬਿਨੈਕਾਰ ਨੂੰ 100 ਰੁਪਏ ਪ੍ਰਤੀ ਫਾਰਮ ਪ੍ਰੋਸੈਸਿੰਗ ਫੀਸ ਵੀ ਜਮ੍ਹਾਂ ਕਰਵਾਉਣੀ ਪਵੇਗੀ। ਜ਼ਿਲ੍ਹਾ ਕੰਟਰੋਲਰ, ਖੁਰਾਕ, ਸਿਵਲ ਸਪਲਾਈਜ਼ ਅਤੇ ਖਪਤਕਾਰ ਮਾਮਲੇ ਨੇ ਹੋਰ ਕਿਹਾ ਕਿ ਬਿਨੈਕਾਰ ਆਪਣੀ ਅਰਜ਼ੀ ਖੁੱਦ ਵੀ ਸਿੱਧੇ ਤੌਰ ‘ਤੇ https://ercms.punjab.gov.in ਪੋਰਟਲ ਰਾਹੀਂ ਆਨਲਾਈਨ ਜਮ੍ਹਾਂ ਕਰਵਾ ਸਕਦੇ ਹਨ ਅਤੇ ਫਾਰਮ ਆਨਲਾਈਨ ਜਮ੍ਹਾਂ ਕਰਵਾਉਣ ਲਈ ਬਿਨੈਕਾਰ ਨੂੰ ਕੋਈ ਵੀ ਫੀਸ ਨਹੀਂ ਦੇਣੀ ਪਵੇਗੀ।ਇਸ ਤੋਂ ਇਲਾਵਾ ਬਿਨੈਕਾਰ ਆਪਣਾ ਫਾਰਮ ਸਮੇਤ ਦਸਤਾਵੇਜ ਅਤੇ 100 ਰੁਪਏ ਪ੍ਰਤੀ ਫਾਰਮ ਫੀਸ ਜ਼ਿਲ੍ਹਾ ਕੰਟਰੋਲਰ, ਖੁਰਾਕ ਸਿਵਲ ਸਪਲਾਇਜ਼ ਅਤੇ ਖਪਤਕਾਰ ਮਾਮਲੇ, ਪਟਿਆਲਾ ਦੇ ਦਫ਼ਤਰ ਦੇ ਕਮਰਾ ਨੰਬਰ ਨੰਬਰ 417, ਏ ਬਲਾਕ ਮਿੰਨੀ ਸਕੱਤਰੇਤ ਪਟਿਆਲਾ ਵਿਖੇ ਵੀ ਜਮ੍ਹਾਂ ਕਰਵਾ ਸਕਦਾ ਹੈ।

ਫਾਰਮ ਸਫਲਤਾਪੂਰਵਕ ਆਨਲਾਇਨ ਜਮ੍ਹਾਂ ਹੋਣ ਤੇ ਬਿਨੇਕਾਰ ਨੂੰ ਉਸਦੇ ਮੋਬਾਇਲ ਨੰਬਰ ‘ਤੇ ਫਾਰਮ ਪ੍ਰਾਪਤੀ ਦਾ ਮੈਸਜ ਸਮੇਤ ਰਸੀਦ ਨੰਬਰ ਪ੍ਰਾਪਤ ਹੋਵੇਗਾ। ਉਨ੍ਹਾਂ ਅੱਗੇ ਦੱਸਿਆ ਕਿ ਅਰਜੀਆਂ ਮਿਤੀ 22. ਜੁਲਾਈ 2026 ਤੋਂ ਲੈਕੇ 11 ਅਗਸਤ 2026 ਦੌਰਾਨ ਹੀ ਪ੍ਰਾਪਤ ਕੀਤੀਆਂ ਜਾਣਗੀਆਂ ਅਤੇ ਬਿਨੈਕਾਰ ਕਿਸੇ ਵੀ ਕੰਮਕਾਜੀ ਦਿਨ ਦੌਰਾਨ ਸਵੇਰੇ 9 ਵਜੇ ਤੋਂ ਸ਼ਾਮ 5 ਵਜੇ ਤੱਕ ਆਨਲਾਇਨ ਵਿਧੀ ਰਾਹੀਂ ਸੇਵਾ ਕੇਂਦਰ/ ਕਾਮਨ ਸਰਵਿਸ ਸੈਂਟਰ ਵਿਖੇ ਜਾਂ ਆਫਲਾਇਨ ਵਿਧੀ ਰਾਹੀਂ ਜ਼ਿਲ੍ਹਾ ਕੰਟਰੋਲਰ, ਖੁਰਾਕ ਸਿਵਲ ਸਪਲਾਈਜ਼ ਅਤੇ ਖਪਤਕਾਰ ਮਾਮਲੇ, ਪਟਿਆਲਾ ਦੇ ਦਫਤਰ ਵਿੱਖੇ ਫਾਰਮ ਜਮ੍ਹਾਂ ਕਰਵਾ ਸਕਦਾ ਹੈ।

ਡਾ. ਰਵਿੰਦਰ ਕੌਰ ਨੇ ਦੱਸਿਆ ਕਿ ਵਧੇਰੇ ਜਾਣਕਾਰੀ ਲਈ ਬਿਨੈਕਾਰ ਜ਼ਿਲ੍ਹਾ ਕੰਟਰੋਲਰ, ਖੁਰਾਕ, ਸਿਵਲ ਸਪਲਾਈਜ਼ ਅਤੇ ਖਪਤਕਾਰ ਮਾਮਲੇ, ਪਟਿਆਲਾ ਦਫ਼ਤਰ (ਮੋਬਾਇਲ ਨੰਬਰ 94655-24655, 95929-92726, 97791-41428, 94175-43643, 84271-00229, 95692-70956, 98782-00096, 98551-26274, 94652-24234, 81958-17769, 89686-00493, 98148-55233, 98884-91665, 70094-88358, 97791-41552) ਜਾਂ ਨਜ਼ਦੀਕੀ ਸੇਵਾ ਕੇਂਦਰ/ਕਾਮਨ ਸਰਵਿਸ ਸੈਂਟਰ ਨਾਲ ਸੰਪਰਕ ਕਰ ਸਕਦੇ ਹਨ।




## ਨਾਬਾਲਗਾਂ ਵੱਲੋਂ ਗੱਡੀ ਚਲਾਉਣ ਅਤੇ ਖਤਰਨਾਕ ਡਰਾਈਵਿੰਗ ਵਿਰੁੱਧ ਜ਼ੀਰੋ ਟਾਲਰੈਂਸ: ਹਰਪਾਲ ਸਿੰਘ ਚੀਮ

**ਚੰਡੀਗੜ੍ਹ 22 ਜੁਲਾਈ**
**-ਛਤਰਪਾਲ ਸਿੰਘ-**

ਸੜਕ ਸੁਰੱਖਿਆ ਨਿਯਮਾਂ ਨੂੰ ਸਖ਼ਤੀ ਨਾਲ ਲਾਗੂ ਕਰਨ ਅਤੇ ਮੋਟਰ ਵਹੀਕਲ ਐਕਟ, 1988 ਦੀ ਪਾਲਣਾ ਨੂੰ ਬਿਹਤਰ ਬਣਾਉਣ ਲਈ, ਪੰਜਾਬ ਦੇ ਵਿੱਤ ਅਤੇ ਟਰਾਂਸਪੋਰਟ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਅੱਜ ਇਥੇ ਕਈ ਵੱਡੇ ਕਦਮ ਚੁੱਕਣ ਦਾ ਐਲਾਨ ਕੀਤਾ। ਨਵੇਂ ਦਿਸ਼ਾ-ਨਿਰਦੇਸ਼ ਰਾਹੀਂ ਨਾਗਰਿਕਾਂ ਲਈ ਗਲਤ ਈ-ਚਲਾਨਾਂ ਨੂੰ ਚੁਣੌਤੀ ਦੇਣ ਲਈ ਇੱਕ ਪਾਰਦਰਸ਼ੀ ਵਿਧੀ ਸਥਾਪਤ ਕਰਨ ਦੇ ਨਾਲ-ਨਾਲ ਖਤਰਨਾਕ ਡਰਾਈਵਿੰਗ, ਨਾਬਾਲਗਾਂ ਵੱਲੋਂ ਡਰਾਈਵਿੰਗ ਅਤੇ ਸਮਾਂ ਪੁਗਾ ਚੁੱਕੇ ਵਾਹਨ ਰਿਕਾਰਡਾਂ ਲਈ ਸਖ਼ਤ ਜ਼ੁਰਮਾਨੇ ਲਾਗੂ ਕੀਤੇ ਗਏ ਹਨ।

ਇੱਥੇ ਜਾਰੀ ਇੱਕ ਪ੍ਰੈਸ ਬਿਆਨ ਵਿੱਚ ਇਸ ਦਾ ਖੁਲਾਸਾ ਕਰਦਿਆਂ ਟਰਾਂਸਪੋਰਟ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਟਰਾਂਸਪੋਰਟ ਵਿਭਾਗ ਨੇ ਈ-ਚਲਾਨ ਵਿਵਾਦਾਂ ਦੇ ਕੁਸ਼ਲ ਅਤੇ ਅਧਿਕਾਰ ਖੇਤਰ-ਵਿਸ਼ੇਸ਼ ਨਿਪਟਾਰੇ ਨੂੰ ਯਕੀਨੀ ਬਣਾਉਣ ਲਈ ਰਾਜ ਭਰ ਵਿੱਚ ਜ਼ਿਲ੍ਹਾ ਸ਼ਿਕਾਇਤ ਨਿਵਾਰਨ ਸੈੱਲ ਸਥਾਪਤ ਕੀਤੇ ਹਨ। ਉਨ੍ਹਾਂ ਕਿਹਾ, ਪ੍ਰਭਾਵਿਤ ਨਾਗਰਿਕਾਂ ਕੋਲ ਹੁਣ ਗਲਤ ਤਰੀਕੇ ਨਾਲ ਜਾਰੀ ਕੀਤੇ ਗਏ ਚਲਾਨ ਨੂੰ ਚੁਣੌਤੀ ਦੇਣ ਲਈ 45 ਦਿਨਾਂ ਦਾ ਸਮਾਂ ਹੈ। ਆਪਣਾ ਪੱਖ ਸਾਬਤ ਕਰਨ ਲਈ ਵਾਹਨ ਮਾਲਕ ਡੀਆਰਸੀ ਨੂੰ ਲੋੜੀਂਦੇ ਸਬੂਤ ਜਮ੍ਹਾਂ ਕਰਵਾ ਸਕਦੇ ਹਨ, ਜਿਸ ਵਿੱਚ ਡੈਸ਼ਕੈਮ ਫੁਟੇਜ, ਫੋਟੋਆਂ, ਵੀਡੀਓ ਕਲਿੱਪ ਜਾਂ ਗਵਾਹਾਂ ਦੇ ਬਿਆਨ ਆਦਿ ਸ਼ਾਮਲ ਹਨ।

ਵਾਹਨ ਰਜਿਸਟ੍ਰੇਸ਼ਨ ਦੇ ਸਹੀ ਡੇਟਾ ਦੀ ਜ਼ਰੂਰਤ ’ਤੇ ਜ਼ੋਰ ਦਿੰਦਿਆਂ ਟਰਾਂਸਪੋਰਟ ਮੰਤਰੀ ਨੇ ਚੇਤਾਵਨੀ ਦਿੱਤੀ ਕਿ ਮਲਕੀਅਤ ਜਾਂ ਪਤੇ ਦੇ ਰਿਕਾਰਡ ਨੂੰ ਅਪਡੇਟ ਕਰਨ ਵਿੱਚ ਅਸਫਲ ਰਹਿਣ ’ਤੇ ਹੁਣ ਸਖ਼ਤ ਜੁਰਮਾਨਾ ਲਗਾਇਆ ਜਾਵੇਗਾ।

ਉਨ੍ਹਾਂ ਕਿਹਾ, ਮੋਟਰ ਵਹੀਕਲ ਐਕਟ ਦੇ ਤਹਿਤ ਵਾਹਨ ਮਾਲਕਾਂ ਲਈ 30 ਦਿਨਾਂ ਦੇ ਅੰਦਰ ਪਤੇ ਵਿੱਚ ਤਬਦੀਲੀ ਬਾਰੇ ਰਜਿਸਟਰਿੰਗ ਅਥਾਰਟੀ ਨੂੰ ਅਪਡੇਟ ਕਰਨਾ ਲਾਜ਼ਮੀ ਹੈ। ਮਲਕੀਅਤ ਦੇ ਤਬਾਦਲੇ ਲਈ, ਜੇਕਰ ਤਬਾਦਲਾ ਪੰਜਾਬ ਦੇ ਅੰਦਰ ਹੁੰਦਾ ਹੈ ਤਾਂ 14 ਦਿਨਾਂ ਦੇ ਅੰਦਰ ਅਥਾਰਟੀਆਂ ਨੂੰ ਸੂਚਿਤ ਕਰਨਾ ਲਾਜ਼ਮੀ ਹੈ, ਅਤੇ ਜੇਕਰ ਇਹ ਰਾਜ ਤੋਂ ਬਾਹਰ ਹੈ ਤਾਂ 45



ਦਿਨਾਂ ਦੇ ਅੰਦਰ ਸੂਚਿਤ ਕਰਨਾ ਲਾਜ਼ਮੀ ਹੈ। ਅਜਿਹਾ ਨਾ ਕਰਨ ’ਤੇ ਪਹਿਲੀ ਵਾਰ ਅਪਰਾਧ ਲਈ 500 ਰੁਪਏ ਅਤੇ ਬਾਅਦ ਵਿੱਚ ਹਰੇਕ ਅਪਰਾਧ ਲਈ 1,500 ਰੁਪਏ ਦਾ ਜੁਰਮਾਨਾ ਲਗਾਇਆ ਜਾਵੇਗਾ।

ਟਰਾਂਸਪੋਰਟ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਨੇ ਅਧਿਕਾਰਤ ਤੌਰ ’ਤੇ ਖਤਰਨਾਕ ਡਰਾਈਵਿੰਗ ਨੂੰ ਗੈਰ-ਕੰਪਾਊਂਡੇਬਲ (ਗੈਰ-ਸਮਝੌਤਾਯੋਗ) ਅਪਰਾਧ ਕਰਾਰ ਦਿੱਤਾ ਹੈ, ਅਤੇ ਇਸ ਦਾ ਨਿਪਟਾਰਾ ਮੌਕੇ ’ਤੇ ਸਿਰਫ਼ ਜੁਰਮਾਨਾ ਭਰ ਕੇ ਨਹੀਂ ਕੀਤਾ ਜਾ ਸਕਦਾ। ਉਨ੍ਹਾਂ ਅੱਗੇ ਕਿਹਾ, ਮੋਟਰ ਵਹੀਕਲ ਐਕਟ ਦੀ ਧਾਰਾ 184 ਦੇ ਤਹਿਤ ਆਉਂਦੇ ਅਪਰਾਧਾਂ ਜਿਵੇਂ ਕਿ ਲਾਲ ਬੱਤੀ ਜੰਪ ਕਰਨਾ, ਸਟਾਪ ਚਿੰਨ੍ਹਾਂ ਦੀ ਉਲੰਘਣਾ ਕਰਨਾ, ਆਵਾਜਾਈ ਦੇ ਅਧਿਕਾਰਤ ਪ੍ਰਵਾਹ ਦੇ ਉਲਟ (ਗਲਤ ਦਿਸ਼ਾ ਵਿੱਚ) ਗੱਡੀ ਚਲਾਉਣਾ, ਅਤੇ ਸ਼ਰਾਬ ਜਾਂ ਨਸ਼ੇ ਦੀ ਹਾਲਤ ਵਿੱਚ ਗੱਡੀ ਚਲਾਉਣ ਵਾਲਿਆਂ ਨੂੰ ਹੁਣ ਸਖ਼ਤ ਕਾਨੂੰਨੀ ਕਾਰਵਾਈ ਦਾ ਸਾਹਮਣਾ ਕਰਨਾ ਪਵੇਗਾ।

ਟਰਾਂਸਪੋਰਟ ਮੰਤਰੀ ਚੀਮਾ ਨੇ ਨਾਬਾਲਗਾਂ ਵੱਲੋਂ ਗੱਡੀ ਚਲਾਉਣ ਸਬੰਧੀ ਵੀ ਸਖ਼ਤ ਚੇਤਾਵਨੀ ਦਿੰਦਿਆਂ ਕਿਹਾ ਕਿ ਨਾਬਾਲਗ ਅਪਰਾਧਾਂ ਵਿੱਚ ਕੋਈ ਛੋਟ/ਸਮਝੌਤਾ ਨਹੀਂ ਹੋਵੇਗਾ। ਉਨ੍ਹਾਂ ਕਿਹਾ, ਨਾਬਾਲਗ ਵੱਲੋਂ ਡਰਾਈਵਿੰਗ ਅਪਰਾਧ ਕੀਤੇ ਜਾਣ ਦੀ ਸੂਰਤ ਵਿੱਚ ਮਾਪੇ, ਸਰਪ੍ਰਸਤ ਜਾਂ ਵਾਹਨ ਮਾਲਕਾਂ ਨੂੰ ਸਖ਼ਤੀ ਨਾਲ ਜ਼ਿੰਮੇਵਾਰ ਠਹਿਰਾਇਆ ਜਾਵੇਗਾ।

ਇਸ ਦੇ ਨਤੀਜਿਆਂ ਵਿੱਚ ਭਾਰੀ ਜੁਰਮਾਨੇ, ਵਾਹਨ ਦੀ ਰਜਿਸਟ੍ਰੇਸ਼ਨ ਨੂੰ ਤੁਰੰਤ ਰੱਦ ਕਰਨਾ, ਅਤੇ ਨਾਬਾਲਗ ਨੂੰ 25 ਸਾਲ ਦੀ ਉਮਰ ਤੱਕ ਡਰਾਈਵਿੰਗ ਲਾਇਸੈਂਸ ਪ੍ਰਾਪਤ ਕਰਨ ਲਈ ਅਯੋਗ ਕਰਾਰ ਦੇਣਾ ਸ਼ਾਮਲ ਹੈ।

ਸੜਕੀ ਅਨੁਸ਼ਾਸਨ ਨੂੰ ਬਿਹਤਰ ਬਣਾਉਣ ਅਤੇ ਜਨਤਕ ਸੁਰੱਖਿਆ ਨੂੰ ਵਧਾਉਣ ਲਈ ਪੰਜਾਬ ਸਰਕਾਰ ਦੀ ਵਚਨਬੱਧਤਾ ਨੂੰ ਦੁਹਰਾਉਂਦਿਆਂ, ਵਿੱਤ ਅਤੇ ਟਰਾਂਸਪੋਰਟ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਇਨ੍ਹਾਂ ਨਵੀਆਂ ਨੋਟੀਫਾਈਡ ਵਿਵਸਥਾਵਾਂ ਦਾ ਉਦੇਸ਼ ਪੰਜਾਬ ਭਰ ਵਿੱਚ ਕਾਨੂੰਨ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰਨਾ ਹੈ।
ਵਿੱਤ ਮੰਤਰੀ ਨੇ ਕਿਹਾ, ਸਾਰੇ ਨਾਗਰਿਕਾਂ ਨੂੰ ਅਪੀਲ ਹੈ ਕਿ ਉਹ ਸੜਕਾਂ ’ਤੇ ਚੱਲਣ ਮੌਕੇ ਟ੍ਰੈਫਿਕ ਨਿਯਮਾਂ ਅਤੇ ਕਾਨੂੰਨੀ ਨੁਕਤਿਆਂ ਦੀ ਸਖ਼ਤੀ ਨਾਲ ਪਾਲਣਾ ਕਰਨ।

## 10000 ਰੁਪਏ ਰਿਸ਼ਵਤ ਲੈਂਦੇ ਸਹਾਇਕ ਸਬ-ਇੰਸਪੈਕਟਰ ਨੂੰ ਵਿਜੀਲੈਂਸ ਬਿਊਰੋ ਨੇ ਕੀਤਾ ਕਾਬੂ



**ਲੁਧਿਆਣਾ, 22 ਜੁਲਾਈ**
**-ਜਗਮੇਲ ਸਿੰਘ ਢਿਲੋਂ-**

ਪੰਜਾਬ ਵਿਜੀਲੈਂਸ ਬਿਊਰੋ ਨੇ ਸੂਬੇ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਚੱਲ ਰਹੀ ਮੁਹਿੰਮ ਦੌਰਾਨ ਕੂਮਕਲ੍ਹਾਂ, ਪੁਲਿਸ ਥਾਣਾ ਲੁਧਿਆਣਾ ਵਿਖੇ ਤਾਇਨਾਤ ਸਹਾਇਕ ਸਬ- ਇੰਸਪੈਕਟਰ (ਏ.ਐਸ.ਆਈ.) ਜਗਜੀਵਨ ਸਿੰਘ ਨੂੰ 10000 ਰੁਪਏ ਰਿਸ਼ਵਤ ਲੈਂਦੇ ਰੰਗੇ ਹੱਥੀਂ ਕਾਬੂ ਕੀਤਾ ਹੈ। ਅੱਜ ਇੱਥੇ ਇਹ ਜਾਣਕਾਰੀ ਸਾਂਝੀ ਕਰਦਿਆਂ ਰਾਜ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਦੋਸ਼ੀ ਪੁਲਿਸ ਅਧਿਕਾਰੀ ਨੂੰ ਭ੍ਰਿਸ਼ਟਾਚਾਰ ਵਿਰੋਧੀ ਐਕਸ਼ਨ ਲਾਈਨ ਪੋਰਟਲ ’ਤੇ ਸੁਰਜੀਤ ਕਲੋਨੀ, ਰਾਹੋਂ ਰੋਡ, ਲੁਧਿਆਣਾ ਦੇ ਇੱਕ ਨਿਵਾਸੀ ਵੱਲੋਂ ਦਰਜ ਕਰਵਾਈ ਸ਼ਿਕਾਇਤ ਦੇ ਆਧਾਰ ’ਤੇ ਗ੍ਰਿਫ਼ਤਾਰ ਕੀਤਾ ਗਿਆ ਹੈ। ਬੁਲਾਰੇ ਨੇ ਦੱਸਿਆ ਕਿ ਸ਼ਿਕਾਇਤਕਰਤਾ ਦੇ ਰਿਸ਼ਤੇਦਾਰ ਵਿਰੁੱਧ ਕੂਮਕਲਾਂ, ਪੁਲਿਸ ਥਾਣਾ ਲੁਧਿਆਣਾ ਵਿਖੇ ਕੇਸ ਦਰਜ ਸੀ। ਏ.ਐਸ.ਆਈ. ਜਗਜੀਵਨ ਸਿੰਘ ਇਸ ਮਾਮਲੇ ਦਾ ਤਫ਼ਤੀਸ਼ੀ ਅਫ਼ਸਰ ਸੀ। ਜਦੋਂ ਸ਼ਿਕਾਇਤਕਰਤਾ ਉਕਤ ਮਾਮਲੇ ਦੇ ਸਬੰਧ ਵਿੱਚ ਦੋਸ਼ੀ ਅਧਿਕਾਰੀ ਨੂੰ ਮਿਲਿਆ ਤਾਂ ਉਸ ਨੇ ਸ਼ਿਕਾਇਤਕਰਤਾ ਦੇ ਰਿਸ਼ਤੇਦਾਰ ਨੂੰ ਜ਼ਮਾਨਤ ਦਿਵਾਉਣ ਵਿੱਚ ਮਦਦ ਕਰਨ ਬਦਲੇ 10000 ਰੁਪਏ ਰਿਸ਼ਵਤ ਮੰਗੀ ਅਤੇ ਪ੍ਰਾਪਤ ਕੀਤੀ। ਇਸੇ ਸਬੰਧ ਵਿੱਚ ਮੁਲਜ਼ਮ ਏ.ਐਸ.ਆਈ. ਨੇ ਸ਼ਿਕਾਇਤਕਰਤਾ ਨੂੰ ਫੇਰ ਬੁਲਾਇਆ ਅਤੇ 10000 ਰੁਪਏ ਦੀ ਹੋਰ ਰਿਸ਼ਵਤ ਮੰਗੀ। ਸ਼ਿਕਾਇਤਕਰਤਾ ਨੇ ਰਿਸ਼ਵਤ ਮੰਗਣ ਸਬੰਧੀ ਸਾਰੀ ਗੱਲਬਾਤ ਰਿਕਾਰਡ ਕਰ ਲਈ ਸੀ।
ਰਿਸ਼ਵਤ ਜਾਂ ਕੋਈ ਹੋਰ ਗੈਰ-ਕਾਨੂੰਨੀ ਰਾਹ ਅਪਨਾਉਣ ਲਈ ਤਿਆਰ ਨਾ ਹੋਣ ਕਰਕੇ ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਰੇਂਜ ਲੁਧਿਆਣਾ ਕੋਲ ਪਹੁੰਚ ਕੀਤੀ। ਉਸ ਦੀ ਸ਼ਿਕਾਇਤ ’ਤੇ ਕਾਰਵਾਈ ਕਰਦਿਆਂ ਵਿਜੀਲੈਂਸ ਬਿਊਰੋ ਦੀ ਟੀਮ ਨੇ ਦੋਸ਼ੀ ਸਹਾਇਕ ਸਬ-ਇੰਸਪੈਕਟਰ ਜਗਜੀਵਨ ਸਿੰਘ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜ਼ਰੀ ਵਿੱਚ ਸ਼ਿਕਾਇਤਕਰਤਾ ਤੋਂ 10000 ਰੁਪਏ ਰਿਸ਼ਵਤ ਲੈਂਦੇ ਹੋਏ ਰੰਗੇ ਹੱਥੀਂ ਗ੍ਰਿਫ਼ਤਾਰ ਕਰ ਲਿਆ।

ਇਸ ਬਾਬਤ ਵਿਜੀਲੈਂਸ ਬਿਊਰੋ ਦੇ ਥਾਣਾ ਲੁਧਿਆਣਾ ਵਿਖੇ ਮੁਲਜ਼ਮ ਵਿਰੁੱਧ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਮਾਮਲਾ ਦਰਜ ਕੀਤਾ ਗਿਆ ਹੈ ਅਤੇ ਮਾਮਲੇ ਦੀ ਅਗਲੇਰੀ ਜਾਂਚ ਜਾਰੀ ਹੈ।




## ਅਨੰਤਨਾਗ ’ਚ ਪੁਲੀਸ ਟੀਮ ’ਤੇ ਅਤਿਵਾਦੀ ਹਮਲਾ; ਹੈੱਡ ਕਾਂਸਟੇਬਲ ਸ਼ਹੀਦ

**ਸ੍ਰੀਨਗਰ, 22 ਜੁਲਾਈ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਜੰਮੂ ਕਸ਼ਮੀਰ ਦੇ ਅਨੰਤਨਾਗ ਵਿੱਚ ਅਤਿਵਾਦੀ ਹਮਲੇ ਦੌਰਾਨ ਇੱਕ ਹੈੱਡ ਕਾਂਸਟੇਬਲ ਸ਼ਹੀਦ ਹੋ ਗਿਆ। ਅਧਿਕਾਰੀਆਂ ਨੇ ਇੱਥੇ ਦੱਸਿਆ ਕਿ ਬੁੱਧਵਾਰ ਨੂੰ ਜੰਮੂ-ਕਸ਼ਮੀਰ ਦੇ ਅਨੰਤਨਾਗ ਸ਼ਹਿਰ ਵਿੱਚ ਅਤਿਵਾਦੀਆਂ ਵੱਲੋਂ ਕੀਤੇ ਗਏ ਹਮਲੇ ਵਿੱਚ ਇੱਕ ਪੁਲੀਸ ਮੁਲਾਜ਼ਮ ਸ਼ਹੀਦ ਹੋ ਗਿਆ। ਇਹ ਗੋਲੀਬਾਰੀ ਬੁੱਧਵਾਰ ਦੁਪਹਿਰ ਲਗਪਗ 12:30 ਵਜੇ ਅਨੰਤਨਾਗ ਦੇ ਲਾਲ ਚੌਕ ਵਿਖੇ ਹੋਈ। ਅਧਿਕਾਰੀਆਂ ਨੇ ਦੱਸਿਆ ਕਿ ਅਮਰਨਾਥ ਯਾਤਰਾ ਦੀ ਸੁਰੱਖਿਆ ਡਿਊਟੀ ’ਤੇ ਤਾਇਨਾਤ ਹੈੱਡ ਕਾਂਸਟੇਬਲ ਆਸ਼ਿਕ ਹੁਸੈਨ ਇਸ ਹਮਲੇ ਵਿੱਚ ਜ਼ਖ਼ਮੀ ਹੋ ਗਏ, ਜਿਨ੍ਹਾਂ ਨੂੰ ਤੁਰੰਤ ਅਨੰਤਨਾਗ ਦੇ ਸਰਕਾਰੀ ਮੈਡੀਕਲ ਕਾਲਜ ਹਸਪਤਾਲ ਲੈ ਜਾਇਆ ਗਿਆ। ਡਾਕਟਰਾਂ ਨੇ ਹਸਪਤਾਲ ਪਹੁੰਚਣ ’ਤੇ ਹੁਸੈਨ ਨੂੰ ਮ੍ਰਿਤਕ ਐਲਾਨ ਦਿੱਤਾ।

ਅਧਿਕਾਰੀਆਂ ਨੇ ਦੱਸਿਆ ਕਿ ਸੁਰੱਖਿਆ ਬਲਾਂ ਨੇ ਇਲਾਕੇ ਦੀ ਘੇਰਾਬੰਦੀ ਕਰ ਲਈ ਹੈ ਅਤੇ ਹਮਲਾਵਰਾਂ ਦੀ ਭਾਲ ਲਈ ਤਲਾਸ਼ੀ ਅਭਿਆਨ ਸ਼ੁਰੂ ਕਰ ਦਿੱਤਾ ਹੈ।

## ਡਿਪਟੀ ਕਮਿਸ਼ਨਰ ਹਿਮਾਂਸ਼ੂ ਜੈਨ ਦੀ ਯੋਗ ਵੋਟਰਾਂ ਨੂੰ ਅਪੀਲ; 3 ਅਗਸਤ ਤੱਕ ਜਮ੍ਹਾਂ ਕਰਵਾਓ ਗਣਨਾ ਫਾਰਮ



**ਲੁਧਿਆਣਾ, 22 ਜੁਲਾਈ**
**-ਜਗਮੇਲ ਸਿੰਘ ਢਿਲੋਂ-**

ਜ਼ਿਲ੍ਹਾ ਚੋਣ ਅਫ਼ਸਰ-ਕਮ-ਡਿਪਟੀ ਕਮਿਸ਼ਨਰ ਲੁਧਿਆਣਾ ਸ੍ਰੀ ਹਿਮਾਂਸ਼ੂ ਜੈਨ ਨੇ ਦੱਸਿਆ ਕਿ ਭਾਰਤ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਚੱਲ ਰਹੀ ਸਪੈਸ਼ਲ ਇੰਟੈਂਸਿਵ ਰਿਵੀਜ਼ਨ (ਐੱਸ.ਆਈ.ਆਰ.)-2026 ਮੁਹਿੰਮ ਤਹਿਤ ਐਤਵਾਰ ਨੂੰ ਲੁਧਿਆਣਾ ਜ਼ਿਲ੍ਹੇ ਦੇ ਸਮੂਹ ਪੋਲਿੰਗ ਬੂਥਾਂ ਤੇ ਵਿਸ਼ੇਸ਼ ਕੈਂਪ ਲਗਾਏ ਗਏ। ਕੈਂਪਾਂ ਦੌਰਾਨ ਬੂਥ ਪੱਧਰੀ ਅਧਿਕਾਰੀ (ਬੀ.ਐਲ.ਓ.) ਆਪਣੇ-ਆਪਣੇ ਪੋਲਿੰਗ ਬੂਥਾਂ ਤੇ ਹਾਜ਼ਰ ਰਹੇ ਅਤੇ ਵੋਟਰਾਂ ਨੂੰ ਗਣਨਾ ਫਾਰਮ ਭਰਨ, ਲੋੜੀਂਦੇ ਦਸਤਾਵੇਜ਼ ਜਮ੍ਹਾਂ ਕਰਵਾਉਣ ਅਤੇ ਡਿਜੀਟਾਈਜ਼ੇਸ਼ਨ ਸਬੰਧੀ ਹਰ ਤਰ੍ਹਾਂ ਦੀ ਸਹਾਇਤਾ ਪ੍ਰਦਾਨ ਕੀਤੀ।

ਉਨ੍ਹਾਂ ਦੱਸਿਆ ਕਿ ਜ਼ਿਲ੍ਹੇ ਭਰ ਵਿੱਚ ਲੱਗੇ ਇਨ੍ਹਾਂ ਵਿਸ਼ੇਸ਼ ਕੈਂਪਾਂ ਨੂੰ ਲੋਕਾਂ ਵੱਲੋਂ ਚੰਗਾ ਹੁੰਗਾਰਾ ਮਿਲਿਆ ਅਤੇ ਵੱਡੀ ਗਿਣਤੀ ਵਿੱਚ ਯੋਗ ਵੋਟਰਾਂ ਨੇ ਆਪਣੇ ਗਣਨਾ ਫਾਰਮ ਭਰ ਕੇ ਜਮ੍ਹਾਂ ਕਰਵਾਏ। ਜਿਨ੍ਹਾਂ ਬੂਥਾਂ ਤੇ ਡਿਜੀਟਾਈਜ਼ੇਸ਼ਨ ਦਾ ਕੰਮ ਬਾਕੀ ਸੀ, ਉੱਥੇ ਫਾਰਮਾਂ ਦੀ ਡਿਜੀਟਾਈਜ਼ੇਸ਼ਨ ਅਤੇ ਇਕੱਤਰਤਾ ਦਾ ਕੰਮ ਤੇਜ਼ੀ ਨਾਲ ਕੀਤਾ ਗਿਆ, ਜਦਕਿ ਹੋਰ ਬੂਥਾਂ ਤੇ ਦਸਤਾਵੇਜ਼ਾਂ ਦੀ ਜਾਂਚ ਅਤੇ ਤਰੁੱਟੀਆਂ ਦੂਰ ਕਰਨ ਦਾ ਕੰਮ ਜਾਰੀ ਰਿਹਾ।

ਜ਼ਿਲ੍ਹਾ ਚੋਣ ਅਫ਼ਸਰ ਨੇ ਕਿਹਾ ਕਿ ਐੱਸ.ਆਈ.ਆਰ. ਤਹਿਤ ਘਰ-ਘਰ ਸਰਵੇ ਅਤੇ ਗਣਨਾ ਫਾਰਮ ਇਕੱਤਰ ਕਰਨ ਦਾ ਕੰਮ 3 ਅਗਸਤ 2026 ਤੱਕ ਜਾਰੀ ਰਹੇਗਾ। ਉਨ੍ਹਾਂ ਸਮੂਹ ਯੋਗ ਵੋਟਰਾਂ ਨੂੰ ਅਪੀਲ ਕੀਤੀ ਕਿ ਜੇਕਰ ਕਿਸੇ ਨੇ ਹਾਲੇ ਤੱਕ ਆਪਣਾ ਗਣਨਾ ਫਾਰਮ ਜਮ੍ਹਾਂ ਨਹੀਂ ਕਰਵਾਇਆ ਤਾਂ ਉਹ ਆਪਣੇ ਬੀ.ਐਲ.ਓ. ਨਾਲ ਸੰਪਰਕ ਕਰਕੇ ਜਾਂ ਨਜ਼ਦੀਕੀ ਪੋਲਿੰਗ ਬੂਥ ਰਾਹੀਂ ਲੋੜੀਂਦੇ ਦਸਤਾਵੇਜ਼ ਸਮੇਤ ਫਾਰਮ ਜਮ੍ਹਾਂ ਕਰਵਾਉਣ ਤਾਂ ਜੋ ਵੋਟਰ ਸੂਚੀ ਦੀ ਵਿਸ਼ੇਸ਼ ਗਹਿਰੀ ਸੁਧਾਈ ਦਾ ਕੰਮ ਸਮੇਂ ਸਿਰ ਮੁਕੰਮਲ ਕੀਤਾ ਜਾ ਸਕੇ।

# ਸੰਪਾਦਕੀ

## ਨੌਜਵਾਨਾਂ ਦਾ ਗੁੱਸਾ: ਬੇਰੁਜ਼ਗਾਰੀ ਤੋਂ ਪ੍ਰਣਾਲੀ ’ਤੇ ਉੱਠਦੇ ਸਵਾਲ

ਕਿਸੇ ਵੀ ਦੇਸ਼ ਦੀ ਸਭ ਤੋਂ ਵੱਡੀ ਤਾਕਤ ਉਸਦੇ ਨੌਜਵਾਨ ਹੁੰਦੇ ਹਨ। ਜਦੋਂ ਇਹੀ ਨੌਜਵਾਨ ਆਪਣੇ ਭਵਿੱਖ ਨੂੰ ਲੈ ਕੇ ਨਿਰਾਸ਼ਾ, ਬੇਰੁਜ਼ਗਾਰੀ ਅਤੇ ਅਸੁਰੱਖਿਆ ਮਹਿਸੂਸ ਕਰਨ ਲੱਗ ਪੈਣ, ਤਾਂ ਇਹ ਸਿਰਫ਼ ਇੱਕ ਵਰਗ ਦੀ ਸਮੱਸਿਆ ਨਹੀਂ ਰਹਿੰਦੀ, ਸਗੋਂ ਪੂਰੇ ਸਮਾਜ ਅਤੇ ਰਾਸ਼ਟਰ ਲਈ ਚਿੰਤਾ ਦਾ ਵਿਸ਼ਾ ਬਣ ਜਾਂਦੀ ਹੈ।

ਅੱਜ ਦੇਸ਼ ਭਰ ਵਿੱਚ ਲੱਖਾਂ ਪੜ੍ਹੇ-ਲਿਖੇ ਨੌਜਵਾਨ ਸਰਕਾਰੀ ਅਤੇ ਨਿੱਜੀ ਖੇਤਰ ਵਿੱਚ ਰੁਜ਼ਗਾਰ ਦੀ ਭਾਲ ਕਰ ਰਹੇ ਹਨ। ਇੱਕ ਪਾਸੇ ਭਰਤੀਆਂ ਦੀ ਧੀਮੀ ਰਫ਼ਤਾਰ, ਦੂਜੇ ਪਾਸੇ ਪ੍ਰੀਖਿਆਵਾਂ ਵਿੱਚ ਦੇਰੀ, ਪੇਪਰ ਲੀਕ ਅਤੇ ਚੋਣ ਪ੍ਰਕਿਰਿਆ ’ਤੇ ਉੱਠਦੇ ਸਵਾਲ ਨੌਜਵਾਨਾਂ ਦਾ ਭਰੋਸਾ ਕਮਜ਼ੋਰ ਕਰ ਰਹੇ ਹਨ। ਜਦੋਂ ਮਿਹਨਤ ਦਾ ਸਹੀ ਮੁੱਲ ਨਾ ਮਿਲੇ, ਤਾਂ ਨਿਰਾਸ਼ਾ ਅਤੇ ਗੁੱਸਾ ਸੁਭਾਵਿਕ ਹੈ।

ਬੇਰੁਜ਼ਗਾਰੀ ਦਾ ਮੁੱਦਾ ਸਿਰਫ਼ ਨੌਕਰੀਆਂ ਦੀ ਘਾਟ ਨਹੀਂ, ਸਗੋਂ ਹੁਨਰ ਵਿਕਾਸ, ਉਦਯੋਗਿਕ ਨਿਵੇਸ਼, ਸਿੱਖਿਆ ਦੀ ਗੁਣਵੱਤਾ ਅਤੇ ਆਰਥਿਕ ਨੀਤੀਆਂ ਨਾਲ ਵੀ ਜੁੜਿਆ ਹੋਇਆ ਹੈ। ਸਰਕਾਰਾਂ ਨੂੰ ਅਜਿਹੀਆਂ ਨੀਤੀਆਂ ਬਣਾਉਣੀਆਂ ਚਾਹੀਦੀਆਂ ਹਨ ਜੋ ਨੌਜਵਾਨਾਂ ਨੂੰ ਸਿਰਫ਼ ਡਿਗਰੀ ਨਹੀਂ, ਸਗੋਂ ਰੁਜ਼ਗਾਰ ਅਤੇ ਸਵੈ-ਰੁਜ਼ਗਾਰ ਦੇ ਅਸਲ ਮੌਕੇ ਵੀ ਪ੍ਰਦਾਨ ਕਰਨ।

ਇਸਦੇ ਨਾਲ ਹੀ ਨੌਜਵਾਨਾਂ ਨੂੰ ਵੀ ਆਪਣੇ ਹੁਨਰਾਂ ਨੂੰ ਸਮੇਂ ਦੇ ਨਾਲ ਅਪਡੇਟ ਕਰਨਾ, ਨਵੀਂ ਤਕਨਾਲੋਜੀ ਅਪਣਾਉਣਾ ਅਤੇ ਉੱਦਮਤਾ ਵੱਲ ਕਦਮ ਵਧਾਉਣੇ ਚਾਹੀਦੇ ਹਨ। ਵਿਕਾਸ ਦੀ ਰਫ਼ਤਾਰ ਤਦ ਹੀ ਤੇਜ਼ ਹੋਵੇਗੀ ਜਦੋਂ ਸਰਕਾਰ, ਉਦਯੋਗ ਅਤੇ ਸਿੱਖਿਆ ਸੰਸਥਾਵਾਂ ਮਿਲ ਕੇ ਭਵਿੱਖ ਦੀਆਂ ਲੋੜਾਂ ਅਨੁਸਾਰ ਮੌਕੇ ਸਿਰਜਣਗੀਆਂ।

ਨੌਜਵਾਨਾਂ ਦੀ ਆਵਾਜ਼ ਨੂੰ ਦਬਾਉਣ ਦੀ ਨਹੀਂ, ਸੁਣਨ ਦੀ ਲੋੜ ਹੈ। ਉਨ੍ਹਾਂ ਦੀ ਊਰਜਾ ਨੂੰ ਨਿਰਾਸ਼ਾ ਵਿੱਚ ਨਹੀਂ, ਸਗੋਂ ਰਾਸ਼ਟਰ ਨਿਰਮਾਣ ਵਿੱਚ ਬਦਲਣਾ ਹੀ ਹਰ ਜ਼ਿੰਮੇਵਾਰ ਸਰਕਾਰ ਅਤੇ ਸਮਾਜ ਦੀ ਪਹਿਲ ਹੋਣੀ ਚਾਹੀਦੀ ਹੈ।

**ਸੰਪਾਦਕੀ ਦਾ ਸਾਰ:**

ਜਦੋਂ ਨੌਜਵਾਨਾਂ ਨੂੰ ਮੌਕੇ ਮਿਲਦੇ ਹਨ ਤਾਂ ਰਾਸ਼ਟਰ ਤਰੱਕੀ ਕਰਦਾ ਹੈ; ਜਦੋਂ ਉਨ੍ਹਾਂ ਨੂੰ ਸਿਰਫ਼ ਉਡੀਕ ਮਿਲਦੀ ਹੈ ਤਾਂ ਅਸੰਤੁਸ਼ਟੀ ਜਨਮ ਲੈਂਦੀ ਹੈ। ਇਸ ਲਈ ਰੁਜ਼ਗਾਰ, ਪਾਰਦਰਸ਼ਤਾ ਅਤੇ ਭਰੋਸੇ ਦੀ ਬਹਾਲੀ ਸਮੇਂ ਦੀ ਸਭ ਤੋਂ ਵੱਡੀ ਲੋੜ ਹੈ।

**-ਛੱਤਰਪਾਲ ਸਿੰਘ**

Shaheedeazamnews.com
ਖ਼ਬਰਾਂ ਅਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ:
9814632807

Shaheed-e-Azam Printed, publĺished and owned by Harjinder Chaudhary printed at Raftaar Printing Press, Factory Area, Patiaĺa and publĺished at Office Shaheed-e-Azam, Dukhniwaran Chowk Patiala.
Editor : Chhatarpal Singh
PRGI (RNI) Regd. No. 42354

ਨੋਟ : ਸੰਪਾਦਕ ਸਿਰਫ਼ ਪੀ ਆਰ ਬੀ ਐਕਟ ਅਧੀਨ ਖ਼ਬਰਾਂ ਲਈ ਜ਼ਿੰਮੇਵਾਰ ਕਿਸੇ ਵੀ ਕਿਸਮ ਦੇ ਝਗੜਿਆਂ ਦਾ ਨਿਪਟਾਰਾ ਸਿਰਫ਼ ਪਟਿਆਲਾ ਅਦਾਲਤ ’ਚ ਹੀ ਹੋਵੇਗਾ।

Shaheed-e-Azam, Daily Punjabi Newspaper, Patiala
Editor-in-Chief : Prabhjit Singh
Editor : Chhatarpal Singh
Contact : 93165-23260, 98146-32807
Email : seanewspatiala@gmail.com
www.shaheedeazamnews.com
For Advertisement : 93165-23260, 98146-32807

# 2025-26 ਦੇ ਬਦਲਦੇ ਮੌਸਮੀ ਸਮੀਕਰਨ: ਐਲ ਨੀਨੋ ਤੋਂ ਲਾ ਨੀਨਾ ਵੱਲ ਦੁਨੀਆ ਦਾ ਸਫ਼ਰ



ਜੀ.ਐਸ. ਤੁੰਗ (ਬਿਓਰੋ ਚੀਫ਼)




ਸਮੁੰਦਰ ਦੀ ਸਤ੍ਹਾ ’ਤੇ ਕੁਝ ਡਿਗਰੀਆਂ ਦਾ ਫ਼ਰਕ ਕਈ ਵਾਰ ਦੁਨੀਆ ਦੀ ਅਰਥਵਿਵਸਥਾ, ਖੇਤੀਬਾੜੀ, ਪਾਣੀ, ਭੋਜਨ ਸੁਰੱਖਿਆ ਅਤੇ ਮਨੁੱਖੀ ਜੀਵਨ ’ਤੇ ਡੂੰਘਾ ਅਸਰ ਛੱਡ ਜਾਂਦਾ ਹੈ।

ਧਰਤੀ ਦਾ ਮੌਸਮ ਸਿਰਫ਼ ਬੱਦਲਾਂ, ਹਵਾਵਾਂ ਜਾਂ ਮੀਂਹ ਨਾਲ ਹੀ ਨਿਰਧਾਰਤ ਨਹੀਂ ਹੁੰਦਾ। ਪ੍ਰਸ਼ਾਂਤ ਮਹਾਂਸਾਗਰ (Pacific Ocean) ਦੇ ਭੂ-ਮੱਧ ਰੇਖਾ ਵਾਲੇ ਖੇਤਰ ਵਿੱਚ ਸਮੁੰਦਰ ਦੇ ਤਾਪਮਾਨ ਵਿੱਚ ਆਉਣ ਵਾਲੀਆਂ ਕੁਝ ਡਿਗਰੀਆਂ ਦੀਆਂ ਤਬਦੀਲੀਆਂ ਪੂਰੀ ਦੁਨੀਆ ਦੇ ਮੌਸਮ ਦਾ ਰੁਖ ਬਦਲ ਸਕਦੀਆਂ ਹਨ। ਇਸ ਕੁਦਰਤੀ ਪ੍ਰਕਿਰਿਆ ਨੂੰ ENSO (El Niño–Southern Oscillation) ਕਿਹਾ ਜਾਂਦਾ ਹੈ, ਜਿਸ ਦੇ ਦੋ ਮੁੱਖ ਰੂਪ ਹਨ—ਐਲ ਨੀਨੋ (El Niño) ਅਤੇ ਲਾ ਨੀਨਾ (La Niña)।

**ਐਲ ਨੀਨੋ ਅਤੇ ਲਾ ਨੀਨਾ ਕੀ ਹਨ ?**

ਐਲ ਨੀਨੋ ਉਹ ਸਥਿਤੀ ਹੈ ਜਦੋਂ ਪੂਰਬੀ ਅਤੇ ਮੱਧ ਪ੍ਰਸ਼ਾਂਤ ਮਹਾਂਸਾਗਰ ਦਾ ਪਾਣੀ ਆਮ ਨਾਲੋਂ ਵੱਧ ਗਰਮ ਹੋ ਜਾਂਦਾ ਹੈ। ਇਸ ਨਾਲ ਵਾਤਾਵਰਣੀ ਦਬਾਅ, ਹਵਾਵਾਂ ਅਤੇ ਬੱਦਲਾਂ ਦੇ ਰੁਝਾਨ ਵਿੱਚ ਤਬਦੀਲੀ ਆਉਂਦੀ ਹੈ ਅਤੇ ਕਈ ਖੇਤਰਾਂ ਵਿੱਚ ਮੀਂਹ ਘੱਟ ਜਾਂ ਬਿਲਕੁਲ ਨਹੀਂ ਪੈਂਦਾ।

ਇਸ ਦੇ ਉਲਟ ਲਾ ਨੀਨਾ ਦੌਰਾਨ ਇਹੀ ਸਮੁੰਦਰੀ ਪਾਣੀ ਆਮ ਨਾਲੋਂ ਠੰਢਾ ਹੋ ਜਾਂਦਾ ਹੈ। ਨਤੀਜੇ ਵਜੋਂ ਮਾਨਸੂਨੀ ਹਵਾਵਾਂ ਮਜ਼ਬੂਤ ਹੁੰਦੀਆਂ ਹਨ ਅਤੇ ਕਈ ਦੇਸ਼ਾਂ ਵਿੱਚ ਆਮ ਨਾਲੋਂ ਵੱਧ ਵਰਖਾ ਹੁੰਦੀ ਹੈ।

**ਇਹਨਾਂ ਦੀ ਖੋਜ ਕਿਵੇਂ ਹੋਈ ?**

16ਵੀਂ ਸਦੀ ਵਿੱਚ ਪੇਰੂ ਦੇ ਮਛੇਰਿਆਂ ਨੇ ਕਰਿਸਮਸ ਦੇ ਸਮੇਂ ਸਮੁੰਦਰ ਦੇ ਗਰਮ ਹੋਣ ਦਾ ਅਨੁਭਵ ਕੀਤਾ। ਉਨ੍ਹਾਂ ਨੇ ਇਸ ਨੂੰ ਸਪੇਨੀ ਭਾਸ਼ਾ ਵਿੱਚ ਐਲ ਨੀਨੋ (ਬਾਲ ਯਿਸੂ) ਨਾਮ ਦਿੱਤਾ। ਬਾਅਦ ਵਿੱਚ ਵਿਗਿਆਨੀਆਂ ਨੇ ਇਸ ਦੇ ਉਲਟ ਠੰਢੇ ਚੱਕਰ ਨੂੰ ਲਾ ਨੀਨਾ (ਛੋਟੀ ਕੁੜੀ) ਨਾਮ ਦਿੱਤਾ। 20ਵੀਂ ਸਦੀ ਵਿੱਚ ਮੌਸਮ ਵਿਗਿਆਨੀਆਂ ਨੇ ਸਾਬਤ ਕੀਤਾ ਕਿ ਇਹ ਸਿਰਫ਼ ਸਮੁੰਦਰੀ ਤਾਪਮਾਨ ਦਾ ਬਦਲਾਅ ਨਹੀਂ, ਸਗੋਂ ਧਰਤੀ ਦੇ ਪੂਰੇ ਮੌਸਮੀ ਤੰਤਰ ਨੂੰ ਪ੍ਰਭਾਵਿਤ ਕਰਨ ਵਾਲੀ ਵਿਸ਼ਵ ਪੱਧਰੀ ਪ੍ਰਕਿਰਿਆ ਹੈ।

**ਇਹ ਕਿਵੇਂ ਬਣਦੇ ਹਨ ?**

ਆਮ ਹਾਲਾਤਾਂ ਵਿੱਚ ਵਪਾਰਕ ਹਵਾਵਾਂ (Trade Winds) ਪੂਰਬ ਤੋਂ ਪੱਛਮ ਵੱਲ ਵਗਦੀਆਂ ਹਨ ਅਤੇ ਗਰਮ ਪਾਣੀ ਨੂੰ ਏਸ਼ੀਆ ਵੱਲ ਧੱਕਦੀਆਂ ਹਨ।

* ਐਲ ਨੀਨੋ ਸਮੇਂ ਇਹ ਹਵਾਵਾਂ ਕਮਜ਼ੋਰ ਪੈ ਜਾਂਦੀਆਂ ਹਨ। ਗਰਮ ਪਾਣੀ ਵਾਪਸ ਦੱਖਣੀ ਅਮਰੀਕਾ ਵੱਲ ਫੈਲ ਜਾਂਦਾ ਹੈ।
* ਲਾ ਨੀਨਾ ਦੌਰਾਨ ਇਹ ਹਵਾਵਾਂ ਹੋਰ ਮਜ਼ਬੂਤ ਹੋ ਜਾਂਦੀਆਂ ਹਨ, ਜਿਸ ਨਾਲ ਠੰਢਾ ਪਾਣੀ ਸਤ੍ਹਾ ਉੱਤੇ ਆ ਜਾਂਦਾ ਹੈ ਅਤੇ ਮੌਸਮੀ ਸੰਤੁਲਨ ਬਦਲ ਜਾਂਦਾ ਹੈ।

ਆਮ ਤੌਰ ’ਤੇ ਇਹ ਚੱਕਰ ਹਰ 2 ਤੋਂ 7 ਸਾਲਾਂ ਬਾਅਦ ਆਉਂਦੇ ਹਨ ਅਤੇ 9 ਮਹੀਨਿਆਂ ਤੋਂ ਲਗਭਗ 2 ਸਾਲ ਤੱਕ ਪ੍ਰਭਾਵੀ ਰਹਿ ਸਕਦੇ ਹਨ।

### ਭਾਰਤ ’ਤੇ ਪ੍ਰਭਾਵ

ਭਾਰਤ ਦੀ ਖੇਤੀ ਅਤੇ ਅਰਥਵਿਵਸਥਾ ਦਾ ਵੱਡਾ ਹਿੱਸਾ ਮਾਨਸੂਨ ’ਤੇ ਨਿਰਭਰ ਕਰਦਾ ਹੈ।

ਐਲ ਨੀਨੋ ਦੇ ਪ੍ਰਭਾਵ

* ਮਾਨਸੂਨ ਕਮਜ਼ੋਰ ਹੋ ਸਕਦਾ ਹੈ।
* ਸੋਕੇ ਦੀ ਸੰਭਾਵਨਾ ਵਧ ਜਾਂਦੀ ਹੈ।
* ਝੋਨੇ, ਕਪਾਹ, ਦਾਲਾਂ ਅਤੇ ਹੋਰ ਫਸਲਾਂ ਦੀ ਪੈਦਾਵਾਰ ਘਟ ਸਕਦੀ ਹੈ।
* ਪਾਣੀ ਦੇ ਭੰਡਾਰ ਅਤੇ ਜਲ-ਵਿਦਯੁਤ ਉਤਪਾਦਨ ਪ੍ਰਭਾਵਿਤ ਹੁੰਦੇ ਹਨ।
* ਭੋਜਨ ਪਦਾਰਥਾਂ ਦੀਆਂ ਕੀਮਤਾਂ ਵਧ ਸਕਦੀਆਂ ਹਨ।
* ਗਰਮੀ ਦੀਆਂ ਲਹਿਰਾਂ (Heat Waves) ਵਧਦੀਆਂ ਹਨ।

**ਲਾ ਨੀਨਾ ਦੇ ਪ੍ਰਭਾਵ**

* ਆਮ ਨਾਲੋਂ ਵੱਧ ਅਤੇ ਲੰਮਾ ਮਾਨਸੂਨ ਹੋ ਸਕਦਾ ਹੈ।
* ਭੂ-ਜਲ ਅਤੇ ਡੈਮਾਂ ਵਿੱਚ ਪਾਣੀ ਦੀ ਮਾਤਰਾ ਵਧਦੀ ਹੈ।
* ਖੇਤੀਬਾੜੀ ਲਈ ਪਾਣੀ ਦੀ ਉਪਲਬਧਤਾ ਸੁਧਰਦੀ ਹੈ।
* ਪਰ ਅਤਿ ਵਰਖਾ ਨਾਲ ਹੜ੍ਹ, ਫਸਲਾਂ ਦਾ ਨੁਕਸਾਨ, ਮਿੱਟੀ ਦਾ ਕਟਾਅ ਅਤੇ ਬਿਮਾਰੀਆਂ ਦਾ ਖ਼ਤਰਾ ਵੀ ਵਧ ਜਾਂਦਾ ਹੈ।

**ਪੰਜਾਬ ਲਈ ਕੀ ਅਰਥ ਹਨ ?**

ਪੰਜਾਬ ਵਿੱਚ ਲਾ ਨੀਨਾ ਦੇ ਦੌਰਾਨ:

* ਝੋਨੇ ਦੀ ਫਸਲ ਨੂੰ ਵਾਧੂ ਪਾਣੀ ਮਿਲ ਸਕਦਾ ਹੈ।

ਭੂ-ਜਲ ਰੀਚਾਰਜ ਹੋ ਸਕਦਾ ਹੈ।

* ਨਹਿਰਾਂ ਅਤੇ ਜਲ ਸਰੋਤਾਂ ਵਿੱਚ ਸੁਧਾਰ ਆ ਸਕਦਾ ਹੈ।

ਪਰ ਜੇ ਵਰਖਾ ਬਹੁਤ ਵੱਧ ਹੋਵੇ ਤਾਂ:

* ਖੇਤਾਂ ਵਿੱਚ ਪਾਣੀ ਖੜ੍ਹ ਸਕਦਾ ਹੈ।
* ਕਪਾਹ, ਸਬਜ਼ੀਆਂ ਅਤੇ ਬਾਗਬਾਨੀ ਫਸਲਾਂ ਨੂੰ ਨੁਕਸਾਨ ਹੋ ਸਕਦਾ ਹੈ।
* ਕੀੜੇ ਅਤੇ ਫਫੂੰਦ ਵਾਲੀਆਂ ਬਿਮਾਰੀਆਂ ਵਧ ਸਕਦੀਆਂ ਹਨ।

**ਵਿਸ਼ਵ ਪੱਧਰ ’ਤੇ ਪ੍ਰਭਾਵ**

ਐਲ ਨੀਨੋ ਅਤੇ ਲਾ ਨੀਨਾ ਦਾ ਪ੍ਰਭਾਵ ਸਿਰਫ਼ ਭਾਰਤ ਤੱਕ ਸੀਮਤ ਨਹੀਂ।

* ਆਸਟ੍ਰੇਲੀਆ ਵਿੱਚ ਸੋਕਾ ਜਾਂ ਹੜ੍ਹ।
* ਅਮਰੀਕਾ ਵਿੱਚ ਤੂਫ਼ਾਨੀ ਮੌਸਮ ਵਿੱਚ ਤਬਦੀਲੀਆਂ।
* ਦੱਖਣੀ ਅਮਰੀਕਾ ਵਿੱਚ ਭਾਰੀ ਵਰਖਾ।
* ਅਫ਼ਰੀਕਾ ਦੇ ਕਈ ਹਿੱਸਿਆਂ ਵਿੱਚ ਅਕਾਲ।

ਮੱਛੀ ਉਦਯੋਗ ਅਤੇ ਸਮੁੰਦਰੀ ਜੀਵਨ ’ਤੇ ਪ੍ਰਭਾਵ।

* ਵਿਸ਼ਵ ਖੁਰਾਕ ਉਤਪਾਦਨ ਅਤੇ ਮਹਿੰਗਾਈ ’ਤੇ ਅਸਰ।

**ਇਤਿਹਾਸ ਦੇ ਕੁਝ ਵੱਡੇ ਉਦਾਹਰਨ**

* 1982-83 ਦਾ ਐਲ ਨੀਨੋ 20ਵੀਂ ਸਦੀ ਦੇ ਸਭ ਤੋਂ ਤਾਕਤਵਰ ਮੌਸਮੀ ਚੱਕਰਾਂ ਵਿੱਚੋਂ ਇੱਕ ਮੰਨਿਆ ਜਾਂਦਾ ਹੈ।
* 1997-98 ਦੇ ਐਲ ਨੀਨੋ ਨੇ ਦੁਨੀਆ ਭਰ ਵਿੱਚ ਅਰਬਾਂ ਡਾਲਰ ਦਾ ਆਰਥਿਕ ਨੁਕਸਾਨ ਕੀਤਾ।
* 2010-11 ਦੀ ਲਾ ਨੀਨਾ ਨੇ ਆਸਟ੍ਰੇਲੀਆ ਵਿੱਚ ਭਿਆਨਕ ਹੜ੍ਹ ਲਿਆਂਦੇ।
* 2015-16 ਦਾ ਐਲ ਨੀਨੋ ਰਿਕਾਰਡ ਗਰਮੀ ਅਤੇ ਕਈ ਦੇਸ਼ਾਂ ਵਿੱਚ ਸੋਕੇ ਲਈ ਜਾਣਿਆ ਜਾਂਦਾ ਹੈ।
* 2020-2023 ਦੌਰਾਨ ਲਗਾਤਾਰ ਲਾ ਨੀਨਾ ਦੇ ਪ੍ਰਭਾਵਾਂ ਨੇ ਕਈ ਮਹਾਂਦੀਪਾਂ ਦੇ ਵਰਖਾ ਪੈਟਰਨ ਨੂੰ ਪ੍ਰਭਾਵਿਤ ਕੀਤਾ।

ਪਿਛਲੇ ਸਾਲ ਐਲ ਨੀਨੋ ਦੇ ਪ੍ਰਭਾਵ ਕਾਰਨ ਭਾਰਤ ਦੇ ਕਈ ਹਿੱਸਿਆਂ ਵਿੱਚ ਮਾਨਸੂਨ ਦੀ ਵੰਡ ਅਸਮਾਨ ਰਹੀ। ਕਿਤੇ ਲੰਬੇ ਸਮੇਂ ਤੱਕ ਸੋਕੇ ਵਰਗੀ ਸਥਿਤੀ ਬਣੀ, ਤਾਂ ਕਿਤੇ ਥੋੜ੍ਹੇ ਸਮੇਂ ਵਿੱਚ ਅਤਿਅਧਿਕ ਵਰਖਾ ਨੇ ਹੜ੍ਹਾਂ ਵਰਗੇ ਹਾਲਾਤ ਪੈਦਾ ਕਰ ਦਿੱਤੇ। ਗਰਮੀ ਦੀਆਂ ਲਹਿਰਾਂ ਨੇ ਉੱਤਰੀ ਅਤੇ ਕੇਂਦਰੀ ਭਾਰਤ ਵਿੱਚ ਨਵੇਂ ਰਿਕਾਰਡ ਬਣਾਏ, ਜਿਸ ਨਾਲ ਖੇਤੀਬਾੜੀ, ਪਸ਼ੂ ਪਾਲਣ, ਬਿਜਲੀ ਦੀ ਮੰਗ ਅਤੇ ਪੀਣ ਵਾਲੇ ਪਾਣੀ ਦੀ ਉਪਲਬਧਤਾ ਪ੍ਰਭਾਵਿਤ ਹੋਈ। ਕਈ ਰਾਜਾਂ ਵਿੱਚ ਖੇਤੀ ਉਤਪਾਦਨ ਘਟਣ ਨਾਲ ਖਾਦ ਪਦਾਰਥਾਂ ਦੀਆਂ ਕੀਮਤਾਂ ਵੀ ਵਧੀਆਂ। ਹੁਣ ਮੌਸਮ ਵਿਗਿਆਨੀਆਂ ਦਾ ਧਿਆਨ ਲਾ ਨੀਨਾ ਵੱਲ ਹੈ। ਜੇ ਲਾ ਨੀਨਾ ਦਾ ਪ੍ਰਭਾਵ ਮਜ਼ਬੂਤ ਹੁੰਦਾ ਹੈ ਤਾਂ ਭਾਰਤ ਵਿੱਚ ਆਮ ਨਾਲੋਂ ਵੱਧ ਵਰਖਾ ਦੀ ਸੰਭਾਵਨਾ ਬਣ ਸਕਦੀ ਹੈ। ਇਹ ਇੱਕ ਪਾਸੇ ਸੁੱਕੇ ਇਲਾਕਿਆਂ, ਭੂ-ਜਲ ਪੱਧਰ ਅਤੇ ਜਲ ਭੰਡਾਰਾਂ ਲਈ ਰਾਹਤ ਹੋ ਸਕਦੀ ਹੈ, ਪਰ ਦੂਜੇ ਪਾਸੇ ਪੰਜਾਬ, ਹਰਿਆਣਾ, ਉੱਤਰ ਪ੍ਰਦੇਸ਼, ਬਿਹਾਰ ਅਤੇ ਅਸਾਮ ਵਰਗੇ ਰਾਜਾਂ ਵਿੱਚ ਹੜ੍ਹ, ਜਲ ਭਰਾਅ, ਫਸਲਾਂ ਦੇ ਨੁਕਸਾਨ ਅਤੇ ਬਿਮਾਰੀਆਂ ਦਾ ਖ਼ਤਰਾ ਵੀ ਵਧ ਸਕਦਾ ਹੈ।

**ਕੀ ਭਾਰਤ ਦੀ ਖੇਤੀ ਇਸ ਬਦਲਾਅ ਲਈ ਤਿਆਰ ਹੈ ?**

ਭਾਰਤ ਦੇ ਖੇਤੀ ਮਾਹਿਰ ਲੰਮੇ ਸਮੇਂ ਤੋਂ ਕਹਿ ਰਹੇ ਹਨ ਕਿ ਪਾਣੀ ਦੀ ਘਾਟ ਅਤੇ ਜਲਵਾਯੂ ਪਰਿਵਰਤਨ ਨੂੰ ਦੇਖਦੇ ਹੋਏ ਖੇਤੀ ਵਿੱਚ ਵਿਭਿੰਨਤਾ ਲਿਆਉਣੀ ਲਾਜ਼ਮੀ ਹੈ। ਪੰਜਾਬ ਅਤੇ ਹਰਿਆਣਾ ਵਰਗੇ ਰਾਜਾਂ ਵਿੱਚ ਝੋਨੇ ਦੀ ਥਾਂ ਮੱਕੀ, ਦਾਲਾਂ, ਤੇਲਹਨ, ਬਾਜਰਾ ਅਤੇ ਹੋਰ ਘੱਟ ਪਾਣੀ ਵਾਲੀਆਂ ਫਸਲਾਂ ਨੂੰ ਅਪਣਾਉਣ ਦੀ ਸਿਫ਼ਾਰਸ਼ ਕੀਤੀ ਜਾਂਦੀ ਰਹੀ ਹੈ।

ਹਾਲਾਂਕਿ ਸਰਕਾਰਾਂ ਵੱਲੋਂ ਵੱਖ-ਵੱਖ ਯੋਜਨਾਵਾਂ ਅਤੇ ਪ੍ਰੋਤਸਾਹਨ ਘੋਸ਼ਿਤ ਕੀਤੇ ਗਏ ਹਨ, ਪਰ ਜ਼ਮੀਨੀ ਪੱਧਰ ’ਤੇ ਕਿਸਾਨਾਂ ਨੂੰ ਯਕੀਨੀ ਖਰੀਦ, ਢੁਕਵਾਂ ਘੱਟੋ-ਘੱਟ ਸਮਰਥਨ ਮੁੱਲ (MSP), ਮੰਡੀ ਢਾਂਚਾ, ਪ੍ਰੋਸੈਸਿੰਗ ਉਦਯੋਗ ਅਤੇ ਬਾਜ਼ਾਰ ਦੀ ਭਰੋਸੇਯੋਗ ਵਿਵਸਥਾ ਹਰ ਥਾਂ ਉਪਲਬਧ ਨਹੀਂ ਹੋ ਸਕੀ। ਇਸ ਕਾਰਨ ਬਹੁਤ ਸਾਰੇ ਕਿਸਾਨ ਅਜੇ ਵੀ ਰਵਾਇਤੀ ਝੋਨਾ-ਕਣਕ ਚੱਕਰ ਤੋਂ ਬਾਹਰ ਨਿਕਲਣ ਵਿੱਚ ਹਿਚਕਚਾਉਂਦੇ ਹਨ।

ਜੇ ਲਾ ਨੀਨਾ ਦੌਰਾਨ ਵੀ ਪੁਰਾਣੀ ਨੀਤੀ ਜਾਰੀ ਰਹੀ ਤਾਂ ਜੇ ਲਾ ਨੀਨਾ ਕਾਰਨ ਭਾਰੀ ਵਰਖਾ ਹੁੰਦੀ ਹੈ ਅਤੇ ਖੇਤੀ ਯੋਜਨਾਬੰਦੀ ਸਮੇਂ ਸਿਰ ਨਹੀਂ ਬਦਲੀ ਜਾਂਦੀ, ਤਾਂ ਸੰਭਾਵਿਤ ਨਤੀਜੇ ਇਹ ਹੋ ਸਕਦੇ ਹਨ:

* ਝੋਨੇ ਦੇ ਖੇਤਾਂ ਵਿੱਚ ਲੰਬੇ ਸਮੇਂ ਤੱਕ ਪਾਣੀ ਖੜ੍ਹਾ ਰਹਿਣ ਨਾਲ ਪੈਦਾਵਾਰ ਘਟ ਸਕਦੀ ਹੈ।
* ਕੀਟਾਂ, ਫਫੂੰਦ ਅਤੇ ਬੈਕਟੀਰੀਆ ਵਾਲੀਆਂ ਬਿਮਾਰੀਆਂ ਵਿੱਚ ਵਾਧਾ ਹੋ ਸਕਦਾ ਹੈ।
* ਪਿੰਡਾਂ ਦੀਆਂ ਸੜਕਾਂ, ਮੰਡੀਆਂ ਅਤੇ ਭੰਡਾਰਨ ਪ੍ਰਣਾਲੀ ਪ੍ਰਭਾਵਿਤ ਹੋ ਸਕਦੀ ਹੈ।
* ਵਾਢੀ ਤੋਂ ਬਾਅਦ ਫਸਲਾਂ ਦੇ ਨੁਕਸਾਨ ਅਤੇ ਆਰਥਿਕ ਹਾਨੀ ਦਾ ਖ਼ਤਰਾ ਵਧ ਸਕਦਾ ਹੈ।
* ਸਪਲਾਈ ਚੇਨ ਪ੍ਰਭਾਵਿਤ ਹੋਣ ਨਾਲ ਖੁਰਾਕ ਦੀਆਂ ਕੀਮਤਾਂ ਵਿੱਚ ਉਤਾਰ-ਚੜ੍ਹਾਅ ਆ ਸਕਦਾ ਹੈ।

ਸਮੇਂ ਦੀ ਮੰਗ

ਮੌਸਮੀ ਤਬਦੀਲੀਆਂ ਹੁਣ ਅਪਵਾਦ ਨਹੀਂ, ਸਗੋਂ ਨਵੀਂ ਹਕੀਕਤ ਹਨ। ਇਸ ਲਈ ਸਿਰਫ਼ ਵਰਖਾ ਦੀ ਉਡੀਕ ਕਰਨ ਦੀ ਬਜਾਏ ਮੌਸਮ-ਅਧਾਰਿਤ ਖੇਤੀ ਨੀਤੀ, ਜਲ ਪ੍ਰਬੰਧਨ, ਫਸਲੀ ਵਿਭਿੰਨਤਾ, ਮਜ਼ਬੂਤ ਬੀਮਾ ਪ੍ਰਣਾਲੀ, ਯਕੀਨੀ ਮੰਡੀ ਸਹਾਇਤਾ ਅਤੇ ਵਿਗਿਆਨਕ ਸਲਾਹ ਨੂੰ ਤਰਜੀਹ ਦੇਣ ਦੀ ਲੋੜ ਹੈ।

ਐਲ ਨੀਨੋ ਅਤੇ ਲਾ ਨੀਨਾ ਨੂੰ ਅਸੀਂ ਰੋਕ ਨਹੀਂ ਸਕਦੇ, ਪਰ ਦੂਰਅੰਦੇਸ਼ ਨੀਤੀਆਂ ਅਤੇ ਵਿਗਿਆਨਕ ਯੋਜਨਾਬੰਦੀ ਨਾਲ ਉਨ੍ਹਾਂ ਦੇ ਨੁਕਸਾਨ ਨੂੰ ਘਟਾ ਅਤੇ ਸੰਭਾਵੀ ਲਾਭ ਨੂੰ ਵਧਾਇਆ ਜਾ ਸਕਦਾ ਹੈ। ਇਹੀ 21ਵੀਂ ਸਦੀ ਦੀ ਖੇਤੀ ਅਤੇ ਜਲ ਪ੍ਰਬੰਧਨ ਦੀ ਸਭ ਤੋਂ ਵੱਡੀ ਚੁਣੌਤੀ ਵੀ ਹੈ ਅਤੇ ਮੌਕਾ ਵੀ।

**ਕੀ ਜਲਵਾਯੂ ਪਰਿਵਰਤਨ ਨਾਲ ਕੋਈ ਸੰਬੰਧ ਹੈ ?**

ਵਿਗਿਆਨੀ ਅਜੇ ਵੀ ਇਸ ਵਿਸ਼ੇ ’ਤੇ ਖੋਜ ਕਰ ਰਹੇ ਹਨ। ਹਾਲਾਂਕਿ ਇਹ ਸਪਸ਼ਟ ਹੈ ਕਿ ਗਲੋਬਲ ਵਾਰਮਿੰਗ ਕਾਰਨ ਐਲ ਨੀਨੋ ਅਤੇ ਲਾ ਨੀਨਾ ਦੇ ਪ੍ਰਭਾਵ ਹੋਰ ਤੀਬਰ ਹੋ ਸਕਦੇ ਹਨ। ਇਸ ਦਾ ਮਤਲਬ ਹੈ ਕਿ ਭਵਿੱਖ ਵਿੱਚ ਸੋਕੇ, ਹੜ੍ਹ, ਗਰਮੀ ਦੀਆਂ ਲਹਿਰਾਂ ਅਤੇ ਅਤਿਅਧਿਕ ਵਰਖਾ ਦੀਆਂ ਘਟਨਾਵਾਂ ਹੋਰ ਵੱਧ ਗੰਭੀਰ ਹੋ ਸਕਦੀਆਂ ਹਨ।

**ਕੀ ਅਸੀਂ ਤਿਆਰ ਹਾਂ ?**

ਅੱਜ ਮੌਸਮ ਵਿਗਿਆਨ ਸੈਟੇਲਾਈਟਾਂ, ਸੁਪਰ ਕੰਪਿਊਟਰਾਂ ਅਤੇ ਸਮੁੰਦਰੀ ਬੂਈਆਂ ਦੀ ਮਦਦ ਨਾਲ ਕਈ ਮਹੀਨੇ ਪਹਿਲਾਂ ਐਲ ਨੀਨੋ ਜਾਂ ਲਾ ਨੀਨਾ ਦੀ ਸੰਭਾਵਨਾ ਦਾ ਅੰਦਾਜ਼ਾ ਲਗਾ ਸਕਦਾ ਹੈ। ਪਰ ਅਸਲ ਚੁਣੌਤੀ ਇਹ ਹੈ ਕਿ ਕੀ ਸਰਕਾਰਾਂ, ਕਿਸਾਨ, ਉਦਯੋਗ ਅਤੇ ਆਮ ਨਾਗਰਿਕ ਇਸ ਜਾਣਕਾਰੀ ਦੇ ਆਧਾਰ ’ਤੇ ਸਮੇਂ ਸਿਰ ਯੋਜਨਾਬੰਦੀ ਕਰਦੇ ਹਨ ਜਾਂ ਨਹੀਂ।

### ਸਿੱਟਾ

ਐਲ ਨੀਨੋ ਅਤੇ ਲਾ ਨੀਨਾ ਕੁਦਰਤ ਦੇ ਉਹ ਅਦਿੱਖ ਇੰਜਣ ਹਨ ਜੋ ਧਰਤੀ ਦੇ ਮੌਸਮ ਦੀ ਦਿਸ਼ਾ ਬਦਲ ਦਿੰਦੇ ਹਨ। ਕਈ ਵਾਰ ਇਹ ਖੁਸ਼ਹਾਲੀ ਦੀ ਵਰਖਾ ਲਿਆਉਂਦੇ ਹਨ ਅਤੇ ਕਈ ਵਾਰ ਸੋਕੇ, ਹੜ੍ਹ, ਮਹਿੰਗਾਈ ਅਤੇ ਆਰਥਿਕ ਸੰਕਟ ਦਾ ਕਾਰਨ ਬਣਦੇ ਹਨ। ਵਿਗਿਆਨ ਦੀ ਤਰੱਕੀ ਨੇ ਸਾਨੂੰ ਇਨ੍ਹਾਂ ਦੀ ਪਛਾਣ ਅਤੇ ਭਵਿੱਖਬਾਣੀ ਕਰਨ ਦੀ ਸਮਰੱਥਾ ਦਿੱਤੀ ਹੈ, ਪਰ ਇਨ੍ਹਾਂ ਨਾਲ ਨਜਿੱਠਣ ਲਈ ਦੂਰਅੰਦੇਸ਼ੀ, ਵਿਗਿਆਨਕ ਸੋਚ ਅਤੇ ਸਮੇਂ ਸਿਰ ਫ਼ੈਸਲੇ ਹੀ ਮਨੁੱਖਤਾ ਦੀ ਸਭ ਤੋਂ ਵੱਡੀ ਤਾਕਤ ਹਨ।

ਸਮੁੰਦਰ ਦੀਆਂ ਲਹਿਰਾਂ ਭਾਵੇਂ ਹਜ਼ਾਰਾਂ ਕਿਲੋਮੀਟਰ ਦੂਰ ਉੱਠਦੀਆਂ ਹੋਣ, ਪਰ ਉਨ੍ਹਾਂ ਦੀ ਗੂੰਜ ਭਾਰਤ ਦੇ ਖੇਤਾਂ, ਦੁਨੀਆ ਦੇ ਬਾਜ਼ਾਰਾਂ ਅਤੇ ਹਰ ਆਮ ਇਨਸਾਨ ਦੀ ਜ਼ਿੰਦਗੀ ਤੱਕ ਸੁਣਾਈ ਦਿੰਦੀ ਹੈ।

# ਜ਼ਿਲ੍ਹਾ ਪ੍ਰਸ਼ਾਸਨ ਤੇ ਐਨ.ਡੀ.ਆਰ.ਐਫ ਵੱਲੋਂ ਸੰਭਾਵੀ ਹੜ੍ਹਾਂ ਦੀ ਹੰਗਾਮੀ ਸਥਿਤੀ ਨਾਲ ਨਜਿੱਠਣ ਲਈ ਕੀਤੀ ਜਾਵੇਗੀ ਮੌਕ ਡਰਿੱਲ : ਡਾ. ਹਿਮਾਂਸ਼ੂ ਅਗਰਵਾਲ

## ➤ ਡਿਪਟੀ ਕਮਿਸ਼ਨਰ ਵੱਲੋਂ ਹੜ੍ਹਾਂ ਤੋਂ ਬਚਾਅ ਲਈ ਤਿਆਰੀਆਂ ਦਾ ਜਾਇਜ਼ਾ, ਕਿਹਾ, ਜ਼ਿਲ੍ਹਾ ਪ੍ਰਸ਼ਾਸਨ ਪੂਰੀ ਤਰ੍ਹਾਂ ਚੌਕਸ

**ਪਟਿਆਲਾ, 22 ਜੁਲਾਈ**
**-ਛਤਰਪਾਲ ਸਿੰਘ-**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪਟਿਆਲਾ ਦੇ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਦੱਸਿਆ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਐਨ.ਡੀ.ਆਰ.ਐਫ ਨਾਲ ਮਿਲ ਕੇ ਸੰਭਾਵੀ ਹੜ੍ਹਾਂ ਵਰਗੀ ਕਿਸੇ ਵੀ ਹੰਗਾਮੀ ਸਥਿਤੀ ਨਾਲ ਨਜਿੱਠਣ ਲਈ ਮੌਕ ਡਰਿੱਲ ਕੀਤੀ ਜਾਵੇਗੀ।



ਡਿਪਟੀ ਕਮਿਸ਼ਨਰ ਅੱਜ ਮਾਨਸੂਨ ਸੀਜ਼ਨ ਦੇ ਮੱਦੇਨਜ਼ਰ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਕਿਸੇ ਵੀ ਸੰਭਾਵੀ ਹੜ੍ਹ ਵਰਗੀ ਸਥਿਤੀ ਨਾਲ ਪ੍ਰਭਾਵਸ਼ਾਲੀ ਢੰਗ ਨਾਲ ਨਜਿੱਠਣ ਲਈ ਕੀਤੀਆਂ ਜਾ ਰਹੀਆਂ ਵਿਆਪਕ ਤਿਆਰੀਆਂ ਦਾ ਮੁੜ ਜਾਇਜ਼ਾ ਲੈ ਰਹੇ ਸਨ। ਉਨ੍ਹਾਂ ਦੱਸਿਆ ਕਿ ਘੱਗਰ ਦਰਿਆ ’ਤੇ ਸਰਾਲਾ ਹੈਡ ਅਤੇ ਭਾਖੜਾ ਨਹਿਰ ਦੇ ਕਿਸੇ ਉਚਿਤ ਸਥਾਨ ’ਤੇ ਮੌਕ ਡਰਿੱਲ ਕੀਤੀ ਜਾਵੇਗੀ, ਤਾਂ ਜੋ ਤਿਆਰੀਆਂ ਵਿੱਚ ਜੇਕਰ ਕੋਈ ਕਮੀ ਨਜ਼ਰ ਆਵੇ ਤਾਂ ਉਸ ਨੂੰ ਸਮਾਂ ਰਹਿੰਦੇ ਦੂਰ ਕੀਤਾ ਜਾ ਸਕੇ।

ਡਾ. ਹਿਮਾਂਸ਼ੂ ਅਗਰਵਾਲ ਨੇ ਏ.ਡੀ.ਸੀ. (ਸ਼ਹਿਰੀ ਵਿਕਾਸ) ਨਵਰੀਤ ਕੌਰ ਸੇਖੋਂ, ਐਨ.ਡੀ.ਆਰ.ਐਫ ਦੀ 7ਵੀਂ ਬਟਾਲੀਅਨ ਬਠਿੰਡਾ ਦੇ ਸਬ-ਇੰਸਪੈਕਟਰ ਯੋਤਿੰਦਰ ਸਿੰਘ, ਸਮੂਹ ਐਸ.ਡੀ.ਐਮਜ਼, ਪੁਲਿਸ, ਜ਼ਿਲ੍ਹਾ ਮਾਲ ਅਫ਼ਸਰ ਦਿਵਿਆ ਸਿੰਗਲਾ, ਡਰੇਨੇਜ ਵਿਭਾਗ ਦੇ ਕਾਰਜਕਾਰੀ ਇੰਜੀਨੀਅਰ ਅਕਾਸ਼ ਅਗਰਵਾਲ ਅਤੇ ਹੋਰ ਵਿਭਾਗਾਂ ਦੇ ਅਧਿਕਾਰੀਆਂ ਨਾਲ ਬੈਠਕ ਕੀਤੀ।

ਡਿਪਟੀ ਕਮਿਸ਼ਨਰ ਨੇ ਡਰੇਨੇਜ ਵਿਭਾਗ ਨੂੰ ਹਦਾਇਤ ਕੀਤੀ ਕਿ ਨਦੀਆਂ ਦੀਆਂ ਪਛਾਣ ਕੀਤੀਆਂ ਸੰਵੇਦਨਸ਼ੀਲ ਥਾਵਾਂ ’ਤੇ ਆਉਣ ਵਾਲੀ ਜਲਬੂਟੀ ਅਤੇ ਪਾਣੀ ਦੇ ਵਹਾਅ ਵਿੱਚ ਰੁਕਾਵਟ ਪੈਦਾ ਕਰਨ ਵਾਲੀਆਂ ਹੋਰ ਵਸਤਾਂ ਨੂੰ ਤੁਰੰਤ ਦੂਰ ਕਰਨ ਲਈ ਲੋੜੀਂਦੀ ਮਸ਼ੀਨਰੀ 24 ਘੰਟੇ ਤਾਇਨਾਤ ਰੱਖੀ ਜਾਵੇ।

ਉਨ੍ਹਾਂ ਸਾਰੇ ਵਿਭਾਗਾਂ ਨੂੰ ਦੁਹਰਾਇਆ ਕਿ ਜੇਕਰ ਕਿਸੇ ਵਿਭਾਗ ਨੂੰ ਕਿਸੇ ਵੀ ਸਾਜ਼ੋ-ਸਮਾਨ ਦੀ ਲੋੜ ਹੈ ਤਾਂ ਉਹ ਤੁਰੰਤ ਮੰਗ ਕਰ ਲਏ, ਪਰ ਹੜ੍ਹਾਂ ਵਰਗੀ ਸਥਿਤੀ ਦੌਰਾਨ ਜੇਕਰ ਕੋਈ ਲੋੜੀਂਦਾ ਸਮਾਨ ਮੌਜੂਦ ਨਾ ਹੋਇਆ ਤਾਂ ਇਸ ਦਾ ਗੰਭੀਰ ਨੋਟਿਸ ਲਿਆ ਜਾਵੇਗਾ।

ਡਾ. ਹਿਮਾਂਸ਼ੂ ਅਗਰਵਾਲ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸ਼ਾ-ਨਿਰਦੇਸ਼ਾਂ ਮੁਤਾਬਕ ਜ਼ਿਲ੍ਹਾ ਪ੍ਰਸ਼ਾਸਨ ਹਰ ਤਰ੍ਹਾਂ ਦੀ ਸਥਿਤੀ ’ਤੇ ਨੇੜਿਓਂ ਨਿਗਰਾਨੀ ਰੱਖੇਗਾ ਅਤੇ ਮਾਨਸੂਨ ਸੀਜ਼ਨ ਦੌਰਾਨ ਲੋਕਾਂ ਦੀ ਜਾਨ-ਮਾਲ ਦੀ ਸੁਰੱਖਿਆ ਯਕੀਨੀ ਬਣਾਉਣ ਲਈ ਕੋਈ ਢਿੱਲ ਨਹੀਂ ਵਰਤੇਗਾ।

ਉਨ੍ਹਾਂ ਐਸ.ਡੀ.ਐਮਜ਼ ਅਤੇ ਸਮੂਹ ਵਿਭਾਗਾਂ ਵੱਲੋਂ ਕੀਤੀਆਂ ਤਿਆਰੀਆਂ ਦਾ ਜਾਇਜ਼ਾ ਲੈਂਦਿਆਂ ਲੋੜੀਂਦੀਆਂ ਕਿਸ਼ਤੀਆਂ, ਰੱਸੇ, ਲਾਇਫ ਜੈਕੇਟਾਂ, ਗੋਤਾਖੋਰਾਂ ਦੀ ਸੂਚੀ, ਰਾਸ਼ਨ, ਐਮਰਜੈਂਸੀ ਰਾਹਤ ਕੇਂਦਰਾਂ ਅਤੇ ਹੋਰ ਰਾਹਤ ਸਮੱਗਰੀ ਦੀ ਉਪਲਬਧਤਾ ਬਾਰੇ ਵੀ ਜਾਣਕਾਰੀ ਪ੍ਰਾਪਤ ਕੀਤੀ। ਉਨ੍ਹਾਂ ਜ਼ਿਲ੍ਹਾ ਮਾਲ ਅਫ਼ਸਰ ਨੂੰ ਹਦਾਇਤ ਕੀਤੀ ਕਿ ਜਿੱਥੇ ਹੜ੍ਹਾਂ ਵਿੱਚ ਫਸੀਆਂ ਮਨੁੱਖੀ ਜਾਨਾਂ ਨੂੰ ਬਚਾਉਣ ਲਈ ਮੋਟਰਬੋਟਾਂ ਅਤੇ ਲਾਇਫ ਜੈਕੇਟਾਂ ਦਾ ਪੂਰਾ ਪ੍ਰਬੰਧ ਕੀਤਾ ਜਾਵੇ, ਉੱਥੇ ਹੀ ਪਸ਼ੂਆਂ ਨੂੰ ਬਚਾਉਣ ਲਈ ਵੱਡੇ ਬੇੜਿਆਂ ਦਾ ਵੀ ਪ੍ਰਬੰਧ ਕਰਕੇ ਰੱਖਿਆ ਜਾਵੇ। ਉਨ੍ਹਾਂ ਇਹ ਵੀ ਹਦਾਇਤ ਕੀਤੀ ਕਿ ਸੰਭਾਵੀ ਹੜ੍ਹ ਪ੍ਰਭਾਵਿਤ ਇਲਾਕਿਆਂ ਦੀ ਪਹਿਲਾਂ ਤੋਂ ਪਛਾਣ ਕਰਕੇ ਉੱਥੇ ਰਾਹਤ ਅਤੇ ਬਚਾਅ ਕਾਰਜਾਂ ਲਈ ਲੋੜੀਂਦੀ ਟੀਮਾਂ ਨੂੰ ਤਿਆਰ ਰੱਖਿਆ ਜਾਵੇ। ਅਧਿਕਾਰੀਆਂ ਨੇ ਡਿਪਟੀ ਕਮਿਸ਼ਨਰ ਨੂੰ ਭਰੋਸਾ ਦਿਵਾਇਆ ਕਿ ਉਨ੍ਹਾਂ ਦੀਆਂ ਹਦਾਇਤਾਂ ਮੁਤਾਬਕ ਸਾਰੇ ਲੋੜੀਂਦੇ ਪ੍ਰਬੰਧ ਮੁਕੰਮਲ ਕੀਤੇ ਜਾ ਰਹੇ ਹਨ।

# ਡਿਪਟੀ ਕਮਿਸ਼ਨਰ ਵੱਲੋਂ ਸੇਵਾ ਕੇਂਦਰ ਤੇ ਸਬ-ਰਜਿਸਟਰਾਰ ਦਫ਼ਤਰ ਦਾ ਅਚਨਚੇਤ ਨਿਰੀਖਣ, ਲੋਕਾਂ ਨਾਲ ਸਿੱਧੀ ਗੱਲਬਾਤ ਕਰਕੇ ਸੇਵਾਵਾਂ ਦਾ ਲਿਆ ਜਾਇਜ਼ਾ



**ਪਟਿਆਲਾ, 22 ਜੁਲਾਈ**
**-ਛਤਰਪਾਲ ਸਿੰਘ-**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪਟਿਆਲਾ ਦੇ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਅੱਜ ਸੇਵਾ ਕੇਂਦਰ ਅਤੇ ਪਟਿਆਲਾ ਦੇ ਸਬ ਰਜਿਸਟਰਾਰ ਦਫ਼ਤਰ ਅਚਨਚੇਤ ਦਾ ਨਿਰੀਖਣ ਕੀਤਾ। ਉਨ੍ਹਾਂ ਨੇ ਰਜਿਸਟਰੀਆਂ ਤੇ ਹੋਰ ਵੱਖ-ਵੱਖ ਕੰਮ ਕਰਵਾਉਣ ਆਏ ਆਮ ਲੋਕਾਂ ਨਾਲ ਗੱਲਬਾਤ ਕਰਕੇ ਸਰਕਾਰੀ ਸੇਵਾਵਾਂ ਬਾਬਤ ਫੀਡਬੈਕ ਪ੍ਰਾਪਤ ਕੀਤੀ। ਉਨ੍ਹਾਂ ਨੇ ਇੱਥੇ ਲੋਕਾਂ ਦੇ ਬੈਠਣ, ਪੀਣ ਵਾਲੇ ਪਾਣੀ ਤੇ ਹੋਰ ਸਹੂਲਤਾਂ ਦਾ ਵੀ ਜਾਇਜ਼ਾ ਲਿਆ। ਉਨ੍ਹਾਂ ਨੇ ਇਸ ਮੌਕੇ ਮੁਲਾਜ਼ਮਾਂ ਨੂੰ ਚਿਤਾਵਨੀ ਵੀ ਦਿੱਤੀ ਕਿ ਲੋਕਾਂ ਨੂੰ ਕਿਸੇ ਵੀ ਤਰ੍ਹਾਂ ਦੀ ਕੋਈ ਅਸੁਵਿਧਾ ਨਾ ਆਉਣ ਦਿੱਤੀ ਜਾਵੇ।

ਡਾ. ਹਿਮਾਂਸ਼ੂ ਅਗਰਵਾਲ ਨੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠਲੀ ਪੰਜਾਬ ਸਰਕਾਰ ਦੇ ਫਲੈਗਸ਼ਿਪ ਪ੍ਰੋਗਰਾਮ ਈਜ਼ੀ ਰਜਿਸਟਰੀ ਦਾ ਜਾਇਜ਼ਾ ਲੈਂਦਿਆਂ ਇਸ ਗੱਲ ’ਤੇ ਜ਼ੋਰ ਦਿੱਤਾ ਕਿ ਲੋਕ ਸਬ ਰਜਿਸਟਰਾਰ ਦਫ਼ਤਰਾਂ ਵਿਖੇ ਹੀ ਰਜਿਸਟਰੀਆਂ ਲਿਖਣ ਲਈ ਹੈਲਪ ਡੈਸਕ ’ਤੇ ਤਾਇਨਾਤ ਕਰਮਚਾਰੀਆਂ ਤੋਂ ਕੇਵਲ 550 ਰੁਪਏ ਸਰਕਾਰੀ ਫੀਸ ਵਿੱਚ ਆਪਣੀਆਂ ਰਜਿਸਟਰੀਆਂ ਲਿਖਵਾਉਣ। ਡਿਪਟੀ ਕਮਿਸ਼ਨਰ ਨੇ ਸੇਲ ਡੀਡ ਲਿਖਣ ਵਾਲੇ ਕਰਮਚਾਰੀਆਂ ਨੂੰ ਹਦਾਇਤ ਕੀਤੀ ਕਿ ਉਹ ਇੱਥੇ ਆਉਂਦੇ ਲੋਕਾਂ ਨੂੰ ਇਸ ਸੁਵਿਧਾ ਬਾਰੇ ਜਾਣੂ ਕਰਵਾਉਣ ਤੇ ਇੱਥੋਂ ਹੀ ਸੇਲ ਡੀਡ ਤਿਆਰ ਕਰਨ ਲਈ ਪ੍ਰੇਰਿਤ ਕਰਨ। ਉਨ੍ਹਾਂ ਕਿਹਾ ਕਿ ਇਸ ਨਾਲ ਲੋਕਾਂ ਨੂੰ ਸੇਲ ਡੀਡ ਤਿਆਰ ਕਰਨ ਲਈ ਪ੍ਰਾਈਵੇਟ ਲੋਕਾਂ ਅਤੇ ਵਿਚੋਲਿਆਂ ਵੱਲੋਂ ਵਸੂਲੀਆਂ ਜਾਂਦੀਆਂ ਮੋਟੀਆਂ ਫੀਸਾਂ ਨਹੀਂ ਦੇਣੀਆਂ ਪੈਣਗੀਆਂ। ਉਨ੍ਹਾਂ ਨੇ ਰਜਿਸਟਰੀਆਂ ਕਰਵਾਉਣ ਆਏ ਲੋਕਾਂ ਤੋਂ ਫੀਡਬੈਕ ਲਈ ਤੇ ਪੁੱਛਿਆ ਕਿ ਉਨ੍ਹਾਂ ਤੋਂ ਕਿਸੇ ਵਿਅਕਤੀ ਨੇ ਕੋਈ ਤੰਗ ਪ੍ਰੇਸ਼ਾਨ ਤਾਂ ਨਹੀਂ ਕੀਤਾ ? ਡੀ.ਸੀ. ਨੇ ਲੋਕਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਵਿਸ਼ੇਸ਼ ਪਹਿਲਕਦਮੀ ਤਹਿਤ ਜਾਇਦਾਦ ਦੀਆਂ ਰਜਿਸਟਰੀਆਂ ਕਰਵਾਉਣ ਮੌਕੇ ਲੋਕਾਂ ਦੀ ਕਿਸੇ ਵੀ ਤਰ੍ਹਾਂ ਦੀ ਖੱਜਲ ਖੁਆਰੀ ਤੇ ਕਿਸੇ ਕਿਸਮ ਦਾ ਵੀ ਵਾਧੂ ਦਾ ਲੈਣ ਦੇਣ ਬੰਦ ਕਰਕੇ ਨਾਪਾਕ ਗਠਜੋੜ ਖ਼ਤਮ ਕੀਤਾ ਗਿਆ ਹੈ ਅਤੇ ਹੁਣ ਰਜਿਸਟਰੀਆਂ ਕਰਵਾਉਣ ਸਮੇਂ ਨਾਗਰਿਕਾਂ ਨੂੰ ਕਿਸੇ ਟਾਊਟ, ਦਲਾਲ ਜਾਂ ਏਜੰਟ ਦੀ ਕੋਈ ਲੋੜ ਨਹੀਂ ਹੈ।

# ਲੇਖਕ ਗੁਰਮੀਤ ਸਿੰਘ ਤੁੰਗ ਨੇ ਵਿਦਿਆਰਥੀਆਂ ਦੇ ਅੰਦੋਲਨਾਂ, ਲੋਕਤੰਤਰ ਅਤੇ ਸੰਵਾਦ ਦੀ ਲੋੜ ’ਤੇ ਪ੍ਰਗਟਾਏ ਵਿਚਾਰ



— ਗੁਰਮੀਤ ਸਿੰਘ ਤੁੰਗ
ਲੇਖਕ ਅਤੇ ਬਿਓਰੋ ਚੀਫ਼
ਅਦਾਰਾ ਸ਼ਹੀਦ—ਏ—ਆਜ਼ਮ

ਜਦੋਂ ਕਿਸੇ ਦੇਸ਼ ਦੇ ਨੌਜਵਾਨ ਆਪਣੇ ਹੱਥਾਂ ਵਿੱਚ ਕਿਤਾਬਾਂ, ਫੁੱਲ ਅਤੇ ਆਪਣੇ ਭਵਿੱਖ ਦੇ ਸੁਪਨੇ ਲੈ ਕੇ ਸੜਕਾਂ ’ਤੇ ਉਤਰਦੇ ਹਨ, ਤਾਂ ਇਹ ਉਮੀਦ ਕੀਤੀ ਜਾਂਦੀ ਹੈ ਕਿ ਉਨ੍ਹਾਂ ਦੀ ਗੱਲ ਨੂੰ ਧਿਆਨ ਨਾਲ ਸੁਣਿਆ ਜਾਵੇਗਾ। ਪਰ ਜੇ ਅਜਿਹੇ ਨੌਜਵਾਨਾਂ ਦਾ ਸਾਹਮਣਾ ਲਾਠੀਆਂ, ਅੱਥਰੂ ਗੈਸ ਜਾਂ ਹਥਿਆਰਬੰਦ ਬਲਾਂ ਨਾਲ ਹੋਵੇ, ਤਾਂ ਇਹ ਸਿਰਫ਼ ਇੱਕ ਘਟਨਾ ਨਹੀਂ, ਸਗੋਂ ਲੋਕਤੰਤਰ ਦੀ ਕਾਰਗੁਜ਼ਾਰੀ ਬਾਰੇ ਗੰਭੀਰ ਸਵਾਲ ਖੜ੍ਹੇ ਕਰਦੀ ਹੈ।

ਆਪਣੇ ਵਿਚਾਰਾਂ ਵਿੱਚ ਲੇਖਕ ਗੁਰਮੀਤ ਸਿੰਘ ਤੁੰਗ ਨੇ ਕਿਹਾ ਹੈ ਕਿ ਇਤਿਹਾਸ ਸ਼ਾਇਦ ਪਹਿਲੀ ਵਾਰ ਅਜਿਹਾ ਦ੍ਰਿਸ਼ ਦੇਖ ਰਿਹਾ ਹੈ ਜਿੱਥੇ ਨੌਜਵਾਨਾਂ ਦੇ ਹੱਥਾਂ ਵਿੱਚ ਕਿਤਾਬਾਂ ਅਤੇ ਫੁੱਲ ਹਨ, ਜਦਕਿ ਉਨ੍ਹਾਂ ਦੇ ਸਾਹਮਣੇ ਲਾਠੀਆਂ ਅਤੇ ਬੰਦੂਕਾਂ ਖੜ੍ਹੀਆਂ ਹਨ। ਉਨ੍ਹਾਂ ਲਿਖਿਆ ਕਿ ਨਿਹੱਥੇ ਵਿਦਿਆਰਥੀਆਂ ਦੀਆਂ ਆਵਾਜ਼ਾਂ ਨੂੰ ਦਬਾਉਣ ਦੀ ਕੋਸ਼ਿਸ਼ ਸਿਰਫ਼ ਕੁਝ ਵਿਅਕਤੀਆਂ ਦਾ ਨਹੀਂ, ਸਗੋਂ ਲੋਕਤੰਤਰ ਦੀ ਰੂਹ ਦਾ ਵੀ ਨੁਕਸਾਨ ਕਰਦੀ ਹੈ।

ਲੇਖ ਵਿੱਚ ਕਿਹਾ ਗਿਆ ਹੈ ਕਿ ਸਿੱਖਿਆ ਪ੍ਰਾਪਤ ਕਰਨਾ, ਸਵਾਲ ਪੁੱਛਣਾ ਅਤੇ ਆਪਣੀਆਂ ਮੰਗਾਂ ਨੂੰ ਸ਼ਾਂਤਮਈ ਢੰਗ ਨਾਲ ਰੱਖਣਾ ਕਿਸੇ ਵੀ ਲੋਕਤੰਤਰੀ ਸਮਾਜ ਦੇ ਬੁਨਿਆਦੀ ਅਧਿਕਾਰ ਹਨ। ਜੇਕਰ ਇਨ੍ਹਾਂ ਆਵਾਜ਼ਾਂ ਦਾ ਜਵਾਬ ਸੰਵਾਦ ਦੀ ਬਜਾਏ ਬਲ ਪ੍ਰਯੋਗ ਨਾਲ ਦਿੱਤਾ ਜਾਂਦਾ ਹੈ, ਤਾਂ ਇਹ ਲੋਕਤੰਤਰ ਦੀ ਮਜ਼ਬੂਤੀ ਦੀ ਥਾਂ ਉਸ ਦੀ ਕਮਜ਼ੋਰੀ ਨੂੰ ਦਰਸਾਉਂਦਾ ਹੈ।

ਗੁਰਮੀਤ ਸਿੰਘ ਤੁੰਗ ਅਨੁਸਾਰ, ਕਿਸੇ ਵੀ ਸੱਭਿਆਚਾਰਕ ਅਤੇ ਲੋਕਤੰਤਰੀ ਸਮਾਜ ਵਿੱਚ ਅਸਹਿਮਤੀ ਨੂੰ ਦੁਸ਼ਮਣੀ ਨਹੀਂ ਮੰਨਿਆ ਜਾਣਾ ਚਾਹੀਦਾ। ਵਿਚਾਰਾਂ ਦਾ ਜਵਾਬ ਵਿਚਾਰਾਂ ਨਾਲ ਅਤੇ ਸਵਾਲਾਂ ਦਾ ਜਵਾਬ ਤੱਥਾਂ ਤੇ ਸੰਵਾਦ ਨਾਲ ਦਿੱਤਾ ਜਾਣਾ ਚਾਹੀਦਾ ਹੈ। ਵਿਦਿਆਰਥੀਆਂ ਨੂੰ ਵਿਰੋਧੀ ਜਾਂ ਖ਼ਤਰਾ ਸਮਝਣ ਦੀ ਸੋਚ ਸਮਾਜ ਲਈ ਡੂੰਘੀ ਚਿੰਤਾ ਦਾ ਵਿਸ਼ਾ ਹੈ।

ਉਨ੍ਹਾਂ ਕਿਹਾ ਕਿ ਜਦੋਂ ਵਿਦਿਆਰਥੀਆਂ ਦਾ ਲਹੂ ਵਗਦਾ ਹੈ, ਤਾਂ ਇਸ ਦਾ ਦਰਦ ਸਿਰਫ਼ ਉਨ੍ਹਾਂ ਦੇ ਪਰਿਵਾਰਾਂ ਤੱਕ ਸੀਮਤ ਨਹੀਂ ਰਹਿੰਦਾ, ਸਗੋਂ ਪੂਰੇ ਦੇਸ਼ ਦੇ ਜ਼ਮੀਰ ਨੂੰ ਝੰਜੋੜਦਾ ਹੈ। ਅਜਿਹੀਆਂ ਘਟਨਾਵਾਂ ਇਹ ਸਵਾਲ ਖੜ੍ਹਾ ਕਰਦੀਆਂ ਹਨ ਕਿ ਕੀ ਸਿੱਖਿਆ ਪ੍ਰਾਪਤ ਕਰਨਾ, ਆਪਣੇ ਹੱਕਾਂ ਦੀ ਗੱਲ ਕਰਨਾ ਅਤੇ ਸਵਾਲ ਪੁੱਛਣਾ ਹੁਣ ਜੁਰਮ ਸਮਝਿਆ ਜਾਣ ਲੱਗਾ ਹੈ।

ਲੇਖ ਵਿੱਚ ਇਹ ਵੀ ਕਿਹਾ ਗਿਆ ਹੈ ਕਿ ਕਿਤਾਬਾਂ ਨਾਲ ਲੈਸ ਨੌਜਵਾਨ ਕਿਸੇ ਵੀ ਦੇਸ਼ ਦੀ ਸਭ ਤੋਂ ਵੱਡੀ ਤਾਕਤ ਅਤੇ ਭਵਿੱਖ ਹੁੰਦੇ ਹਨ। ਉਨ੍ਹਾਂ ਨੂੰ ਮੌਕੇ, ਸੁਰੱਖਿਆ ਅਤੇ ਭਰੋਸਾ ਦੇਣਾ ਹਰ ਸਰਕਾਰ ਅਤੇ ਸਮਾਜ ਦੀ ਜ਼ਿੰਮੇਵਾਰੀ ਹੈ। ਜਦੋਂ ਉਨ੍ਹਾਂ ਦੇ ਸਾਹਮਣੇ ਬੰਦੂਕਾਂ ਖੜ੍ਹੀਆਂ ਕਰ ਦਿੱਤੀਆਂ ਜਾਣ, ਤਾਂ ਇਹ ਪੂਰੇ ਲੋਕਤੰਤਰੀ ਢਾਂਚੇ ਲਈ ਆਤਮ-ਮੰਥਨ ਦਾ ਸਮਾਂ ਬਣ ਜਾਂਦਾ ਹੈ।

ਲੇਖਕ ਨੇ ਅੰਤ ਵਿੱਚ ਅਪੀਲ ਕੀਤੀ ਕਿ ਅਸਹਿਮਤੀ ਅਤੇ ਵਿਦਿਆਰਥੀ ਅੰਦੋਲਨਾਂ ਨੂੰ ਸੰਵਾਦ, ਸਮਝ ਅਤੇ ਸੰਵਿਧਾਨਕ ਤਰੀਕਿਆਂ ਨਾਲ ਸੁਣਿਆ ਜਾਣਾ ਚਾਹੀਦਾ ਹੈ, ਕਿਉਂਕਿ ਇੱਕ ਮਜ਼ਬੂਤ ਲੋਕਤੰਤਰ ਦੀ ਪਛਾਣ ਆਪਣੇ ਨੌਜਵਾਨਾਂ ਦੀ ਆਵਾਜ਼ ਨੂੰ ਸੁਣਨ ਵਿੱਚ ਹੁੰਦੀ ਹੈ, ਨਾ ਕਿ ਉਸ ਨੂੰ ਦਬਾਉਣ ਵਿੱਚ।




# ਧਰਮ ਸਿੰਘ ਵਾਲਾ ਵਿਖੇ ਮੁੱਖ ਮੰਤਰੀ ਨੇ ਕੀਤੀ ਲੋਕ ਮਿਲਣੀ : ਗੁਰਪ੍ਰੀਤ ਸਿੰਘ ਗੋਲਡੀ



**ਧਰਮਕੋਟ,22 ਜੁਲਾਈ**
**-ਜਗਮੇਲ ਸਿੰਘ ਢਿਲੋਂ-**

ਦੇਸ਼ ਆਜ਼ਾਦ ਹੋਣ ਤੋਂ ਬਾਅਦ ਜਿੰਨੀਆਂ ਵੀ ਸਰਕਾਰਾਂ ਬਣੀਆਂ ਖਾਸ ਕਰਕੇ ਪੰਜਾਬ ਵਿੱਚ ਅੱਜ ਤੱਕ ਆਪਣੇ ਚੋਣ ਮੈਨੀਫੈਸਟੋ ਵਿੱਚ ਜੋ ਵਾਅਦੇ ਜਨਤਾ ਨਾਲ ਕੀਤੇ ਉਹ ਕਿਸੇ ਸਰਕਾਰ ਨੇ ਵੀ ਪੂਰੇ ਨਹੀਂ ਕੀਤੇ. ਪਰ 2022 ਵਿੱਚ ਬਣੀ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਚਾਰ ਸਾਲ ਵਿੱਚ ਹੀ ਆਪਣੇ ਸਾਰੇ ਵਾਅਦੇ ਪੂਰੇ ਕਰ ਦਿੱਤੇ! ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਪਿੰਡ ਧਰਮ ਸਿੰਘ ਵਾਲਾ ਹਲਕਾ ਧਰਮਕੋਟ ਦੇ ਪੰਚਾਇਤ ਮੈਂਬਰ ਅਤੇ ਆਪ ਆਗੂ ਗੁਰਪ੍ਰੀਤ ਸਿੰਘ ਗੋਲਡੀ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ । ਉਹਨਾ ਕਿਹਾ ਕਿ ਭਗਵੰਤ ਮਾਨ ਪੰਜਾਬ ਦੇ ਲੋਕਾਂ ਵਿੱਚ ਇੰਨੇ ਹਰਮਨ ਪਿਆਰੇ ਹੋ ਗਏ ਹਨ ਕਿ ਜਦੋਂ ਉਹ ਪਿੰਡਾਂ ਦੀਆਂ ਸੱਥਾਂ ਵਿੱਚ ਲੋਕ ਮਿਲਨੀਆਂ ਕਰ ਰਹੇ ਹਨ ਤਾਂ ਵੱਡੀ ਗਿਣਤੀ ਵਿੱਚ ਲੋਕ ਆਪਣੇ ਮਹਿਬੂਬ ਨੇਤਾ ਦੇ ਵਿਚਾਰ ਸੁਣ ਲਈ ਉਤਾਵਲੇ ਹੁੰਦੇ ਹਨ । ਉਹਨਾਂ ਕਿਹਾ ਕਿ ਹਲਕਾ ਧਰਮਕੋਟ ਦੇ ਵਿਧਾਇਕ ਦਵਿੰਦਰਜੀਤ ਸਿੰਘ ਲਾਡੀ ਢੋਸ ਵੀ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਦਿਨ ਰਾਤ ਹਲਕੇ ਦੇ ਵਿਕਾਸ ਲਈ ਪਸੀਨਾ ਵਹਾ ਰਹੇ ਹਨ । ਪੰਚ ਗੋਲਡੀ ਨੇ ਕਿਹਾ ਕਿ ਉਹਨਾਂ ਦੇ ਪਿੰਡ ਧਰਮ ਸਿੰਘ ਵਾਲਾ ਵਿਖੇ ਵੀ ਮੁੱਖ ਮੰਤਰੀ ਵੱਲੋਂ ਲੋਕ ਮਿਲਣੀ ਕੀਤੀ ਗਈ । ਇਸ ਮੌਕੇ ਉੱਤੇ ਮੁੱਖ ਮੰਤਰੀ ਨੇ ਆਪਣੀ ਸਰਕਾਰ ਦੀਆਂ ਹੁਣ ਤੱਕ ਦੀਆਂ ਪ੍ਰਾਪਤੀਆਂ ਬਾਰੇ ਲੋਕਾਂ ਨੂੰ ਜਾਣੂ ਕਰਵਾਇਆ ਤੇ ਲੋਕਾਂ ਵੱਲੋਂ ਉਹਨਾਂ ਨੂੰ ਪੂਰਾ ਭਰੋਸਾ ਦਿੱਤਾ ਗਿਆ ਕਿ ਆਉਣ ਵਾਲੀ ਸਰਕਾਰ ਵੀ ਆਮ ਆਦਮੀ ਪਾਰਟੀ ਦੀ ਹੀ ਬਣੇਗੀ । ਇਸ ਮੌਕੇ ਉੱਤੇ ਐਮ ਐਲ ਏ ਸਰਦਾਰ ਦਵਿੰਦਰ ਜੀਤ ਸਿੰਘ ਲਾਡੀ ਢੋਸ ਹਲਕਾ ਧਰਮਕੋਟ ਬਲਾਕ ਪ੍ਰਧਾਨ ਰਾਜਵੀਰ ਸਿੰਘ ਕੰਗ ਗੁਰਪ੍ਰੀਤ ਸਿੰਘ ਪ੍ਰਧਾਨ ਨਗਰ ਕੌਂਸਲ ਗੁਰਦੇਵ ਸਿੰਘ ਸਰਪੰਚ, ਗੁਰਪ੍ਰੀਤ ਸਿੰਘ ਗੋਲਡੀ ਪੰਚ, ਜਾਗੀਰ ਸਿੰਘ ਪੰਚ , ਕੁਲਦੀਪ ਕੌਰ ਪੰਚ ਮਨਜੀਤ ਕੌਰ ਪੰਚ ਨਿਰੰਜਣ ਸਿੰਘ ਨਿਰਵਾਣ ਗੁਰਜੰਟ ਸਿੰਘ ਨਿਰਵਾਣ ਹਰਮਨਪ੍ਰੀਤ ਸਿੰਘ ਗੁਰਦੇਵ ਸਿੰਘ ਰਾਜ ਸਿੰਘ ਬਾਵਾ ਕੁਲਜਿੰਦਰ ਸਿੰਘ ਅਮਰੀਕ ਸਿੰਘ ਰਣਜੀਤ ਸਿੰਘ ਗੁਰਪ੍ਰੀਤ ਸਿੰਘ ਸੁਖਜੀਤ ਸਿੰਘ ਨਛੱਤਰ ਸਿੰਘ ਚਰਨ ਸਿੰਘ ਪਰਦੀਪ ਸਿੰਘ ਸੱਤਨਾਮ ਸਿੰਘ ਬੇਅੰਤ ਸਿੰਘ ਜਗਦੀਪ ਸਿੰਘ ਅੰਮ੍ਰਿਤਜੋਤ ਸਿੰਘ ਜਗਦੀਸ਼ ਲਾਲ ਬਾਵਾ ਨਿਰਵੈਰ ਗੁਰਜੀਤ ਸਿੰਘ ਰਾਵਿੰਦਰ ਸਿੰਘ ਜਸਵਿੰਦਰ ਸਿੰਘ ਸਿੰਘ ਸਿੰਗਾਰਾ ਸਿੰਘ ਡਰੋਲੀ ਕਾਬਲ ਸਿੰਘ ਬਲਕਾਰ ਸਿੰਘ ਮੋਹਨ ਸਿੰਘ ਆਦਿ ਹਾਜ਼ਰ ਸਨ ।

# ਪ੍ਰਸ਼ਾਸਕ ਨੇ ਇੱਕ ਸਮਾਵੇਸ਼ੀ ਸਮਾਜ ਦੀ ਮੰਗ ਕੀਤੀ

**ਚੰਡੀਗੜ੍ਹ, 22 ਜੁਲਾਈ**
**-ਸੰਜੀਵ ਸਿੰਗਲਾ-**

ਪੰਜਾਬ ਦੇ ਰਾਜਪਾਲ ਅਤੇ ਯੂ.ਟੀ. ਚੰਡੀਗੜ੍ਹ ਦੇ ਪ੍ਰਸ਼ਾਸਕ, ਸ਼੍ਰੀ ਗੁਲਾਬ ਚੰਦ ਕਟਾਰੀਆ, ਅੱਜ ਸੈਕਟਰ 31 ਦੇ ਸਮੂਹ ਘਰੇਲੂ ਸੇਵਾਵਾਂ 'ਤੇ ਇੱਕ ਜਾਗਰੂਕਤਾ ਸੈਸ਼ਨ ਵਿੱਚ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ। ਉਨ੍ਹਾਂ ਦੇ ਨਾਲ ਪੰਜਾਬ ਦੇ ਰਾਜਪਾਲ ਦੇ ਐਡੀਸ਼ਨਲ ਮੁੱਖ ਸਕੱਤਰ, ਸ਼੍ਰੀ ਵਿਵੇਕ ਪ੍ਰਤਾਪ ਸਿੰਘ; ਸਮਾਜ ਭਲਾਈ ਵਿਭਾਗ ਦੇ ਸਕੱਤਰ, ਸੁਸ਼੍ਰੀ ਅਨੁਰਾਧਾ ਐੱਸ. ਚਗਤੀ; ਮੁੱਖ ਇੰਜੀਨੀਅਰ, ਸ਼੍ਰੀ ਸੀ.ਬੀ. ਓਝਾ; ਅਤੇ ਚੰਡੀਗੜ੍ਹ ਪ੍ਰਸ਼ਾਸਨ ਦੇ ਹੋਰ ਸੀਨੀਅਰ ਅਧਿਕਾਰੀ ਵੀ ਸਨ। ਸਮਾਜ ਭਲਾਈ ਵਿਭਾਗ, ਚੰਡੀਗੜ੍ਹ ਪ੍ਰਸ਼ਾਸਨ ਦੁਆਰਾ ਆਯੋਜਿਤ ਇਸ ਪ੍ਰੋਗਰਾਮ ਵਿੱਚ ਟ੍ਰਾਇਸਿਟੀ ਭਰ ਦੀਆਂ ਵਿਭਿੰਨ ਸਿਹਤ ਸੰਭਾਲ਼ ਸੰਸਥਾਵਾਂ ਦੇ ਮਨੋਵਿਗਿਆਨੀ, ਸਮੂਹ ਘਰੇਲੂ ਨਿਵਾਸੀਆਂ ਦੇ ਮਾਪਿਆਂ ਅਤੇ ਸਰਪ੍ਰਸਤਾਂ ਅਤੇ ਹੋਰ ਪ੍ਰਮੁੱਖ ਹਿਤਧਾਰਕਾਂ ਨੂੰ ਇਕੱਠਾ ਕੀਤਾ ਗਿਆ।

ਸਮਾਗਮ ਨੂੰ ਸੰਬੋਧਨ ਕਰਦੇ ਹੋਏ ਯੂਟੀ ਚੰਡੀਗੜ੍ਹ ਦੇ ਪ੍ਰਸ਼ਾਸਕ ਨੇ ਕਿਹਾ ਕਿ ਮਾਨਸਿਕ ਬਿਮਾਰੀ ਤੋਂ ਠੀਕ ਹੋਣ ਵਾਲੇ ਵਿਅਕਤੀਆਂ ਅਤੇ ਬੌਧਿਕ ਦਿੱਵਯਾਂਗਤਾ ਵਾਲੇ ਲੋਕਾਂ ਨੂੰ ਨਾ ਕੇਵਲ ਡਾਕਟਰੀ ਇਲਾਜ ਦੀ ਜ਼ਰੂਰਤ ਹੁੰਦੀ ਹੈ, ਬਲਕਿ ਭਾਵਨਾਤਮਕ ਸਹਿਯੋਗ, ਸਮਾਜਿਕ ਸਵੀਕ੍ਰਿਤੀ, ਪੁਨਰਵਾਸ ਅਤੇ ਸਨਮਾਨ ਨਾਲ ਆਤਮਨਿਰਭਰ ਜੀਵਨ ਜਿਊਣ ਦੇ ਅਵਸਰਾਂ ਦੀ ਵੀ ਜ਼ਰੂਰਤ ਹੁੰਦੀ ਹੈ।



ਪ੍ਰਸ਼ਾਸਕ ਨੇ ਮਾਨਸਿਕ ਸਿਹਤ, ਬੌਧਿਕ ਦਿੱਵਯਾਂਗਤਾ ਅਤੇ ਔਟਿਜ਼ਮ ਨਾਲ ਜੁੜੀਆਂ ਭ੍ਰਾਂਤੀਆਂ ਅਤੇ ਸਮਾਜਿਕ ਕਲੰਕ ਨੂੰ ਸਮਾਪਤ ਕਰਨ ਦੀ ਜ਼ਰੂਰਤ 'ਤੇ ਬਲ ਦਿੱਤਾ। ਉਨ੍ਹਾਂ ਨੇ ਕਿਹਾ ਕਿ ਹਰੇਕ ਵਿਅਕਤੀ ਬਰਾਬਰ ਅਧਿਕਾਰ, ਮਾਣ ਅਤੇ ਸਨਮਾਨ ਦਾ ਹੱਕਦਾਰ ਹੈ ਅਤੇ ਸਮਾਜ ਨੂੰ ਭਾਸ਼ਾ ਅਤੇ ਵਿਵਹਾਰ ਦੋਵਾਂ ਵਿੱਚ ਵਧੇਰੇ ਸੰਵੇਦਨਸ਼ੀਲ ਅਤੇ ਸਮਾਵੇਸ਼ੀ ਦ੍ਰਿਸ਼ਟੀਕੋਣ ਅਪਣਾਉਣਾ ਚਾਹੀਦਾ ਹੈ।

ਗੁਣਵੱਤਾਪੂਰਨ ਦੇਖਭਾਲ਼ ਦੇ ਮਹੱਤਵ ਨੂੰ ਉਜਾਗਰ ਕਰਦੇ ਹੋਏ ਸ਼੍ਰੀ ਕਟਾਰੀਆ ਨੇ ਟ੍ਰੇਨਿੰਗ ਪ੍ਰਾਪਤ ਦੇਖਭਾਲ਼ ਕਰਨ ਵਾਲਿਆਂ, ਵਿਸ਼ੇਸ਼ ਸਿੱਖਿਅਕਾਂ, ਮਨੋਵਿਗਿਆਨੀਆਂ, ਡਾਕਟਰਾਂ, ਕਿੱਤਾਮੁਖੀ ਟ੍ਰੇਨਰਾਂ ਅਤੇ ਸਮਾਜਿਕ ਵਰਕਰਾਂ ਦੀ ਜ਼ਰੂਰਤ 'ਤੇ ਜ਼ੋਰ ਦਿੱਤਾ। ਉਨ੍ਹਾਂ ਨੇ ਨਿਯਮਿਤ ਸਿਹਤ ਜਾਂਚ, ਐਮਰਜੈਂਸੀ ਮੈਡੀਕਲ ਸਹਾਇਤਾ, ਪ੍ਰਭਾਵੀ ਸ਼ਿਕਾਇਤ ਨਿਵਾਰਣ ਪ੍ਰਣਾਲੀ ਅਤੇ ਪਰਿਵਾਰਾਂ ਨਾਲ ਨਿਰੰਤਰ ਸੰਵਾਦ ਸੁਨਿਸ਼ਚਿਤ ਕਰਨ ਦੀ ਜ਼ਰੂਰਤ ਵੀ ਦੱਸੀ। ਉਨ੍ਹਾਂ ਨੇ ਸਮਾਜ ਭਲਾਈ ਵਿਭਾਗ, ਮਾਨਸਿਕ ਸਿਹਤ ਸੰਸਥਾਨ, ਗ੍ਰਿੱਡ (ਜੀਆਰਆਈਆਈਡੀ), ਜੀਐੱਮਸੀਐੱਚ-32, ਅਤੇ ਹੋਰ ਸਹਿਯੋਗੀ ਸੰਸਥਾਵਾਂ ਨੂੰ ਮਾਪਿਆਂ ਅਤੇ ਲਾਭਾਰਥੀਆਂ ਤੋਂ ਫੀਡਬੈਕ ਦੇ ਅਧਾਰ 'ਤੇ ਸੇਵਾਵਾਂ ਦੀ ਨਿਯਮਿਤ ਤੌਰ 'ਤੇ ਸਮੀਖਿਆ ਕਰਨ ਅਤੇ ਉਨ੍ਹਾਂ ਨੂੰ ਮਜ਼ਬੂਤ ਕਰਨ ਦੀ ਅਪੀਲ ਕੀਤੀ।

ਪ੍ਰੋਗਰਾਮ ਦੇ ਦੌਰਾਨ ਸਮਾਜ ਭਲਾਈ ਵਿਭਾਗ ਦੇ ਡਾਇਰੈਕਟਰ, ਸ਼੍ਰੀ ਨਵੀਨ ਨੇ ਗਰੁੱਪ ਹੋਮ ਦੇ ਉਦੇਸ਼ਾਂ, ਪਾਤਰਤਾ ਮਾਪਦੰਡ, ਪਾਰਦਰਸ਼ੀ ਦਾਖਲਾ ਪ੍ਰਕਿਰਿਆ, ਮੈਡੀਕਲ ਮੁੱਲਾਂਕਣ, ਡੇਅ-ਕੇਅਰ ਓਰੀਐਂਟੇਸ਼ਨ ਪ੍ਰੋਗਰਾਮ, ਟ੍ਰਾਇਲ ਸਟੇਅ, ਪੁਨਰਵਾਸ ਵਿਵਸਥਾ ਅਤੇ ਨਿਵਾਸੀਆਂ ਲਈ ਉਪਲਬਧ ਵਿਆਪਕ ਸੇਵਾਵਾਂ 'ਤੇ ਵਿਸਤ੍ਰਿਤ ਪ੍ਰਸਤੁਤੀ ਦਿੱਤੀ। ਉਨ੍ਹਾਂ ਨੇ ਗਰੁੱਪ ਹੋਮ ਵਿੱਚ ਉਪਲਬਧ ਸੁਰੱਖਿਅਤ ਆਵਾਸ, ਪੌਸ਼ਟਿਕ ਭੋਜਨ, ਸਲਾਹ-ਮਸ਼ਵਰਾ ਸੇਵਾਵਾਂ, ਜੀਵਨ ਸਕਿੱਲ ਟ੍ਰੇਨਿੰਗ, ਮਨੋਰੰਜਨ ਗਤੀਵਿਧੀਆਂ, ਪਰਿਵਾਰਿਕ ਸਲਾਹ ਅਤੇ ਟ੍ਰੇਨਿੰਗ ਪ੍ਰਾਪਤ ਪੇਸ਼ੇਵਰਾਂ ਦੀ ਨਿਰੰਤਰ ਨਿਗਰਾਨੀ ਜਿਹੀਆਂ ਸੁਵਿਧਾਵਾਂ ਦੀ ਜਾਣਕਾਰੀ ਦਿੱਤੀ। ਨਾਲ ਹੀ ਉਨ੍ਹਾਂ ਨੇ ਦੱਸਿਆ ਕਿ ਪੁਰਸ਼ ਅਤੇ ਮਹਿਲਾ ਨਿਵਾਸੀਆਂ ਲਈ ਅਲੱਗ-ਅਲੱਗ ਆਵਾਸ ਦੀ ਵਿਵਸਥਾ ਕੀਤੀ ਗਈ ਹੈ, ਜਿਸ ਨਾਲ ਸੁਰੱਖਿਅਤ ਅਤੇ ਸਨਮਾਨਜਨਕ ਵਾਤਾਵਰਣ ਸੁਨਿਸ਼ਚਿਤ ਹੋ ਸਕੇ।

ਜੀਐੱਮਸੀਐੱਚ-32, ਚੰਡੀਗੜ੍ਹ ਦੇ ਮਨੋਰੋਗ ਵਿਭਾਗ ਦੇ ਮੁਖੀ ਡਾ. ਅਜੀਤ ਸਿਦਾਨਾ, ਨੇ ਮਾਹਰ ਸੈਸ਼ਨ ਨੂੰ ਸੰਬੋਧਨ ਕਰਦੇ ਹੋਏ ਪ੍ਰਵਾਨਿਤ ਸਟੈਂਡਰਡ ਅਪ੍ਰੇਟਿੰਗ ਪ੍ਰਕਿਰਿਆਵਾਂ (ਐੱਸਓਪੀਜ਼) ਦੇ ਤਹਿਤ ਦਾਖਲੇ ਲਈ ਪਾਤਰ ਦਿੱਵਯਾਂਗਤਾਵਾਂ ਅਤੇ ਮਾਨਸਿਕ ਸਿਹਤ ਸਬੰਧੀ ਸਥਿਤੀਆਂ ਦੀ ਜਾਣਕਾਰੀ ਦਿੱਤੀ। ਉਨ੍ਹਾਂ ਨੇ ਸਫ਼ਲ ਪੁਨਰਵਾਸ ਲਈ ਜਲਦੀ ਦਖਲਅੰਦਾਜ਼ੀ, ਇਲਾਜ ਦੀ ਨਿਰੰਤਰਤਾ ਅਤੇ ਪਰਿਵਾਰ ਦੀ ਸਰਗਰਮ ਭਾਗੀਦਾਰੀ ਦੇ ਮਹੱਤਵ 'ਤੇ ਬਲ ਦਿੱਤਾ।

ਪ੍ਰੋਗਰਾਮ ਇੱਕ ਇੰਟਰਐਕਟਿਵ ਸੈਸ਼ਨ ਨਾਲ ਸਮਾਪਤ ਹੋਇਆ, ਜਿਸ ਵਿੱਚ ਮਨੋਵਿਗਿਆਨੀਆਂ, ਸਿਹਤ ਸੰਭਾਲ਼ ਪੇਸ਼ੇਵਰਾਂ, ਵਿਭਿੰਨ ਸੰਸਥਾਵਾਂ ਦੇ ਪ੍ਰਤੀਨਿਧੀਆਂ, ਮਾਪਿਆਂ ਅਤੇ ਹੋਰ ਹਿਤਧਾਰਕਾਂ ਨੇ ਦਾਖਲਾ ਪ੍ਰਕਿਰਿਆ, ਪਾਤਰਤਾ, ਪੁਨਰਵਾਸ ਸੇਵਾਵਾਂ, ਦੀਰਘਕਾਲੀ ਦੇਖਭਾਲ਼, ਪਰਿਵਾਰ ਦੀ ਭਾਗੀਦਾਰੀ ਅਤੇ ਗਰੁੱਪ ਹੋਮ ਦੇ ਸੰਚਾਲਨ ਨਾਲ ਜੁੜੇ ਵਿਭਿੰਨ ਵਿਸ਼ਿਆਂ 'ਤੇ ਚਰਚਾ ਕੀਤੀ।

ਸਮਾਜ ਭਲਾਈ ਵਿਭਾਗ ਦੇ ਅਧਿਕਾਰੀਆਂ ਅਤੇ ਮਾਹਰਾਂ ਦੇ ਪੈਨਲ ਨੇ ਪ੍ਰਤੀਭਾਗੀਆਂ ਦੇ ਪ੍ਰਸ਼ਨਾਂ ਦਾ ਉੱਤਰ ਦਿੱਤਾ ਅਤੇ ਉਨ੍ਹਾਂ ਨੂੰ ਭਰੋਸਾ ਦਿਵਾਇਆ ਕਿ ਪ੍ਰਾਪਤ ਸੁਝਾਵਾਂ 'ਤੇ ਵਿਚਾਰ ਕਰਕੇ ਇਸ ਪਹਿਲ ਨੂੰ ਹੋਰ ਅਧਿਕ ਪ੍ਰਭਾਵੀ ਅਤੇ ਲਾਭਾਰਥੀਆਂ ਅਤੇ ਉਨ੍ਹਾਂ ਦੇ ਪਰਿਵਾਰਾਂ ਦੀਆਂ ਜ਼ਰੂਰਤਾਂ ਦੇ ਅਨੁਰੂਪ ਬਣਾਇਆ ਜਾਵੇਗਾ।

# ਵਿਧਾਇਕ ਡਾ. ਇਸ਼ਾਂਕ ਕੁਮਾਰ ਚੱਬੇਵਾਲ ਨੇ ਬਲਾਕ ਹੁਸ਼ਿਆਰਪੁਰ-2 ਦੇ ਵਿਕਾਸ ਕਾਰਜਾਂ ਦੀ ਕੀਤੀ ਸਮੀਖਿਆ



**ਹੁਸ਼ਿਆਰਪੁਰ, 22 ਜੁਲਾਈ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਹਲਕਾ ਚੱਬੇਵਾਲ ਦੇ ਵਿਧਾਇਕ ਡਾ. ਇਸ਼ਾਂਕ ਕੁਮਾਰ ਨੇ ਅੱਜ ਬਲਾਕ ਹੁਸ਼ਿਆਰਪੁਰ-2 ਦੇ ਬੀ.ਡੀ.ਪੀ.ਓ. ਅਤੇ ਬਲਾਕ ਅਧੀਨ ਆਉਂਦੀਆਂ ਗ੍ਰਾਮ ਪੰਚਾਇਤਾਂ ਦੇ ਨੁਮਾਇੰਦਿਆਂ ਨਾਲ ਇੱਕ ਅਹਿਮ ਸਮੀਖਿਆ ਮੀਟਿੰਗ ਕੀਤੀ। ਇਸ ਦੌਰਾਨ ਪਿੰਡਾਂ ਵਿੱਚ ਚੱਲ ਰਹੇ ਵਿਕਾਸ ਕਾਰਜਾਂ ਦੀ ਪ੍ਰਗਤੀ ਦਾ ਵਿਸਥਾਰ ਨਾਲ ਜਾਇਜ਼ਾ ਲਿਆ ਗਿਆ ਅਤੇ ਲੰਬਿਤ ਪ੍ਰੋਜੈਕਟਾਂ ਨੂੰ ਜਲਦੀ ਮੁਕੰਮਲ ਕਰਨ ਲਈ ਸਬੰਧਤ ਅਧਿਕਾਰੀਆਂ ਨੂੰ ਲੋੜੀਂਦੇ ਦਿਸ਼ਾ-ਨਿਰਦੇਸ਼ ਜਾਰੀ ਕੀਤੇ ਗਏ।

ਮੀਟਿੰਗ ਦੌਰਾਨ ਵੱਖ-ਵੱਖ ਪਿੰਡਾਂ ਵਿੱਚ ਸੜਕਾਂ, ਗਲੀਆਂ-ਨਾਲੀਆਂ, ਪੀਣ ਵਾਲੇ ਪਾਣੀ ਦੀਆਂ ਸਕੀਮਾਂ, ਸੀਵਰੇਜ, ਸਟਰੀਟ ਲਾਈਟਾਂ, ਕਮਿਊਨਿਟੀ ਭਵਨਾਂ ਅਤੇ ਹੋਰ ਬੁਨਿਆਦੀ ਸਹੂਲਤਾਂ ਨਾਲ ਸਬੰਧਤ ਵਿਕਾਸ ਕਾਰਜਾਂ ਦੀ ਮੌਜੂਦਾ ਸਥਿਤੀ ਬਾਰੇ ਵਿਸਥਾਰਪੂਰਵਕ ਚਰਚਾ ਕੀਤੀ ਗਈ। ਇਸ ਦੇ ਨਾਲ ਹੀ ਜਿਨ੍ਹਾਂ ਕੰਮਾਂ ਵਿੱਚ ਕਿਸੇ ਵੀ ਤਰ੍ਹਾਂ ਦੀ ਦੇਰੀ ਹੋ ਰਹੀ ਹੈ, ਉਨ੍ਹਾਂ ਦੇ ਕਾਰਨਾਂ ਦਾ ਜਾਇਜ਼ਾ ਲੈ ਕੇ ਉਨ੍ਹਾਂ ਨੂੰ ਨਿਰਧਾਰਤ ਸਮੇਂ ਅੰਦਰ ਪੂਰਾ ਕਰਨ ਲਈ ਯੋਜਨਾ ਤਿਆਰ ਕੀਤੀ ਗਈ।

ਡਾ. ਇਸ਼ਾਂਕ ਕੁਮਾਰ ਨੇ ਕਿਹਾ ਕਿ ਪੰਜਾਬ ਸਰਕਾਰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪਿੰਡਾਂ ਦੇ ਸਰਵਪੱਖੀ ਵਿਕਾਸ ਲਈ ਪੂਰੀ ਤਨਦੇਹੀ ਨਾਲ ਕੰਮ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਵਿਕਾਸ ਕਾਰਜਾਂ ਵਿੱਚ ਕਿਸੇ ਵੀ ਤਰ੍ਹਾਂ ਦੀ ਲਾਪਰਵਾਹੀ ਜਾਂ ਬੇਨਿਯਮਤਾ ਨੂੰ ਬਰਦਾਸ਼ਤ ਨਹੀਂ ਕੀਤਾ ਜਾਵੇਗਾ ਅਤੇ ਹਰ ਯੋਜਨਾ ਨੂੰ ਪੂਰੀ ਪਾਰਦਰਸ਼ਤਾ, ਉੱਚ ਗੁਣਵੱਤਾ ਅਤੇ ਨਿਰਧਾਰਤ ਸਮੇਂ ਅੰਦਰ ਮੁਕੰਮਲ ਕਰਨਾ ਸਰਕਾਰ ਦੀ ਪਹਿਲ ਹੈ।

ਵਿਧਾਇਕ ਨੇ ਅਧਿਕਾਰੀਆਂ ਅਤੇ ਪੰਚਾਇਤ ਨੁਮਾਇੰਦਿਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਲੋਕਾਂ ਨੇ ਸਰਕਾਰ 'ਤੇ ਜੋ ਭਰੋਸਾ ਪ੍ਰਗਟਾਇਆ ਹੈ, ਉਸ 'ਤੇ ਖਰਾ ਉਤਰਨਾ ਸਾਡੀ ਸਾਂਝੀ ਜ਼ਿੰਮੇਵਾਰੀ ਹੈ।

ਉਨ੍ਹਾਂ ਕਿਹਾ ਕਿ ਪਿੰਡਾਂ ਦੇ ਵਿਕਾਸ ਨਾਲ ਹੀ ਪੰਜਾਬ ਦੀ ਤਰੱਕੀ ਦਾ ਰਾਹ ਮਜ਼ਬੂਤ ਹੋਵੇਗਾ, ਇਸ ਲਈ ਹਰ ਵਿਕਾਸ ਕਾਰਜ ਦੀ ਨਿਯਮਿਤ ਨਿਗਰਾਨੀ ਕੀਤੀ ਜਾਵੇਗੀ ਤਾਂ ਜੋ ਲੋਕਾਂ ਨੂੰ ਸਰਕਾਰੀ ਯੋਜਨਾਵਾਂ ਦਾ ਪੂਰਾ ਲਾਭ ਮਿਲ ਸਕੇ।

ਉਨ੍ਹਾਂ ਕਿਹਾ ਕਿ ਉਨ੍ਹਾਂ ਦਾ ਹਮੇਸ਼ਾ ਇਹੀ ਯਤਨ ਰਹਿੰਦਾ ਹੈ ਕਿ ਹਲਕਾ ਚੱਬੇਵਾਲ ਦੇ ਹਰ ਪਿੰਡ ਵਿੱਚ ਵਿਕਾਸ ਦੇ ਕੰਮ ਤੇਜ਼ੀ ਨਾਲ ਅੱਗੇ ਵਧਣ ਅਤੇ ਲੋਕਾਂ ਨੂੰ ਬਿਹਤਰ ਬੁਨਿਆਦੀ ਸਹੂਲਤਾਂ ਉਪਲਬਧ ਹੋਣ। ਉਨ੍ਹਾਂ ਪੰਚਾਇਤ ਨੁਮਾਇੰਦਿਆਂ ਨੂੰ ਅਪੀਲ ਕੀਤੀ ਕਿ ਉਹ ਵਿਕਾਸ ਕਾਰਜਾਂ ਦੀ ਨਿਰੰਤਰ ਨਿਗਰਾਨੀ ਕਰਨ ਅਤੇ ਜੇਕਰ ਕਿਸੇ ਵੀ ਪ੍ਰੋਜੈਕਟ ਵਿੱਚ ਕੋਈ ਸਮੱਸਿਆ ਆਉਂਦੀ ਹੈ ਤਾਂ ਉਸ ਬਾਰੇ ਤੁਰੰਤ ਪ੍ਰਸ਼ਾਸਨ ਅਤੇ ਉਨ੍ਹਾਂ ਦੇ ਧਿਆਨ ਵਿੱਚ ਲਿਆਂਦਾ ਜਾਵੇ। ਮੀਟਿੰਗ ਦੌਰਾਨ ਪੰਚਾਇਤ ਨੁਮਾਇੰਦਿਆਂ ਨੇ ਵੀ ਆਪਣੇ-ਆਪਣੇ ਪਿੰਡਾਂ ਨਾਲ ਸਬੰਧਤ ਵਿਕਾਸ ਕਾਰਜਾਂ, ਲੋੜਾਂ ਅਤੇ ਚੁਣੌਤੀਆਂ ਬਾਰੇ ਜਾਣੂ ਕਰਵਾਇਆ, ਜਿਨ੍ਹਾਂ ਦੇ ਹੱਲ ਲਈ ਡਾ. ਇਸ਼ਾਂਕ ਕੁਮਾਰ ਨੇ ਭਰੋਸਾ ਦਿਵਾਇਆ ਕਿ ਹਰ ਜਾਇਜ਼ ਮੰਗ ਨੂੰ ਪਹਿਲ ਦੇ ਆਧਾਰ 'ਤੇ ਵਿਚਾਰਿਆ ਜਾਵੇਗਾ। ਅੰਤ ਵਿੱਚ ਵਿਧਾਇਕ ਨੇ ਕਿਹਾ ਕਿ ਸਰਕਾਰ, ਪ੍ਰਸ਼ਾਸਨ ਅਤੇ ਪੰਚਾਇਤਾਂ ਦੇ ਆਪਸੀ ਸਹਿਯੋਗ ਨਾਲ ਹਲਕਾ ਚੱਬੇਵਾਲ ਦੇ ਹਰ ਪਿੰਡ ਨੂੰ ਵਿਕਾਸ ਦੇ ਨਵੇਂ ਮਾਪਦੰਡਾਂ ਤੱਕ ਪਹੁੰਚਾਇਆ ਜਾਵੇਗਾ ਅਤੇ ਲੋਕ ਭਲਾਈ ਦੇ ਕਾਰਜ ਇਸੇ ਤਰ੍ਹਾਂ ਲਗਾਤਾਰ ਜਾਰੀ ਰਹਿਣਗੇ।

# ਚੇਅਰਮੈਨ ਬਣਨ 'ਤੇ ਹਰਜੀਤ ਸਿੰਘ ਗਰੇਵਾਲ ਨੂੰ ਡਾ. ਕਾਂਸਲ ਨੇ ਦਿੱਤੀ ਵਧਾਈ



**ਪਟਿਆਲਾ, 22 ਜੁਲਾਈ**
**-ਜੀ. ਐਸ. ਤੁੰਗ-**
**-ਸ਼ਹੀਦ-ਏ-ਆਜ਼ਮ-ਬਿਊਰੋ-**

ਭਾਰਤੀ ਜਨਤਾ ਪਾਰਟੀ ਦੇ ਨੌਜਵਾਨ ਆਗੂ ਗੁਰਵਿੰਦਰ ਕਾਂਸਲ ਨੇ ਭਾਰਤ ਸਰਕਾਰ ਵੱਲੋਂ ਕੌਮੀ ਘੱਟ ਗਿਣਤੀ ਕਮਿਸ਼ਨ ਦੇ ਚੇਅਰਮੈਨ ਨਿਯੁਕਤ ਕੀਤੇ ਗਏ ਹਰਜੀਤ ਸਿੰਘ ਗਰੇਵਾਲ ਨਾਲ ਮੁਲਾਕਾਤ ਕਰਕੇ ਉਹਨਾਂ ਨੂੰ ਦਿੱਤੀ ਵਧਾਈ।

ਕਾਂਸਲ ਨੇ ਕਿਹਾ ਕਿ ਹਰਜੀਤ ਸਿੰਘ ਗਰੇਵਾਲ ਨਾਲ ਉਹਨਾਂ ਦੇ ਬਹੁਤ ਪੁਰਾਣੇ ਸਬੰਧ ਹਨ। ਹਰਜੀਤ ਸਿੰਘ ਗਰੇਵਾਲ ਪਿਛਲੇ ਕਈ ਦਹਾਕਿਆਂ ਤੋਂ ਭਾਰਤ ਜਨਤਾ ਪਾਰਟੀ ਨੂੰ ਪੰਜਾਬ ਵਿੱਚ ਮਜ਼ਬੂਤ ਕਰਨ ਲਈ ਕੰਮ ਕਰ ਰਹੇ ਹਨ। ਉਹਨਾਂ ਕਿਹਾ ਕਿ ਹਰਜੀਤ ਗਰੇਵਾਲ ਨੂੰ ਚੇਅਰਮੈਨ ਬਣਾ ਕੇ ਕੇਂਦਰ ਦੀ ਭਾਜਪਾ ਸਰਕਾਰ ਨੇ ਪੰਜਾਬ ਦੇ ਲੋਕਾਂ ਦਾ ਦਿਲ ਜਿੱਤ ਲਿਆ ਹੈ।

ਉਹਨਾਂ ਕਿਹਾ ਕਿ ਇਸ ਨਿਯੁਕਤੀ ਦਾ ਪੰਜਾਬ ਅਤੇ ਦੇਸ਼ ਦੇ ਘੱਟ ਗਿਣਤੀ ਭਾਈਚਾਰੇ ਨੂੰ ਬਹੁਤ ਵੱਡਾ ਲਾਭ ਮਿਲੇਗਾ।

# ਆਈ.ਟੀ.ਆਈ. ਦੇ ਵਿਦਿਆਰਥੀਆਂ ਨੂੰ ਹੁਨਰਮੰਦ ਬਣਾ ਕੇ ਆਧੁਨਿਕ ਉਦਯੋਗਾਂ ਨਾਲ ਜੋੜਨਾ ਹੈ ਸਰਕਾਰ ਦਾ ਮੁੱਖ ਟੀਚਾ: ਗੌਰਵ ਗੌਤਮ

**ਚੰਡੀਗੜ੍ਹ, 22 ਜੁਲਾਈ**
**-ਸੰਜੀਵ ਸ਼ਰਮਾ-**

ਹਰਿਆਣਾ ਦੇ ਯੁਵਾ ਸਸ਼ਕਤੀਕਰਨ ਅਤੇ ਉੱਦਮਤਾ ਰਾਜ ਮੰਤਰੀ ਸ੍ਰੀ ਗੌਰਵ ਗੌਤਮ ਨੇ ਕਿਹਾ ਕਿ ਸੂਬਾ ਸਰਕਾਰ ਦਾ ਮੁੱਖ ਟੀਚਾ ਉਦਯੋਗਿਕ ਸਿਖਲਾਈ ਸੰਸਥਾਵਾਂ (ਆਈ.ਟੀ.ਆਈ.) ਵਿੱਚ ਪੜ੍ਹ ਰਹੇ ਵਿਦਿਆਰਥੀਆਂ ਨੂੰ ਆਧੁਨਿਕ ਅਤੇ ਗੁਣਵੱਤਾਪੂਰਣ ਸਿੱਖਿਆ ਪ੍ਰਦਾਨ ਕਰਨਾ ਹੈ, ਤਾਂ ਜੋ ਸੂਬੇ ਦੇ ਨੌਜਵਾਨ ਦੇਸ਼ ਦੀਆਂ ਮੋਹਰੀ ਅਤੇ ਪ੍ਰਤਿਸ਼ਠਤ ਉਦਯੋਗਿਕ ਕੰਪਨੀਆਂ ਦੀਆਂ ਲੋੜਾਂ ਅਨੁਸਾਰ ਤਿਆਰ ਹੋ ਕੇ ਉਨ੍ਹਾਂ ਨਾਲ ਜੁੜ ਸਕਣ। ਇਸੇ ਦਿਸ਼ਾ ਵਿੱਚ ਕਦਮ ਚੁੱਕਦਿਆਂ ਸੂਬੇ ਦੀਆਂ ਆਈ.ਟੀ.ਆਈ. ਵਿੱਚ ਅੱਤਆਧੁਨਿਕ ਮਸ਼ੀਨਰੀ ਅਤੇ ਨਵੇਂ ਉਪਕਰਨ ਮੁਹੱਈਆ ਕਰਵਾਏ ਜਾਣਗੇ, ਜਿਸ ਨਾਲ ਨੌਜਵਾਨਾਂ ਨੂੰ ਉਦਯੋਗਾਂ ਦੀ ਮੌਜੂਦਾ ਮੰਗ ਅਨੁਸਾਰ ਆਧੁਨਿਕ ਵਿਧੀਆਂ ਵਿੱਚ ਪੂਰੀ ਤਰ੍ਹਾਂ ਨਿਪੁੰਨ ਬਣਾਇਆ ਜਾ ਸਕੇ।



ਹਰਿਆਣਾ ਸਿਵਲ ਸਕੱਤਰੇਤ ਵਿੱਚ ਹੁਨਰ ਵਿਕਾਸ ਅਤੇ ਉਦਯੋਗਿਕ ਸਿਖਲਾਈ ਵਿਭਾਗ ਦੀ ਉੱਚ ਪੱਧਰੀ ਖਰੀਦ ਕਮੇਟੀ ਦੀ ਮੀਟਿੰਗ ਦੀ ਅਗਵਾਈ ਕਰਦਿਆਂ ਰਾਜ ਮੰਤਰੀ ਨੇ ਵਿਭਾਗੀ ਅਧਿਕਾਰੀਆਂ ਨੂੰ ਜ਼ਰੂਰੀ ਦਿਸ਼ਾ-ਨਿਰਦੇਸ਼ ਜਾਰੀ ਕੀਤੇ। ਮੀਟਿੰਗ ਦੌਰਾਨ ਆਈ.ਟੀ.ਆਈ. ਵਿੱਚ ਸਿਖਲਾਈ ਦੇ ਗੁਣਵੱਤਾ ਨੂੰ ਹੋਰ ਸੁਧਾਰਨ ਅਤੇ ਨਵੇਂ ਜ਼ਮਾਨੇ ਦੇ ਤਕਨੀਕੀ ਸਾਧਨਾਂ ਨੂੰ ਜਲਦੀ ਤੋਂ ਜਲਦੀ ਉਪਲਬਧ ਕਰਵਾਉਣ ਬਾਰੇ ਵਿਸਤ੍ਰਿਤ ਚਰਚਾ ਕੀਤੀ ਗਈ।

**ਡਿਗਰੀ ਦੇ ਨਾਲ ਹੁਨਰ ਯੁਕਤ ਨੌਜਵਾਨ ਹੀ ਹਨ ਅਸਲ ਤਾਕਤ**

ਇਸ ਦੌਰਾਨ ਰਾਜ ਮੰਤਰੀ ਸ੍ਰੀ ਗੌਰਵ ਗੌਤਮ ਨੇ ਕਿਹਾ ਕਿ ਅੱਜ ਦੇ ਮੁਕਾਬਲੇਬਾਜ਼ੀ ਦੇ ਦੌਰ ਵਿੱਚ ਸਿਰਫ ਵਿਦਿਅਕ ਡਿਗਰੀ ਹੋਣਾ ਹੀ ਕਾਫ਼ੀ ਨਹੀਂ ਹੈ, ਸਗੋਂ ਵਿਹਾਰਕ ਹੁਨਰ ਨਾਲ ਯੁਕਤ ਨੌਜਵਾਨ ਹੀ ਸਭ ਤੋਂ ਵੱਡੀ ਤਾਕਤ ਹਨ। ਕੇਂਦਰ ਅਤੇ ਰਾਜ ਸਰਕਾਰ ਦਾ ਸਾਂਝਾ ਅਤੇ ਸਪੱਸ਼ਟ ਟੀਚਾ ਹੈ ਕਿ ਪ੍ਰਦੇਸ਼ ਦੇ 'ਹਰ ਹੱਥ ਨੂੰ ਹੁਨਰ' ਮਿਲੇ। ਜਦੋਂ ਨੌਜਵਾਨ ਹੁਨਰ ਸੰਪੰਨ ਹੋਣਗੇ, ਤਦ ਹੀ ਉਹ ਆਤਮਨਿਰਭਰ ਬਣਨਗੇ ਅਤੇ ਇੱਕ ਵਿਕਸਿਤ ਤੇ ਸ਼ਕਤੀਸ਼ਾਲੀ ਭਾਰਤ ਦੇ ਨਿਰਮਾਣ ਵਿੱਚ ਆਪਣਾ ਮਹੱਤਵਪੂਰਨ ਯੋਗਦਾਨ ਪਾ ਸਕਣਗੇ।

**ਆਈ.ਟੀ.ਆਈ. ਵਿੱਚ ਮਿਲੇਗੀ ਹੋਰ ਬਿਹਤਰ ਸਿਖਲਾਈ**

ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਨੌਜਵਾਨਾਂ ਦੇ ਹੁਨਰ ਵਿਕਾਸ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਆਈ.ਟੀ.ਆਈ. ਵਿੱਚ ਆਧੁਨਿਕ ਤਕਨੀਕਾਂ ਦੇ ਸਮਾਵੇਸ਼ ਨਾਲ ਵਿਦਿਆਰਥੀਆਂ ਨੂੰ ਨਾ ਸਿਰਫ਼ ਬਿਹਤਰ ਸਿਖਲਾਈ ਮਿਲੇਗੀ, ਸਗੋਂ ਉਹ ਸਿੱਧੇ ਤੌਰ 'ਤੇ ਉਦਯੋਗਿਕ ਖੇਤਰ ਦੀ ਮੰਗ ਨੂੰ ਪੂਰਾ ਕਰਨ ਵਿੱਚ ਸਮਰੱਥ ਹੋਣਗੇ। ਇਸ ਨਾਲ ਸੂਬੇ ਵਿੱਚ ਨੌਜਵਾਨਾਂ ਲਈ ਰੁਜ਼ਗਾਰ ਦੇ ਨਵੇਂ ਮੌਕੇ ਪੈਦਾ ਹੋਣਗੇ। ਮੀਟਿੰਗ ਵਿੱਚ ਯੁਵਾ ਸਸ਼ਕਤੀਕਰਨ ਅਤੇ ਉੱਦਮਤਾ ਵਿਭਾਗ ਦੇ ਪ੍ਰਿੰਸੀਪਲ ਸਕੱਤਰ ਸ੍ਰੀ ਰਾਜੀਵ ਰੰਜਨ, ਕੌਸ਼ਲ ਨਿਗਮ ਅਤੇ ਉਦਯੋਗਿਕ ਸਿਖਲਾਈ ਵਿਭਾਗ ਦੇ ਡਾਇਰੈਕਟਰ ਸ੍ਰੀ ਸਿਤੇਂਦਰ ਦੂਹਨ ਅਤੇ ਹੋਰ ਅਧਿਕਾਰੀ ਮੌਜੂਦ ਸਨ।

# ਨਰਮੇ ਦੀ ਫ਼ਸਲ ਤੇ ਰਸ-ਚੂਸਕ ਕੀੜਿਆਂ ਅਤੇ ਗੁਲਾਬੀ ਸੁੰਡੀ ਦਾ ਸਰਵੇਖਣ ਅਤਿ ਜ਼ਰੂਰੀ : ਜ਼ਿਲ੍ਹਾ ਸਿਖਲਾਈ ਅਫ਼ਸਰ

**ਬਠਿੰਡਾ, 22 ਜੁਲਾਈ**
**-ਗੁਰਤੇਜ ਅਤਲਾ-**

ਡਾਇਰੈਕਟਰ, ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ, ਪੰਜਾਬ ਡਾ. ਗੁਰਜੀਤ ਸਿੰਘ ਬਰਾੜ ਦੇ ਦਿਸ਼ਾ- ਨਿਰਦੇਸ਼ਾਂ ਹੇਠ ਡਾ. ਪ੍ਰਭਜੋਤ ਕੌਰ, ਜ਼ਿਲ੍ਹਾ ਸਿਖਲਾਈ ਅਫਸਰ, ਬਠਿੰਡਾ ਦੀ ਅਗਵਾਈ ਹੇਠ ਬਲਾਕ ਸੰਗਤ ਦੇ ਪਿੰਡ ਜੱਸੀ ਬਾਗ ਵਾਲੀ ਵਿਖੇ ਸਟਾਫ਼ ਦੇ ਸਹਿਯੋਗ ਨਾਲ 'ਮਿਸ਼ਨ ਫਾਰ ਕਾਟਨ ਪ੍ਰੋਡਕਟੀਵਿਟੀ' ਹੇਠ ਟ੍ਰੇਨਿੰਗ ਲਗਾਈ ਗਈ। ਟ੍ਰੇਨਿੰਗ ਦੌਰਾਨ ਖੇਤੀ ਮਾਹਿਰਾਂ ਵੱਲੋਂ ਨਰਮਾ, ਝੋਨਾ, ਬਾਸਮਤੀ, ਪਕਾਵੀਂ ਮੱਕੀ ਅਤੇ ਕਿਸਾਨ ਆਈਡੀ ਸਬੰਧੀ ਜਾਣਕਾਰੀ ਦਿੱਤੀ ਗਈ।ਖੇਤੀ ਮਾਹਿਰ ਡਾ. ਜਸਵਿੰਦਰ ਕੌਰ ਏ.ਡੀ.ਓ. (ਟ੍ਰੇਨਿੰਗ) ਬਠਿੰਡਾ ਨੇ ਨਰਮੇ ਦੀ ਫ਼ਸਲ 'ਤੇ ਆਪਣੇ ਵਿਚਾਰ ਸਾਂਝੇ ਕੀਤੇ ਅਤੇ ਦੱਸਿਆ ਕਿ ਇਸ ਸਮੇਂ ਕਿਸਾਨ ਆਪਣੇ ਖੇਤਾਂ ਵਿੱਚ ਸਰਵੇਖਣ ਕਰਦੇ ਰਹਿਣ, ਕਿਉਂਕਿ ਸਰਵੇਖਣ ਦੌਰਾਨ ਕਈ ਖੇਤਾਂ ਵਿੱਚ ਰਸ-ਚੂਸਕ ਕੀੜਿਆਂ ਵਿੱਚ ਤੇਲਾ, ਚਿੱਟਾ ਮੱਛਰ ਅਤੇ ਭੂਰੀ ਜੂੰ ਦੇਖਣ ਨੂੰ ਮਿਲੀ ਹੈ ਜੋ ਕਿ ਆਰਥਿਕ ਕਗਾਰ ਦੇ ਪੱਧਰ ਤੋਂ ਘੱਟ ਹੈ। ਇਨ੍ਹਾਂ ਰਸ ਚੂਸਕ ਕੀੜਿਆਂ ਦੇ ਕੰਟਰੋਲ ਲਈ ਕਿਸਾਨ ਨਿੰਮ ਦੇ ਤੇਲ ਦੀਆਂ ਘੱਟੋ-ਘੱਟ ਦੋ ਸਪਰੇਹਾਂ ਜ਼ੂਰ ਕਰ ਦੇਣ ਅਤੇ ਜੇਕਰ ਕਿਸੇ ਖੇਤ ਵਿੱਚ ਕੀੜੇ ਆਪਣੀ ਆਰਥਿਕ ਕਗਾਰ ਪੱਧਰ ਤੋਂ ਵੱਧ ਪਾਏ ਜਾਂਦੇ ਹਨ ਤਾਂ ਰਸਾਇਣਿਕ ਸਪਰੇਆਂ ਦਾ ਛਿੜਕਾ ਕੀਤਾ ਜਾਵੇ। ਇਸ ਸਮੇਂ ਗੁਲਾਬੀ ਸੁੰਡੀ ਲਈ ਵੀ ਫੁੱਲਾਂ ਦਾ ਸਰਵੇਖਣ ਅਤਿ ਜਰੂਰੀ ਹੈ ਅਤੇ ਜੇਕਰ 100 ਫੁੱਲਾਂ ਪਿੱਛੇ 5 ਫੁੱਲਾਂ ਵਿੱਚ ਗੁਲਾਬੀ ਸੁੰਡੀ ਨਜ਼ਰ ਆਉਂਦੀ ਹੈ ਤਾਂ ਤੁਰੰਤ ਸੁੰਡੀ ਦੇ ਕੰਟਰੋਲ ਲਈ ਸਪਰੇਆਂ ਕੀਤੀਆਂ ਜਾਣ। ਯਾਦਵੀਰ ਕੌਰ ਏ.ਡੀ.ਓ. (ਡੈਮੋ), ਬਠਿੰਡਾ ਨੇ ਝੋਨੇ ਦੀ ਫ਼ਸਲ ਚ ਲਵਾਈ ਤੋਂ ਬਾਅਦ ਯੂਰੀਆ ਨੂੰ ਤਿੰਨ ਵਾਰੀਆਂ 'ਚ ਵੰਡ ਕੇ ਪਾਉਣ ਲਈ ਕਿਹਾ। ਪਹਿਲੀ ਕਿਸ਼ਤ ਲਵਾਈ ਤੋਂ ਸੱਤ ਦਿਨਾਂ ਤੱਕ, ਦੂਜੀ 21 ਦਿਨਾਂ ਤੱਕ ਅਤੇ ਤੀਜੀ ਕਿਸ਼ਤ 35 (ਪੀਆਰ 126) ਅਤੇ 42 (ਵੱਧ ਸਮਾਂ ਲੈਣ ਵਾਲੀਆਂ ਕਿਸਮਾਂ) ਦਿਨਾਂ ਤੇ ਪਾਉਣ ਨੂੰ ਕਿਹਾ। ਨਦੀਨ ਨਾਸ਼ਕਾਂ ਨੂੰ ਦੋ-ਚਾਰ ਪੱਤੇ ਦੀ ਸਟੇਜ ਤੱਕ ਪਾਉਣ ਲਈ ਕਿਹਾ। ਅੰਤ ਵਿੱਚ ਦਿਲਪ੍ਰੀਤ ਸਿੰਘ ਏ.ਡੀ.ਓ. ਨੇ ਫਾਰਮਰ ਆਈਡੀ ਬਾਰੇ ਦੱਸਿਆ ਅਤੇ ਕਿਸਾਨਾਂ ਦਾ ਕੈਂਪ ਵਿੱਚ ਆਉਣ ਤੇ ਧੰਨਵਾਦ ਕੀਤਾ।



# ਟ੍ਰੈਫਿਕ ਪੁਲਿਸ ਮਾਛੀਵਾੜਾ ਵੱਲੋਂ ਸਕੂਲੀ ਬੱਸਾਂ ਦੀ ਕੀਤੀ ਗਈ ਚੈਕਿੰਗ, ਕੱਟੇ ਚਲਾਨ

**ਮਾਛੀਵਾੜਾ ਸਾਹਿਬ, 22 ਜੁਲਾਈ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਟਰੈਫਿਕ ਨਿਯਮਾਂ ਦੀ ਸੁਚਾਰੂ ਢੰਗ ਨਾਲ ਪਾਲਣਾ ਕਰਨ ਹਿੱਤ ਐਸ.ਐਸ.ਪੀ. ਖੰਨਾ ਮੈਡਮ ਦਰਪਣ ਆਹਲੂਵਾਲੀਆ ਅਤੇ ਡੀ.ਐਸ.ਪੀ.ਟ੍ਰੈਫਿਕ ਕਰਮਵੀਰ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਮਾਛੀਵਾੜਾ ਸਾਹਿਬ ਟ੍ਰੈਫਿਕ ਇੰਚਾਰਜ ਥਾਣੇਦਾਰ ਜਸਵੀਰ ਸਿੰਘ ਵੱਲੋਂ ਸਕੂਲੀ ਵਾਹਨਾਂ ਦੀ ਚੈਕਿੰਗ ਕਰਦਿਆਂ ਉਲੰਘਣਾ ਕਰਨ ਵਾਲਿਆਂ ਦੇ ਚਲਾਨ ਕੱਟੇ ਗਏ। ਥਾਣੇਦਾਰ ਜਸਵੀਰ ਸਿੰਘ ਟਰੈਫਿਕ ਇੰਚਾਰਜ ਮਾਛੀਵਾੜਾ ਸਾਹਿਬ ਨੇ ਦੱਸਿਆ ਕਿ ਪੰਜਾਬ ਸਰਕਾਰ ਅਤੇ ਉਚ ਅਧਿਕਾਰੀਆਂ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਸਕੂਲੀ ਵਾਹਨਾਂ ਦੀ ਚੈਕਿੰਗ ਕੀਤੀ ਜਾ ਰਹੀ ਹੈ। ਜਿਨਾਂ ਕੋਲ ਮੌਜੂਦਾ ਵਾਹਨ ਦੇ ਕਾਗਜ਼ਾਤ ਪੂਰੇ ਨਹੀਂ ਹਨ ਉਹਨਾਂ ਦੇ ਚਲਾਨ ਕੱਟੇ ਜਾ ਰਹੇ ਹਨ ।ਅੱਜ ਮਾਛੀਵਾੜਾ ਸਾਹਿਬ ਵਾਹਨਾਂ ਨੂੰ ਰੋਕ ਕੇ ਚੈਕਿੰਗ ਕੀਤੀ ਅਤੇ ਕਾਗਜਾਂ ਦੀ ਕਮੀ ਵਾਲਿਆਂ ਨੂੰ ਚੇਤਾਵਨੀ ਵੀ ਦਿੱਤੀ ਅਤੇ ਜਿਨ੍ਹਾਂ ਕੋਲ ਕੋਈ ਵੀ ਕਾਗਜ਼ ਪੱਤਰ ਮੌਜੂਦ ਨਹੀਂ ਸੀ ਜਾਂ ਨੰਬਰ ਪਲੇਟ ਨਹੀਂ ਲੱਗੀ ਸੀ , ਬੱਸਾਂ ਦੀ ਫਿੱਟਨੈਸ ਨਹੀਂ ਸੀ,ਜਾ ਇੰਨਸ਼ੋਰੈਂਸ ਨਹੀਂ ਸੀ, ਉਨ੍ਹਾਂ ਦੇ ਚਲਾਣ ਕੱਟੇ ਗਏ। ਉਹਨਾਂ ਖਾਸ ਤਾੜਨਾ ਕਰਦਿਆਂ ਕਿਹਾ ਕਿ ਬੱਸ ਵਿੱਚ ਡਰਾਈਵਰ ਦੇ ਨਾਲ ਉਸਦਾ ਸਹਾਇਕ ਕੰਡਕਟਰ ਹੋਣਾ ਵੀ ਜਰੂਰੀ ਹੈ। । ਉਹਨਾਂ ਵਾਹਨ ਚਾਲਕਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਵਾਹਨ ਚਾਲਕ ਆਪਣੇ ਵਾਹਨਾਂ ਦੇ ਕਾਗਜ਼ਾਤ ਪੂਰੇ ਰੱਖਣ ਤਾਂ ਜੋ ਕਿਸੇ ਵੀ ਸਮੱਸਿਆ ਦਾ ਉਹਨਾਂ ਨੂੰ ਸਾਹਮਣਾ ਨਾ ਕਰਨਾ ਪਵੇ, ਅਣਗਹਿਲੀ ਕਰਨ ਵਾਲਿਆਂ ਤੇ ਕਾਨੂੰਨੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ। ਉਹਨਾਂ ਕਿਹਾ ਕਿ ਨਿਯਮਾਂ ਦੀ ਉਲੰਘਣ ਕਰਨ ਵਾਲਿਆਂ ਨੂੰ ਕਿਸੇ ਵੀ ਕੀਮਤ ਇਹ ਬਖਸ਼ਿਆ ਨਹੀਂ ਜਾਵੇਗਾ।



SEA DESIGN COMPANY
Customized and Designer
- Wedding Invitations
- Shagan Envelop
- Wedding Boxes & Cards
- Sahi Chithi
(MDF/Acrylic/Foldable Boxes)
98881-88887, 93577-77786

Shaheed-e-Azam
PRINTING PRESS
WORLDWIDE SHIPPING SERVICE
★ Business Cards ★ Books & Note Books
★ Flyers & Broucher ★ Diaries
★ Poster ★ Carry Bags
Opp. Gurudwara Dukhniwaran Sahib Srihind Road, Patiala

# ਪੰਜਾਬ ਇਸ ਸਮੇਂ ਕਈ ਗੰਭੀਰ ਚੁਣੌਤੀਆਂ ਦਾ ਸਾਹਮਣਾ ਕਰ ਰਿਹੈ : ਗਿਆਨੀ ਹਰਪ੍ਰੀਤ ਸਿੰਘ



**ਮੂਨਕ, 22 ਜੁਲਾਈ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਸ਼੍ਰੋਮਣੀ ਅਕਾਲੀ ਦਲ ਪੁਨਰ ਸਰਜੀਤ ਵੱਲੋਂ ਲਹਿਰਾ ਹਲਕੇ ਦੇ ਮਲਾਣਾ ਪੈਲੇਸ ਵਿਖੇ ਅਸੈਂਬਲੀ ਪੱਧਰ ਦੀ ਰੈਲੀ ਕਰਵਾਈ ਗਈ। ਰੈਲੀ ਨੂੰ ਸੰਬੋਧਨ ਕਰਦਿਆਂ ਪਾਰਟੀ ਦੇ ਪ੍ਰਧਾਨ ਗਿਆਨੀ ਹਰਪ੍ਰੀਤ ਸਿੰਘ ਨੇ ਕਿਹਾ ਕਿ ਪੰਜਾਬ ਇਸ ਸਮੇਂ ਕਈ ਗੰਭੀਰ ਚੁਣੌਤੀਆਂ ਦਾ ਸਾਹਮਣਾ ਕਰ ਰਿਹਾ ਹੈ। ਉਨ੍ਹਾਂ ਦੋਸ਼ ਲਾਇਆ ਕਿ ਸੂਬੇ ਵਿੱਚ ਕਾਨੂੰਨ-ਵਿਵਸਥਾ ਦੀ ਸਥਿਤੀ ਵਿਗੜ ਰਹੀ ਹੈ ਅਤੇ ਗੈਂਗਸਟਰਵਾਦ ਤੇ ਫਿਰੌਤੀ ਮੰਗਣ ਦੀਆਂ ਘਟਨਾਵਾਂ ਕਾਰਨ ਲੋਕਾਂ ਵਿੱਚ ਅਸੁਰੱਖਿਆ ਦਾ ਮਾਹੌਲ ਬਣਿਆ ਹੋਇਆ ਹੈ। ਉਨ੍ਹਾਂ ਕਿਹਾ ਕਿ ਪੰਜਾਬ ਨੂੰ ਵੀਹ ਸਾਲ ਪਹਿਲਾਂ ਦੇ ਬਿਹਾਰ ਵਰਗੀ ਸਥਿਤੀ ਵੱਲ ਧੱਕਿਆ ਜਾ ਰਿਹਾ ਹੈ।

ਉਨ੍ਹਾਂ ਕਿਹਾ ਕਿ ਸੂਬੇ ਵਿੱਚ ਬੇਰੁਜ਼ਗਾਰੀ ਲਗਾਤਾਰ ਵੱਧ ਰਹੀ ਹੈ, ਜਦਕਿ ਪੰਜਾਬ ਦੀ ਪਛਾਣ, ਵਿਰਾਸਤ ਅਤੇ ਸੱਭਿਆਚਾਰ ਨੂੰ ਬਦਲਣ ਦੇ ਯਤਨ ਕੀਤੇ ਜਾ ਰਹੇ ਹਨ। ਗਿਆਨੀ ਹਰਪ੍ਰੀਤ ਸਿੰਘ ਨੇ ਦੋਸ਼ ਲਾਇਆ ਕਿ ਲੋਕਾਂ ਦੇ ਅਸਲ ਮੁੱਦਿਆਂ ਤੋਂ ਧਿਆਨ ਹਟਾਉਣ ਲਈ ਬੇਲੋੜੇ ਵਿਵਾਦ ਖੜ੍ਹੇ ਕੀਤੇ ਜਾ ਰਹੇ ਹਨ ਅਤੇ ਲੋਕਾਂ ਨੂੰ ਹਕੀਕੀ ਸਮੱਸਿਆਵਾਂ ਦੀ ਬਜਾਏ ਹੋਰ ਮਸਲਿਆਂ ਵਿੱਚ ਉਲਝਾਇਆ ਜਾ ਰਿਹਾ ਹੈ, ਜੋ ਸੂਬੇ ਦੇ ਭਵਿੱਖ ਲਈ ਚਿੰਤਾਜਨਕ ਹੈ।ਪ੍ਰਧਾਨ ਮੰਤਰੀ ਵੱਲੋਂ ਸ਼੍ਰੋਮਣੀ ਅਕਾਲੀ ਦਲ ਸਬੰਧੀ ਕੀਤੀ ਟਿੱਪਣੀ ਉੱਤੇ ਸੁਖਬੀਰ ਸਿੰਘ ਬਾਦਲ ਵੱਲੋਂ ਦਿੱਤੇ ਜਵਾਬ ਬਾਰੇ ਪ੍ਰਤੀਕਿਰਿਆ ਦਿੰਦਿਆਂ ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਦੇ ਪ੍ਰਧਾਨ ਗਿਆਨੀ ਹਰਪ੍ਰੀਤ ਸਿੰਘ ਨੇ ਕਿਹਾ ਕਿ ਸੁਖਬੀਰ ਸਿੰਘ ਬਾਦਲ ਦੇ ਬਿਆਨ ਨੇ ਖੁਦ ਇਹ ਸਪੱਸ਼ਟ ਕਰ ਦਿੱਤਾ ਹੈ ਕਿ ਪੁਨਰ ਸੁਰਜੀਤ ਅਕਾਲੀ ਦਲ ਹੀ ਅਸਲੀ ਅਕਾਲੀ ਦਲ ਹੈ।

ਗਿਆਨੀ ਹਰਪ੍ਰੀਤ ਸਿੰਘ ਨੇ ਕਿਹਾ ਕਿ ਜੇਕਰ ਸੁਖਬੀਰ ਸਿੰਘ ਬਾਦਲ ਨੂੰ ਅਕਾਲੀ ਦਲ ਦੀ ਅਸਲ ਪਛਾਣ, ਸਿਧਾਂਤਾਂ ਅਤੇ ਵਿਰਾਸਤ ਬਾਰੇ ਸਪੱਸ਼ਟੀਕਰਨ ਦੇਣ ਦੀ ਲੋੜ ਪੈ ਰਹੀ ਹੈ ਤਾਂ ਇਹ ਆਪਣੇ ਆਪ ਵਿੱਚ ਵੱਡਾ ਸਵਾਲ ਹੈ। ਉਨ੍ਹਾਂ ਕਿਹਾ ਕਿ ਅਕਾਲੀ ਦਲ ਸਿਰਫ਼ ਇੱਕ ਨਾਮ ਜਾਂ ਚੋਣ ਨਿਸ਼ਾਨ ਨਹੀਂ, ਸਗੋਂ ਪੰਥਕ ਸੋਚ, ਪੰਜਾਬ ਦੇ ਹਿੱਤਾਂ ਅਤੇ ਲੋਕਾਂ ਦੀ ਆਵਾਜ਼ ਨਾਲ ਜੁੜੀ ਇੱਕ ਇਤਿਹਾਸਕ ਲਹਿਰ ਹੈ।

ਉਨ੍ਹਾਂ ਕਿਹਾ ਕਿ ਪੁਨਰ ਸੁਰਜੀਤ ਅਕਾਲੀ ਦਲ ਪੰਥ ਅਤੇ ਪੰਜਾਬ ਦੇ ਹੱਕਾਂ, ਲੋਕਤੰਤਰਿਕ ਕਦਰਾਂ-ਕੀਮਤਾਂ ਅਤੇ ਅਕਾਲੀ ਦਲ ਦੀ ਮੂਲ ਵਿਚਾਰਧਾਰਾ ਨੂੰ ਮਜ਼ਬੂਤ ਕਰਨ ਲਈ ਯਤਨਸ਼ੀਲ ਹੈ। ਗਿਆਨੀ ਹਰਪ੍ਰੀਤ ਸਿੰਘ ਨੇ ਕਿਹਾ ਕਿ ਆਉਣ ਵਾਲੇ ਸਮੇਂ ਵਿੱਚ ਲੋਕ ਖੁਦ ਫੈਸਲਾ ਕਰਨਗੇ ਕਿ ਕਿਹੜੀ ਧਿਰ ਅਸਲ ਅਕਾਲੀ ਸੋਚ ਦੀ ਨੁਮਾਇੰਦਗੀ ਕਰਦੀ ਹੈ। ਉਨ੍ਹਾਂ ਸ਼੍ਰੋਮਣੀ ਅਕਾਲੀ ਦਲ (ਬਾਦਲ) ਦੀ ਆਲੋਚਨਾ ਕਰਦਿਆਂ ਕਿਹਾ ਕਿ ਉਸ ਦੀਆਂ ਨੀਤੀਆਂ ਅਤੇ ਫ਼ੈਸਲਿਆਂ ਕਾਰਨ ਅਕਾਲੀ ਦਲ ਨੂੰ ਵੱਡਾ ਸਿਆਸੀ ਨੁਕਸਾਨ ਹੋਇਆ ਹੈ। ਉਨ੍ਹਾਂ ਪਾਰਟੀ ਵਰਕਰਾਂ ਨੂੰ ਪੰਜਾਬ ਅਤੇ ਪੰਥ ਦੇ ਹਿੱਤਾਂ ਦੀ ਰਾਖੀ ਲਈ ਇਕਜੁੱਟ ਹੋ ਕੇ ਸੰਘਰਸ਼ ਕਰਨ ਦਾ ਸੱਦਾ ਦਿੱਤਾ।

ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਵੱਲੋਂ ਕਰਵਾਏ ਗਏ ਸਮਾਗਮ ਦੌਰਾਨ ਪਾਰਟੀ ਦੇ ਸੀਨੀਅਰ ਆਗੂ ਅਤੇ ਸਾਬਕਾ ਵਿੱਤ ਮੰਤਰੀ ਪਰਮਿੰਦਰ ਸਿੰਘ ਢੀਂਡਸਾ ਨੇ ਕਿਹਾ ਕਿ ਇਸ ਭਿਆਨਕ ਗਰਮੀ ਦੇ ਬਾਵਜੂਦ ਵੱਡੀ ਗਿਣਤੀ ਵਿੱਚ ਪਹੁੰਚੇ ਲੋਕਾਂ ਦਾ ਉਹ ਦਿਲੋਂ ਧੰਨਵਾਦ ਕਰਦੇ ਹਨ। ਉਨ੍ਹਾਂ ਕਿਹਾ ਕਿ ਲੋਕਾਂ ਦਾ ਇਹ ਉਤਸ਼ਾਹ ਪਾਰਟੀ ਦੀ ਸੋਚ ਅਤੇ ਪੰਜਾਬ ਦੇ ਭਵਿੱਖ ਪ੍ਰਤੀ ਉਨ੍ਹਾਂ ਦੇ ਵਿਸ਼ਵਾਸ ਨੂੰ ਦਰਸਾਉਂਦਾ ਹੈ।

ਢੀਂਡਸਾ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਪੰਜਾਬ ਦੇ ਵਿਕਾਸ, ਲੋਕਾਂ ਦੀਆਂ ਸਮੱਸਿਆਵਾਂ ਦੇ ਹੱਲ ਅਤੇ ਸੂਬੇ ਨੂੰ ਮੁੜ ਤਰੱਕੀ ਦੇ ਰਾਹ 'ਤੇ ਲਿਜਾਣ ਲਈ ਇੱਕ ਨਵਾਂ ਐਲਾਨਨਾਮਾ ਅਤੇ ਵਿਜ਼ਨ ਲੈ ਕੇ ਆਇਆ ਹੈ।

ਉਨ੍ਹਾਂ ਕਿਹਾ ਕਿ ਇਸ ਵਿਜ਼ਨ ਵਿੱਚ ਪੰਜਾਬ ਦੇ ਹਰ ਵਰਗ ਦੀਆਂ ਸਮੱਸਿਆਵਾਂ ਨੂੰ ਧਿਆਨ ਵਿੱਚ ਰੱਖਿਆ ਗਿਆ ਹੈ ਅਤੇ ਇਸ ਦੇ ਲਾਗੂ ਹੋਣ ਨਾਲ ਸੂਬੇ ਨੂੰ ਨਵੀਂ ਦਿਸ਼ਾ ਮਿਲ ਸਕਦੀ ਹੈ। ਉਨ੍ਹਾਂ ਖਾਸ ਤੌਰ 'ਤੇ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਉਹ ਪਾਰਟੀ ਦੇ ਐਲਾਨਨਾਮੇ ਅਤੇ ਵਿਜ਼ਨ ਨੂੰ ਧਿਆਨ ਨਾਲ ਪੜ੍ਹਨ ਅਤੇ ਸਮਝਣ ਤੋਂ ਬਾਅਦ ਆਪਣੇ ਫੈਸਲੇ ਲੈਣ। ਉਨ੍ਹਾਂ ਕਿਹਾ ਕਿ ਪੰਜਾਬ ਦੇ ਭਵਿੱਖ ਨੂੰ ਮਜ਼ਬੂਤ ਬਣਾਉਣ ਵਿੱਚ ਨੌਜਵਾਨਾਂ ਦੀ ਭੂਮਿਕਾ ਬਹੁਤ ਅਹਿਮ ਹੈ।

ਸਾਬਕਾ ਵਿੱਤ ਮੰਤਰੀ ਨੇ ਕਿਹਾ ਕਿ ਪੰਜਾਬ ਦੀ ਤਰੱਕੀ, ਖੁਸ਼ਹਾਲੀ ਅਤੇ ਲੋਕ ਹਿੱਤਾਂ ਨੂੰ ਮੁੱਖ ਰੱਖ ਕੇ ਹੀ ਅਕਾਲੀ ਦਲ ਪੁਨਰ ਸੁਰਜੀਤ ਆਪਣੀ ਰਾਜਨੀਤਿਕ ਯਾਤਰਾ ਅੱਗੇ ਵਧਾ ਰਿਹਾ ਹੈ। ਇਸ ਮੌਕੇ ਜਿਲ੍ਹਾ ਜਥੇਦਾਰ ਰਾਮਪਾਲ ਸਿੰਘ ਬਹਿਣੀਵਾਲ,ਗੁਰਸੰਤ ਸਿੰਘ ਭੁਟਾਲ,ਨਫਾ ਸਿੰਘ ਭੁਲਣ,ਜਸਵੰਤ ਸਿੰਘ ਹੈਪੀ, ਗੁਰਮੀਤ ਸਿੰਘ ਹਾਂਡਾ,ਸੁਖਵਿੰਦਰ ਸਿੰਘ ਬਿੱਲੂ ਖੰਡੇਬਾਦ,ਕਾਬਲ ਸਿੰਘ ਸੇਖੋ,ਰਜੇਸ਼ ਕੁਮਾਰ ਰੱਜਾ,ਜਸਵੰਤ ਸਿੰਘ ਹੈਪੀ, ਚਮਕੌਰ ਸਿੰਘ ਬਾਦਲਗੜ੍ਹ,ਵਿਸਾਖਾ ਸਿੰਘ ਮਕੋਰੜ,ਰਾਮਪਾਲ ਸਿੰਘ ਥੇੜੀ,ਕੁਲਦੀਪ ਸਿੰਘ ਫੌਜੀ,ਭੀਮ ਸੇਨ ਗਰਗ,ਰਘਵੀਰ ਬਨਾਰਸੀ,ਇੰਦਰ ਅਨਦਾਨਾ,ਗੁਰਸੇਵਕ ਸਿੰਘ ਮਨਿਆਣਾ,ਹਰਜਿੰਦਰ ਸਿੰਘ ਰਾਮਗੜ੍ਹ ਸੰਧੂਆਂ,ਡਾ. ਨੈਬ ਸਿੰਘ,ਸੁਰਿੰਦਰ ਫੋਜੀ ਅਲੀਸ਼ੇਰ,ਦਰਬਾਰਾ ਸਿੰਘ ਕੜੈਲ,ਪੰਮੀ ਕੜੈਲ,ਕਸ਼ਿਸ਼ ਅਰੋੜਾ,ਸਲੀਮ ਖਾਂ,ਰਜੇਸ਼ ਐਮ ਸੀ,ਬਲਕਾਰ ਐਮ ਸੀ,ਸਰਪੰਚ ਜੋਗਾ ਸਿੰਘ ਹੋਤੀਪੁਰ,ਬਲਹਿਾਰ ਸਿੰਘ ਥੇੜੀ,ਨੀਟੂ ਸ਼ਰਮਾਂ,ਗੁਰਮੇਲ ਗੇਲੀ ਲਹਿਰਾ,ਦਰਸ਼ਨ ਲਹਿਲ ਕਲਾ,ਬਲਵੀਰ ਸਿੰਘ ਨਵਾਗਾਓ,ਸਰਪੰਚ ਪਰਮਜੀਤ ਸਿੰਘ ਨਵਾਗਾਓ,ਸੰਜੇ ਤੋਤੂ,ਪਾਲਾ ਲਹਿਰਾ,ਮਹੀਪਾਲ ਭੂਲਣ,ਰਾਮਨਿਵਾਸ ਗਰਗ,ਰਜੇਸ ਪੱਪੀ,ਬਲਰਾਜ ਸ਼ਰਮਾਂ,ਪੱਪੂ ਖਨੌਰੀ, ਬਲਵਿੰਦਰ ਸਿੰਘ ਭੁਦੜਭੈਣੀ, ਮੇਜਰ ਸਿੰਘ ਬੁਸ਼ੈਹਰਾ, ਕ੍ਰਿਸ਼ਨ ਕਾਜਲ, ਸੱਤਪਾਲ ਬੰਗਾ, ਸਰਪੰਚ ਮੇਜਰ ਸਿੰਘ ਡੂਡੀਆਂ, ਗੁਰਦੀਪ ਸਿੰਘ ਡੂਡੀਆਂ, ਜਸਵੀਰ ਸਿੰਘ ਡੂਡੀਆਂ, ਨਵੀਨ ਬਨਾਰਸੀ, ਨਰੇਸ਼ ਬਨਾਰਸੀ, ਰਮੇਸ਼ਵਰ ਕਰੋਂਦਾ, ਮਨਜੀਤ ਕਰੋਂਦਾ,ਲਾਭ ਕੌਰ ਹਮੀਰਗੜ੍ਹ, ਲਛਮੀ ਰਾਣੀ,ਸ਼ੀਲਾ ਦੇਵੀ, ਕਿਰਪਾਲ ਸਿੰਘ ਨਾਥਾ ਐਮ, ਭੋਲਾ ਸਿੰਘ ਰਾਏਧਰਾਨਾ, ਗੁਰਜੰਟ ਲਹਿਲ, ਜਗਸੀਰ ਸਿੰਘ ਲਹਿਲ ਕਲਾ, ਸਰਜੀਤ ਸਰਪੰਚ ਲਹਿਲ ਖੁਰਦ, ਕਪਤਾਨ ਭਾਠੂਆਂ, ਸਰਪੰਚ ਗੁਰਮੇਲ ਸਿੰਘ ਚੋਟੀਆਂ, ਬਲਵਿੰਦਰ ਸਿੰਘ ਚੋਟੀਆਂ, ਕੁਲਵਿੰਦਰ ਸਿੰਘ ਅਲੀਸ਼ੇਰ, ਰਜਿੰਦਰ ਸ਼ਰਮਾਂ ਅਲ਼ੀਸ਼ੇਰ, ਇੰਦਰਜੀਤ ਕਾਲੀਆਂ, ਪਰਮਜੀਤ ਸਿੰਘ ਕਾਲੀਆਂ, ਜਗਤਾਰ ਖਾਈ, ਪੂਰਨ ਖਾਈ,ਅਮਰੀਕ ਚੂਲੜ, ਅਜੈਬ ਸਿੰਘ ਚੂਲੜ, ਸਰਪੰਚ ਜਰਨੈਲ ਸਿੰਘ ਚੂਲੜ, ਬਲਜੀਤ ਸਿੰਘ ਚੂਲੜ, ਰਜਿੰਦਰ ਕੁਦਨੀ, ਬੂਟਾ ਕੁਦਨੀ, ਸੋਹਨ ਸਿੰਘ ਗੁੱਜਰਾ, ਛੱਜੂ ਸਿੰਘ ਧਾਲੀਵਾਲ, ਭੁਪਿੰਦਰ ਸਿੰਘ ਮਹਾ ਸਿੰਘ ਵਾਲਾ, ਗੁਰਨਾਮ ਸਿੰਘ ਮੰਡਵੀ, ਮਲਕਿੰਦਰ ਸਿੰਘ ਮੰਡਵੀ, ਜਸਵੰਤ ਸਿੰਘ ਮੰਡਵੀ, ਹਰਦੀਪ ਸਿੰਘ ਮੰਡਵੀ, ਕੁਲਜੀਤ ਸਿੰਘ ਮਾਨ, ਕੁਲਦੀਪ ਸਿੰਘ ਭੁਟਾਲ, ਸਰਪੰਚ ਕੇਸਰ ਸਿੰਘ ਭੁਟਾਲ, ਲੱਖੀ ਸਰਪੰਚ ਪਿਸ਼ੌਰ, ਗੁਲਜਾਰ ਸਿੰਘ ਪਿਸ਼ੌਰ, ਕੁਲਦੀਪ ਸਿੰਘ ਵਿਕੀ ਪਿਸ਼ੌਰ, ਬਿਕਰਮ ਸਿੰਘ ਬੰਗਾ, ਬਲਵੰਤ ਸਿੰਘ ਬੰਗਾ,ਬਾਬਾ ਨਿਹਾਲ ਸਿੰਘ, ਸੱਤਪਾਲ ਐਮ ਸੀ, ਜੰਟਾ ਐਮ ਸੀ, ਰਿੰਕੂ ਖਰੋੜ, ਲਾਡੀ ਭੁਟਾਲ, ਸਰਬਜੀਤ ਸਿੰਘ ਗੇਹਲਾ, ਸਰਪੰਚ ਭੋਲਾ ਮਹਾ ਸਿੰਘ ਵਾਲਾ, ਗੋਰਾ ਸਿੰਘ ਸਰਪੰਚ ਦੇਹਲਾ, ਇਕਬਾਲ ਸਿੰਘ ਦੇਹਲਾ, ਸਰਪੰਚ ਬਲਜੀਤ ਸਿੰਘ ਲਹਿਲ ਕਲਾ, ਰਾਜਵੀਰ ਅਨਦਾਨਾ, ਲੀਲਾ ਸਰਪੰਚ ਢੀਂਡਸਾ, ਸੁਖਪਾਲ ਢੀਂਡਸਾ, ਸ਼ਮਸ਼ੇਰ ਸਿੰਘ ਸ਼ੇਰਗੜ੍ਹ, ਦਵਿੰਦਰ ਸਿੰਘ ਸਰਪੰਚ ਸ਼ੇਰਗੜ੍ਹ, ਬਲਕਾਰ ਸਿੰਘ ਢੀਂਡਸਾ, ਜਰਨੈਲ ਸਿੰਘ ਢੀਂਡਸਾ, ਸੁਖਵਿੰਦਰ ਸਿੰਘ ਚਾਦੂ, ਗਿਆਨੀ ਜੰਗੀਰ ਚਾਦੂ, ਚਮਕੌਰ ਸਿੰਘ ਬਖੋਰਾ, ਮਲਕੀਤ ਸਿੰਘ ਬਖੋਰਾ, ਕੁਲਵੀਰ ਸਿੰਘ ਮਕੋਰੜ, ਅਮਰਜੀਤ ਸਿੰਘ ਹੋਤੀਪੁਰ, ਸਰਪੰਚ ਹੁਕਮਾ ਪਾਪੜਾ, ਬਲਜੀਤ ਸਿੰਘ ਰਾਮਗੜ੍ਹ ਗੁੱਜਰਾ, ਬਲਜੀਤ ਸਿੰਘ ਗੁਲਾੜੀ, ਸਤਵੀਰ ਸ਼ਾਸ਼ਤਰੀ,ਗੋਰਾ ਪ੍ਰਧਾਨ ਹਮੀਰਗੜ੍ਹ, ਲਾਲ ਸਿੰਘ ਹਮੀਰਗੜ੍ਹ, ਨੱਛਤਰ ਸਿੰਘ ਹਮੀਰਗੜ੍ਹ, ਮਲਕੀਤ ਸਿੰਘ ਹਮੀਰਗੜ੍ਹ, ਮੌਜੂਦ ਸਨ।

# ਪ੍ਰਕਾਸ਼ ਪੁਰਬ ਨੂੰ ਸਮਰਪਿਤ ਜ਼ਿਲ੍ਹੇ ਵਿੱਚ ਲਗਾਏ ਜਾਣਗੇ 6.50 ਲੱਖ ਰੁੱਖ ਅਤੇ ਪੌਦੇ: ਡਿਪਟੀ ਕਮਿਸ਼ਨਰ



**ਮਲੇਰਕੋਟਲਾ, 22 ਜੁਲਾਈ**
**ਜਗਦੇਵ ਰੰਚਨਾਂ**

ਸ੍ਰੀ ਗੁਰੂ ਰਵਿਦਾਸ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਪੰਜਾਬ ਸਰਕਾਰ ਦੀਆਂ ਹਦਾਇਤਾਂ ਤਹਿਤ ਜ਼ਿਲ੍ਹਾ ਮਾਲੇਰਕੋਟਲਾ ਵਿੱਚ ਮਾਨਸੂਨ ਸੀਜ਼ਨ ਦੌਰਾਨ ਵਾਤਾਵਰਣ ਸੰਭਾਲ ਅਤੇ ਹਰਿਆਲੀ ਨੂੰ ਉਤਸ਼ਾਹਿਤ ਕਰਨ ਲਈ ਵੱਡੇ ਪੱਧਰ 'ਤੇ ਰੁੱਖ ਲਗਾਉਣ ਦੀ ਮੁਹਿੰਮ ਚਲਾਈ ਜਾ ਰਹੀ ਹੈ। ਇਸੇ ਤਹਿਤ ਡਿਪਟੀ ਕਮਿਸ਼ਨਰ ਵਿਰਾਜ ਐਸ. ਤਿੜਕੇ ਨੇ ਅੱਜ ਆਪਣੇ ਦਫ਼ਤਰ ਵਿਖੇ ਫਲਦਾਰ ਪੌਦਾ ਲਗਾ ਕੇ ਇਸ ਮੁਹਿੰਮ ਦਾ ਆਗਾਜ਼ ਕੀਤਾ। ਇਸ ਮੌਕੇ ਸੁਪਰਡੈਂਟ ਅਮ੍ਰਿਤਪਾਲ ਸਿੰਘ, ਹਰਵਿੰਦਰ ਸਿੰਘ, ਹਰਪ੍ਰੀਤ ਕੁਮਾਰ, ਸਮਾਜ ਸੇਵੀ ਅਸ਼ੋਕ ਸਿੰਗਲਾ ਤੋਂ ਇਲਾਵਾ ਹੋਰ ਅਧਿਕਾਰੀ ਅਤੇ ਕਰਮਚਾਰੀ ਵੀ ਮੌਜੂਦ ਸਨ।

ਇਸ ਮੌਕੇ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਸ੍ਰੀ ਗੁਰੂ ਰਵਿਦਾਸ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਹੋ ਕੇ ਜ਼ਿਲ੍ਹੇ ਵਿੱਚ ਸਰਕਾਰੀ ਅਤੇ ਸਾਂਝੀਆਂ ਥਾਵਾਂ 'ਤੇ ਲਗਭਗ 6.50 ਲੱਖ ਰੁੱਖ ਅਤੇ ਪੌਦੇ ਲਗਾਉਣ ਦਾ ਟੀਚਾ ਨਿਰਧਾਰਤ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਇਹ ਮੁਹਿੰਮ ਕੇਵਲ ਰੁੱਖ ਲਗਾਉਣ ਤੱਕ ਸੀਮਤ ਨਹੀਂ ਰਹੇਗੀ, ਸਗੋਂ ਲੋਕਾਂ ਦੀ ਸਰਗਰਮ ਭਾਗੀਦਾਰੀ ਨਾਲ ਇਸ ਨੂੰ ਵਾਤਾਵਰਣ ਸੰਭਾਲ ਦੀ ਲੋਕ ਲਹਿਰ ਬਣਾਇਆ ਜਾਵੇਗਾ।

ਤਿੜਕੇ ਨੇ ਸਮਾਜ ਸੇਵੀ ਸੰਸਥਾਵਾਂ, ਵਿਦਿਅਕ ਸੰਸਥਾਵਾਂ, ਪੰਚਾਇਤਾਂ, ਅਧਿਕਾਰੀਆਂ, ਕਰਮਚਾਰੀਆਂ ਅਤੇ ਸਮੂਹ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਆਲੇ-ਦੁਆਲੇ ਵੱਧ ਤੋਂ ਵੱਧ ਛਾਂਦਾਰ, ਫਲਦਾਰ ਅਤੇ ਸਜਾਵਟੀ ਪੌਦੇ ਲਗਾਉਣ। ਉਨ੍ਹਾਂ ਕਿਹਾ ਕਿ ਪੌਦਾ ਲਗਾਉਣਾ ਵਾਤਾਵਰਣ ਸੰਭਾਲ ਵੱਲ ਪਹਿਲਾ ਕਦਮ ਹੈ, ਪਰ ਉਸ ਦੀ ਨਿਯਮਤ ਸਿੰਚਾਈ, ਸੰਭਾਲ ਅਤੇ ਸੁਰੱਖਿਆ ਕਰਨਾ ਸਾਡੀ ਸਾਂਝੀ ਜ਼ਿੰਮੇਵਾਰੀ ਹੈ। ਉਨ੍ਹਾਂ ਦੱਸਿਆ ਕਿ ਜੰਗਲਾਤ ਵਿਭਾਗ ਦੇ ਸਹਿਯੋਗ ਨਾਲ ਸਰਕਾਰੀ ਅਤੇ ਸਾਂਝੀਆਂ ਥਾਵਾਂ 'ਤੇ ਲਗਾਉਣ ਲਈ ਪੌਦੇ ਉਪਲਬਧ ਕਰਵਾਏ ਜਾਣਗੇ।

ਡਿਪਟੀ ਕਮਿਸ਼ਨਰ ਨੇ ਕਿਹਾ ਕਿ ਸ੍ਰੀ ਗੁਰੂ ਰਵਿਦਾਸ ਜੀ ਦੀਆਂ ਸਿੱਖਿਆਵਾਂ ਮਨੁੱਖਤਾ, ਸੇਵਾ ਅਤੇ ਕੁਦਰਤ ਨਾਲ ਸਾਂਝ ਦਾ ਸੰਦੇਸ਼ ਦਿੰਦੀਆਂ ਹਨ।

ਇਸ ਲਈ ਉਨ੍ਹਾਂ ਦੇ ਪ੍ਰਕਾਸ਼ ਪੁਰਬ ਨੂੰ ਹਰਿਆਲੀ ਵਧਾਉਣ ਦੇ ਉਪਰਾਲੇ ਨਾਲ ਮਨਾਉਣਾ ਉਨ੍ਹਾਂ ਦੀ ਵਿਚਾਰਧਾਰਾ ਨੂੰ ਅਮਲ ਵਿੱਚ ਲਿਆਉਣ ਦਾ ਸਾਰਥਕ ਯਤਨ ਹੈ। ਉਨ੍ਹਾਂ ਕਿਹਾ ਕਿ ਰੁੱਖ ਪੰਛੀਆਂ ਅਤੇ ਜੀਵ-ਜੰਤੂਆਂ ਲਈ ਕੁਦਰਤੀ ਆਸਰਾ ਹੋਣ ਦੇ ਨਾਲ-ਨਾਲ ਹਵਾ ਦੀ ਗੁਣਵੱਤਾ ਸੁਧਾਰਨ ਅਤੇ ਵਾਤਾਵਰਣ ਦਾ ਸੰਤੁਲਨ ਬਣਾਈ ਰੱਖਣ ਵਿੱਚ ਵੀ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ।

ਉਨ੍ਹਾਂ ਦੱਸਿਆ ਕਿ ਜ਼ਿਲ੍ਹੇ ਦੇ ਤਿੰਨੋਂ ਬਲਾਕਾਂ ਵਿੱਚ 'ਸ੍ਰੀ ਗੁਰੂ ਰਵਿਦਾਸ ਬਗ਼ੀਚੀਆਂ'ਵਿਕਸਿਤ ਕੀਤੀਆਂ ਜਾਣਗੀਆਂ। ਇਸ ਤੋਂ ਇਲਾਵਾ ਪਿੰਡਾਂ ਦੀਆਂ ਸਾਂਝੀਆਂ ਥਾਵਾਂ, ਸੜਕਾਂ ਦੇ ਕਿਨਾਰਿਆਂ ਅਤੇ ਸਰਕਾਰੀ ਸਕੂਲਾਂ ਵਿੱਚ ਵੀ ਵੱਡੇ ਪੱਧਰ 'ਤੇ ਪੌਦੇ ਲਗਾਏ ਜਾਣਗੇ। ਉਨ੍ਹਾਂ ਸਾਰੇ ਵਿਭਾਗਾਂ ਨੂੰ ਆਪਸੀ ਤਾਲਮੇਲ ਨਾਲ ਕੰਮ ਕਰਨ ਦੀ ਹਦਾਇਤ ਕਰਦਿਆਂ ਕਿਹਾ ਕਿ ਹਰ ਨਾਗਰਿਕ ਘੱਟੋ-ਘੱਟ ਇੱਕ ਪੌਦਾ ਲਗਾ ਕੇ ਉਸ ਦੀ ਸੰਭਾਲ ਦਾ ਸੰਕਲਪ ਲਵੇ।

ਉਨ੍ਹਾਂ ਕਿਹਾ ਕਿ ਆਓ, ਸ੍ਰੀ ਗੁਰੂ ਰਵਿਦਾਸ ਜੀ ਦੇ 650ਵੇਂ ਪ੍ਰਕਾਸ਼ ਪੁਰਬ ਮੌਕੇ ਹਰਿਆਲੀ ਦਾ ਤੋਹਫ਼ਾ ਦੇਈਏ ਅਤੇ ਆਉਣ ਵਾਲੀਆਂ ਪੀੜ੍ਹੀਆਂ ਲਈ ਸਾਫ਼, ਸਿਹਤਮੰਦ ਅਤੇ ਹਰਿਆ-ਭਰਿਆ ਵਾਤਾਵਰਣ ਸੁਰੱਖਿਅਤ ਕਰਨ ਵਿੱਚ ਆਪਣਾ ਯੋਗਦਾਨ ਪਾਈਏ।

# ਲੌਂਗੋਵਾਲ ਨੂੰ ਪੰਜਾਬ ਦੀਆਂ ਸਰਵੋਤਮ ਨਗਰ ਕੌਂਸਲਾਂ ਵਿੱਚ ਸ਼ਾਮਲ ਕਰਨਾ ਸਾਡਾ ਟੀਚਾ: ਅਮਨ ਅਰੋੜਾ



**ਸੁਨਾਮ, 22 ਜੁਲਾਈ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪੰਜਾਬ ਦੇ ਕੈਬਨਿਟ ਮੰਤਰੀ ਸ਼੍ਰੀ ਅਮਨ ਅਰੋੜਾ ਦੀ ਹਾਜ਼ਰੀ ਵਿੱਚ ਅੱਜ ਨਗਰ ਕੌਂਸਲ ਲੌਂਗੋਵਾਲ ਦੀ ਨਵੀਂ ਟੀਮ ਨੇ ਰਸਮੀ ਤੌਰ 'ਤੇ ਆਪਣਾ ਕਾਰਜਭਾਰ ਸੰਭਾਲਿਆ। ਇਸ ਮੌਕੇ ਸ਼੍ਰੀਮਤ ੀ ਰਛਪਾਲ ਕੌਰ (ਪਤਨੀ ਸ. ਬਲਵਿੰਦਰ ਸਿੰਘ) ਨੇ ਪ੍ਰਧਾਨ, ਸ. ਕੁਲਦੀਪ ਸਿੰਘ ਬੰਟੀ ਨੇ ਸੀਨੀਅਰ ਮੀਤ ਪ੍ਰਧਾਨ ਅਤੇ ਸ਼੍ਰੀਮਤੀ ਕਰਮਜੀਤ ਕੌਰ (ਪਤਨੀ ਸ. ਗੁਰਜੀਤ ਸਿੰਘ ਕਾਲਾ) ਨੇ ਮੀਤ ਪ੍ਰਧਾਨ ਵਜੋਂ ਅਹੁਦੇ ਦਾ ਕਾਰਜਭਾਰ ਸੰਭਾਲਿਆ। ਕੈਬਨਿਟ ਮੰਤਰੀ ਨੇ ਨਵ-ਨਿਯੁਕਤ ਅਹੁਦੇਦਾਰਾਂ ਅਤੇ ਸਮੂਹ ਕੌਂਸਲਰਾਂ ਨੂੰ ਵਧਾਈ ਦਿੰਦਿਆਂ ਲੋਕ-ਸੇਵਾ ਨੂੰ ਸਰਵੋਚ ਤਰਜੀਹ ਦੇਣ ਦਾ ਸੱਦਾ ਦਿੱਤਾ।

ਸਮਾਗਮ ਨੂੰ ਸੰਬੋਧਨ ਕਰਦਿਆਂ ਕੈਬਨਿਟ ਮੰਤਰੀ ਅਮਨ ਅਰੋੜਾ ਨੇ ਕਿਹਾ ਕਿ ਸ਼ਹਿਰ ਵਾਸੀਆਂ ਨੇ ਨਗਰ ਕੌਂਸਲ ਚੋਣਾਂ ਵਿੱਚ ਆਮ ਆਦਮੀ ਪਾਰਟੀ 'ਤੇ ਜੋ ਭਰੋਸਾ ਪ੍ਰਗਟਾਇਆ ਹੈ, ਉਸ 'ਤੇ ਖਰਾ ਉਤਰਨਾ ਨਵੀਂ ਟੀਮ ਦੀ ਸਭ ਤੋਂ ਵੱਡੀ ਜ਼ਿੰਮੇਵਾਰੀ ਹੈ। ਉਨ੍ਹਾਂ ਕਿਹਾ ਕਿ ਲੋਕਾਂ ਅਤੇ ਪਰਮਾਤਮਾ ਵੱਲੋਂ ਸੇਵਾ ਦਾ ਮਿਲਿਆ ਮੌਕਾ ਹਮੇਸ਼ਾ ਲੋਕ-ਭਲਾਈ ਅਤੇ ਇਮਾਨਦਾਰੀ ਨਾਲ ਨਿਭਾਇਆ ਜਾਣਾ ਚਾਹੀਦਾ ਹੈ।

ਉਨ੍ਹਾਂ ਕਿਹਾ ਕਿ ਪਿਛਲੇ ਸਾਢੇ ਚਾਰ ਸਾਲਾਂ ਦੌਰਾਨ ਲੌਂਗੋਵਾਲ ਅਤੇ ਸਮੁੱਚੇ ਹਲਕੇ ਵਿੱਚ ਹੋਏ ਵਿਕਾਸ ਕਾਰਜ ਟੀਮ ਵਰਕ ਅਤੇ ਲੋਕਾਂ ਦੇ ਸਹਿਯੋਗ ਦਾ ਨਤੀਜਾ ਹਨ। ਉਨ੍ਹਾਂ ਕਿਹਾ ਕਿ ਵਿਕਾਸ ਦੀ ਇਹ ਰਫ਼ਤਾਰ ਹੁਣ ਹੋਰ ਤੇਜ਼ ਕੀਤੀ ਜਾਵੇਗੀ ਤਾਂ ਜੋ ਲੌਂਗੋਵਾਲ ਨੂੰ ਵਿਕਾਸ ਪੱਖੋਂ ਇੱਕ ਮਾਡਲ ਸ਼ਹਿਰ ਬਣਾਇਆ ਜਾ ਸਕੇ।

ਸ਼੍ਰੀ ਅਮਨ ਅਰੋੜਾ ਨੇ ਕਿਹਾ ਕਿ ਨਗਰ ਕੌਂਸਲ ਸਥਾਨਕ ਸਰਕਾਰ ਦਾ ਸਭ ਤੋਂ ਮਹੱਤਵਪੂਰਨ ਅੰਗ ਹੈ ਅਤੇ ਲੋਕਾਂ ਦੇ ਰੋਜ਼ਾਨਾ ਜੀਵਨ ਨਾਲ ਜੁੜੀਆਂ ਬੁਨਿਆਦੀ ਸਹੂਲਤਾਂ ਨੂੰ ਯਕੀਨੀ ਬਣਾਉਣ ਦੀ ਮੁੱਖ ਜ਼ਿੰਮੇਵਾਰੀ ਵੀ ਇਸੇ ਸੰਸਥਾ ਦੀ ਹੈ। ਉਨ੍ਹਾਂ ਨਵੀਂ ਟੀਮ ਨੂੰ ਹਦਾਇਤ ਕੀਤੀ ਕਿ ਸ਼ਹਿਰ ਦੀ ਸਫ਼ਾਈ, ਪੀਣ ਵਾਲੇ ਪਾਣੀ ਦੀ ਨਿਰੰਤਰ ਸਪਲਾਈ, ਸੀਵਰੇਜ ਪ੍ਰਬੰਧ, ਸਟਰੀਟ ਲਾਈਟਾਂ, ਘਰ-ਘਰ ਕੂੜਾ ਇਕੱਠਾ ਕਰਨ ਦੀ ਵਿਵਸਥਾ ਅਤੇ ਹੋਰ ਨਾਗਰਿਕ ਸਹੂਲਤਾਂ ਨੂੰ ਪਹਿਲ ਦੇ ਆਧਾਰ 'ਤੇ ਸੁਧਾਰਿਆ ਜਾਵੇ।

ਉਨ੍ਹਾਂ ਕਿਹਾ ਕਿ ਨਗਰ ਕੌਂਸਲ ਨੂੰ ਸ਼ਹਿਰ ਦੇ ਭਵਿੱਖ ਦੀ ਯੋਜਨਾਬੰਦੀ, ਨਵੇਂ ਵਿਕਾਸ ਕਾਰਜਾਂ ਦੀ ਰੂਪ-ਰੇਖਾ, ਜਨਤਕ ਸਹੂਲਤਾਂ ਦੇ ਵਿਸਥਾਰ ਅਤੇ ਸ਼ਹਿਰ ਦੀ ਸੁਚੱਜੀ ਯੋਜਨਾ ਬਣਾਉਣ ਲਈ ਦੂਰਅੰਦੇਸ਼ੀ ਨਾਲ ਕੰਮ ਕਰਨਾ ਹੋਵੇਗਾ। ਉਨ੍ਹਾਂ ਸਮੂਹ ਅਧਿਕਾਰੀਆਂ, ਕਰਮਚਾਰੀਆਂ ਅਤੇ ਚੁਣੇ ਹੋਏ ਨੁਮਾਇੰਦਿਆਂ ਨੂੰ ਟੀਮ ਭਾਵਨਾ ਨਾਲ ਕੰਮ ਕਰਨ ਦੀ ਅਪੀਲ ਕੀਤੀ।

ਕੈਬਨਿਟ ਮੰਤਰੀ ਨੇ ਜ਼ੋਰ ਦੇ ਕੇ ਕਿਹਾ ਕਿ ਨਗਰ ਕੌਂਸਲ ਵਿੱਚ ਕਿਸੇ ਵੀ ਨਾਗਰਿਕ ਨਾਲ ਸਿਆਸੀ, ਸਮਾਜਿਕ ਜਾਂ ਕਿਸੇ ਹੋਰ ਆਧਾਰ 'ਤੇ ਕੋਈ ਵਿਤਕਰਾ ਨਹੀਂ ਹੋਣਾ ਚਾਹੀਦਾ। ਹਰ ਵਿਅਕਤੀ ਦੇ ਜਾਇਜ਼ ਕੰਮ ਬਿਨਾਂ ਖੱਜਲ-ਖੁਆਰੀ, ਬਿਨਾਂ ਭ੍ਰਿਸ਼ਟਾਚਾਰ ਅਤੇ ਪੂਰੀ ਪਾਰਦਰਸ਼ਤਾ ਨਾਲ ਕੀਤੇ ਜਾਣੇ ਚਾਹੀਦੇ ਹਨ। ਉਨ੍ਹਾਂ ਕਿਹਾ ਕਿ ਇਹੀ ਆਮ ਆਦਮੀ ਪਾਰਟੀ ਦੀ ਕਾਰਜਸ਼ੈਲੀ ਅਤੇ ਪੰਜਾਬ ਸਰਕਾਰ ਦੀ ਨੀਤੀ ਹੈ।

ਅਮਨ ਅਰੋੜਾ ਨੇ ਕਿਹਾ ਕਿ ਉਨ੍ਹਾਂ ਦੀ ਦਿਲੀ ਇੱਛਾ ਹੈ ਕਿ ਲੌਂਗੋਵਾਲ ਦੀ ਨਗਰ ਕੌਂਸਲ ਸੁਚੱਜੇ ਪ੍ਰਬੰਧਨ, ਸਾਫ਼-ਸੁਥਰੇ ਪ੍ਰਸ਼ਾਸਨ ਅਤੇ ਲੋਕ-ਕੇਂਦਰਿਤ ਕੰਮਕਾਜ ਕਾਰਨ ਪੰਜਾਬ ਦੀਆਂ ਸਰਵੋਤਮ ਨਗਰ ਕੌਂਸਲਾਂ ਵਿੱਚ ਆਪਣੀ ਵਿਲੱਖਣ ਪਛਾਣ ਬਣਾਵੇ। ਉਨ੍ਹਾਂ ਕਿਹਾ ਕਿ ਜਦੋਂ ਨੀਅਤ ਸਾਫ਼ ਹੋਵੇ, ਟੀਮ ਵਿੱਚ ਸਮਰਪਣ ਹੋਵੇ ਅਤੇ ਲੋਕਾਂ ਦੀ ਸੇਵਾ ਦਾ ਜਜ਼ਬਾ ਹੋਵੇ ਤਾਂ ਕੋਈ ਵੀ ਟੀਚਾ ਹਾਸਲ ਕਰਨਾ ਮੁਸ਼ਕਲ ਨਹੀਂ ਹੁੰਦਾ।

ਉਨ੍ਹਾਂ ਸਮੂਹ ਕੌਂਸਲਰਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਹਰ ਚੁਣਿਆ ਹੋਇਆ ਕੌਂਸਲਰ ਆਪਣੇ ਵਾਰਡ ਦੇ ਲੋਕਾਂ ਲਈ ਪ੍ਰਧਾਨ ਦੇ ਬਰਾਬਰ ਜ਼ਿੰਮੇਵਾਰ ਹੈ।

ਉਨ੍ਹਾਂ ਭਰੋਸਾ ਦਿਵਾਇਆ ਕਿ ਲੋਕਾਂ ਦੇ ਜਾਇਜ਼ ਕੰਮਾਂ ਲਈ ਉਹ ਅਤੇ ਪੰਜਾਬ ਸਰਕਾਰ ਹਰ ਵੇਲੇ ਨਗਰ ਕੌਂਸਲ ਦੇ ਨਾਲ ਖੜ੍ਹੇ ਰਹਿਣਗੇ ਅਤੇ ਵਿਕਾਸ ਕਾਰਜਾਂ ਲਈ ਫੰਡਾਂ ਦੀ ਕੋਈ ਕਮੀ ਨਹੀਂ ਆਉਣ ਦਿੱਤੀ ਜਾਵੇਗੀ।

ਇਸ ਮੌਕੇ ਨਵ-ਨਿਯੁਕਤ ਪ੍ਰਧਾਨ ਸ਼੍ਰੀਮਤੀ ਰਛਪਾਲ ਕੌਰ, ਸੀਨੀਅਰ ਮੀਤ ਪ੍ਰਧਾਨ ਸ. ਕੁਲਦੀਪ ਸਿੰਘ ਬੰਟੀ, ਮੀਤ ਪ੍ਰਧਾਨ ਸ਼੍ਰੀਮਤੀ ਕਰਮਜੀਤ ਕੌਰ, ਸਮੂਹ ਕੌਂਸਲਰ, ਪਾਰਟੀ ਆਗੂ, ਨਗਰ ਕੌਂਸਲ ਦੇ ਅਧਿਕਾਰੀ ਅਤੇ ਕਰਮਚਾਰੀ ਅਤੇ ਵੱਡੀ ਗਿਣਤੀ ਵਿੱਚ ਸ਼ਹਿਰ ਵਾਸੀ ਹਾਜ਼ਰ ਸਨ।

# ਲੈਂਡ ਮਾਰਗੇਜ ਬੈਂਕ ਸੁਨਾਮ ਨੂੰ ਜਿੰਦਰਾ ਮਾਰ ਕੇ ਬੀਕੇਯੂ ਸਿੱਧੂਪੁਰ ਦਾ ਲਾਇਆ ਧਰਨਾ 73 ਵੇਂ ਦਿਨ ਵੀ ਰਿਹਾ ਜਾਰੀ



**ਸੁਨਾਮ, 22 ਜੁਲਾਈ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਭਾਰਤੀ ਕਿਸਾਨ ਯੂਨੀਅਨ ਏਕਤਾ ਸਿੱਧੂਪੁਰ ਵੱਲੋਂ ਖੇਤੀਬਾੜੀ ਵਿਕਾਸ ਬੈਂਕ ਨਾਲ ਸਬੰਧਿਤ ਮੰਗਾਂ ਨੂੰ ਲੈਕੇ ਖੇਤੀਬਾੜੀ ਵਿਕਾਸ ਬੈਂਕ ਸੁਨਾਮ ਨੂੰ ਜਿੰਦਰਾ ਮਾਰ ਕੇ ਸ਼ੁਰੂ ਕੀਤਾ ਅਣਮਿਥੇ ਸਮੇਂ ਦਾ ਧਰਨਾ ਅੱਜ 73ਵੇਂ ਦਿਨ ਵੀ ਜਾਰੀ ਰਿਹਾ । ਇਸ ਮੌਕੇ ਗੱਲਬਾਤ ਕਰਦਿਆਂ ਬੀਕੇਯੂ ਏਕਤਾ ਸਿੱਧੂਪੁਰ ਦੇ ਜ਼ਿਲ੍ਹਾ ਜਨਰਲ ਸਕੱਤਰ ਰਣ ਸਿੰਘ ਚੱਠਾ ਨੇ ਕਿਹਾ ਕਿ ਕਿਸਾਨ ਹਤੈਸ਼ੀ ਹੋਣ ਦੇ ਵੱਡੇ ਵੱਡੇ ਦਾਅਵੇ ਤੇ ਵਾਅਦੇ ਕਰਕੇ ਸੱਤਾ ਵਿੱਚ ਆਈ ਆਮ ਆਦਮੀ ਪਾਰਟੀ ਦੀ ਸਰਕਾਰ ਕਿਸਾਨਾਂ ਦੀ ਦੁਸ਼ਮਣ ਬਣੀ ਹੋਈ ਹੈ । ਕਿਸਾਨ ਆਗੂ ਰਣ ਸਿੰਘ ਚੱਠਾ ਨੇ ਕਿਹਾ ਕਿ ਪੰਜਾਬ ਦਾ ਸਹਿਕਾਰਤਾ ਵਿਭਾਗ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਦੇ ਅਧੀਨ ਹੈ , ਹੈਰਾਨੀ ਦੀ ਗੱਲ ਹੈ ਕਿ ਸਹਿਕਾਰਤਾ ਵਿਭਾਗ ਅਧੀਨ ਆਉਂਦੇ ਖੇਤੀਬਾੜੀ ਵਿਕਾਸ ਬੈਂਕ ਵੱਲੋਂ ਕਿਸਾਨਾਂ ਤੋਂ ਬਣਦੇ ਪੈਸੇ ਭਰਵਾਉਣ ਤੋਂ ਬਾਅਦ ਵੀ ਤੰਗ ਪ੍ਰੇਸ਼ਾਨ ਕਰਕੇ ਖੁਦਕੁਸ਼ੀਆਂ ਕਰਨ ਲਈ ਮਜਬੂਰ ਕੀਤਾ ਜਾ ਰਿਹਾ ਹੈ , ਪਿੰਡ ਹਰੀ ਨੌ ਦੇ ਦੋ ਸਕੇ ਭਰਾਵਾਂ ਵੱਲੋਂ ਕੀਤੀ ਖੁਦਕੁਸ਼ੀ ਇਸਦੀ ਤਾਜਾ ਮਿਸਾਲ ਹੈ । ਕਿਸਾਨ ਆਗੂ ਚੱਠਾ ਨੇ ਕਿਹਾ ਕਿ ਭਾਵੇਂ ਸਹਿਕਾਰਤਾ ਵਿਭਾਗ ਦੇ ਉੱਚ ਅਧਿਕਾਰੀਆਂ ਨਾਲ ਦੋ ਮੀਟਿੰਗਾਂ ਹੋ ਚੁੱਕੀਆਂ ਹਨ ਪਰ ਮੰਗਾਂ ਨੂੰ ਸਹੀ ਦੱਸਣ ਦੇ ਬਾਵਜੂਦ ਵੀ ਅਜੇ ਤੱਕ ਪੂਰਾ ਨਹੀਂ ਕੀਤਾ ਗਿਆ ਜਿਸ ਦੇ ਚਲਦਿਆਂ ਆਉਣ ਵਾਲੇ ਦਿਨਾਂ ਵਿੱਚ ਵੱਡਾ ਸੰਘਰਸ਼ ਉਲੀਕਣ ਤੋਂ ਗਰੇਜ ਨਹੀਂ ਕੀਤਾ ਜਾਵੇਗਾ। ਰਣ ਸਿੰਘ ਚੱਠਾ ਨੇ ਭਾਰਤ ਅਮਰੀਕਾ ਵਪਾਰ ਸਮਝੌਤੇ ਦੇ ਖਿਲਾਫ ਦਿੱਲੀ ਵਿੱਚ ਰੋਸ ਪ੍ਰਦਰਸ਼ਨ ਕਰਨ ਲਈ ਜਾਣ ਵਾਲੇ ਪੰਜਾਬ ਦੇ ਕਿਸਾਨਾਂ ਨੂੰ ਹਰਿਆਣਾ ਦੀ ਹੱਦ ਤੇ ਬੈਰੀਕੇਡ ਲਗਾ ਕੇ ਰੋਕੇ ਜਾਣ ਦੀ ਸਖਤ ਸ਼ਬਦਾਂ ਵਿੱਚ ਨਿੰਦਾ ਕੀਤੀ ਤੇ ਕਿਹਾ ਕਿ ਭਾਰਤ ਲੋਕਤੰਤਰ ਦੇਸ਼ ਹੈ ਜਿੱਥੇ ਹਰ ਇੱਕ ਨੂੰ ਆਪਣੇ ਹੱਕਾਂ ਲਈ ਸੰਘਰਸ਼ ਕਰਨ ਦਾ ਅਧਿਕਾਰ ਹੈ । ਇਸ ਮੌਕੇ ਕੇਵਲ ਸਿੰਘ ਜਵੰਧਾਂ ਬਲਾਕ ਪ੍ਰਧਾਨ ਸੁਨਾਮ, ਕਰਮਜੀਤ ਸਿੰਘ ਬਾਲਦ ਕਲਾਂ, ਜਤਿੰਦਰ ਸਿੰਘ ਝਲੂਰ, ਕਸ਼ਮੀਰ ਸਿੰਘ ਉਗਰਾਹਾਂ, ਮੇਜ਼ਰ ਸਿੰਘ ਸੁਰਜਨ ਭੈਣੀ, ਗੁਰਦੇਵ ਸਿੰਘ ਖੜਿਆਲ, ਗੁਰਮੇਲ ਸਿੰਘ ਸ਼ਾਹਪੁਰ ਕਲਾਂ, ਭਗਵੰਤ ਸਿੰਘ ਮੈਦੇਵਾਸ, ਗਿਆਨ ਸਿੰਘ ਮਹਿਲਾ,ਹਰੀ ਸਿੰਘ ਚੱਠਾ, ਗੁਲਾਬ ਸਿੰਘ ਗੰਢੂਆਂ,ਹਰੀ ਸਿੰਘ ਅਕਬਰਪੁਰ, ਕ੍ਰਿਸ਼ਨ ਸਿੰਘ ਉਗਰਾਹਾਂ,ਕਾਲਾ ਸਿੰਘ ਜਵੰਧਾਂ ,ਨਾਹਰ ਸਿੰਘ ਸ਼ਾਹਪੁਰ ਕਲਾਂ ਆਦਿ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਕਿਸਾਨ ਹਾਜ਼ਰ ਸਨ।

# ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਵੱਡੀ ਰਾਹਤ ਦਾ ਐਲਾਨ: ਪੰਜਾਬ ਵਿੱਚ ਬਣਾਏ ਜਾਣਗੇ 10 ਲੱਖ ਨਵੇਂ ਰਾਸ਼ਨ ਕਾਰਡ



**ਚੰਡੀਗੜ੍ਹ, 22 ਜੁਲਾਈ**
**-ਜੀ. ਐਸ. ਤੁੰਗ-**

ਭੋਜਨ ਸੁਰੱਖਿਆ ਨੂੰ ਮਜ਼ਬੂਤ ਕਰਨ ਅਤੇ ਬਿਨਾਂ ਕਿਸੇ ਭ੍ਰਿਸ਼ਟਾਚਾਰ ਜਾਂ ਪੱਖਪਾਤ ਦੇ ਹਰ ਲੋੜਵੰਦ ਪਰਿਵਾਰ ਤੱਕ ਭਲਾਈ ਯੋਜਨਾਵਾਂ ਪਹੁੰਚਾਉਣ ਵੱਲ ਇਤਿਹਾਸਕ ਕਦਮ ਚੁੱਕਦਿਆਂ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਐਲਾਨ ਕੀਤਾ ਕਿ ਸੂਬਾ ਸਰਕਾਰ 'ਨਾ ਕੈਸ਼, ਨਾ ਫਾਰਮਾਇਸ਼' ਦੇ ਸਿਧਾਂਤ 'ਤੇ ਪਾਰਦਰਸ਼ੀ ਤੇ ਤਕਨਾਲੋਜੀ-ਅਧਾਰਿਤ ਪ੍ਰਣਾਲੀ ਤਹਿਤ 10 ਲੱਖ ਨਵੇਂ ਰਾਸ਼ਨ ਕਾਰਡ ਜਾਰੀ ਕਰੇਗੀ।

ਨਵੇਂ ਰਾਸ਼ਨ ਕਾਰਡ ਬਣਾਉਣ ਅਤੇ ਪਰਿਵਾਰ ਦੇ ਨਵੇਂ ਮੈਂਬਰਾਂ ਦੇ ਨਾਮ ਜੋੜਨ ਲਈ ਅਰਜ਼ੀਆਂ 22 ਜੁਲਾਈ ਤੋਂ ਸ਼ੁਰੂ ਹੋਣਗੀਆਂ, ਜਿਸ ਵਿੱਚ ਸਮਾਜ ਦੇ ਕਮਜ਼ੋਰ ਵਰਗਾਂ ਨੂੰ ਪਹਿਲ ਦਿੱਤੀ ਜਾਵੇਗੀ। ਕੁੱਲ ਲਾਭਪਾਤਰੀਆਂ ਵਿੱਚੋਂ 7 ਲੱਖ ਰਾਸ਼ਨ ਕਾਰਡ ਨਵੇਂ ਯੋਗ ਪਰਿਵਾਰਾਂ ਨੂੰ ਜਾਰੀ ਕੀਤੇ ਜਾਣਗੇ, ਜਦਕਿ 3 ਲੱਖ ਈ-ਸ਼੍ਰਮ ਅਤੇ ਪ੍ਰਵਾਸੀ ਮਜ਼ਦੂਰਾਂ ਨੂੰ ਕੌਮੀ ਖੁਰਾਕ ਸੁਰੱਖਿਆ ਐਕਟ (ਐਨ.ਐਫ.ਐਸ.ਏ.) ਅਧੀਨ ਲਿਆਂਦਾ ਜਾਵੇਗਾ। ਸੂਬੇ ਵਿੱਚ ਖੁਰਾਕ ਤੇ ਪੋਸ਼ਣ ਸੁਰੱਖਿਆ ਨੂੰ ਹੋਰ ਮਜ਼ਬੂਤ ਕਰਦਿਆਂ ਹਰੇਕ ਨਵੇਂ ਲਾਭਪਾਤਰੀ ਨੂੰ 5 ਕਿੱਲੋ ਕਣਕ ਦੇ ਨਾਲ 'ਮੇਰੀ ਰਸੋਈ ਪੌਸ਼ਟਿਕ ਕਿੱਟ' ਵੀ ਦਿੱਤੀ ਜਾਵੇਗੀ।

ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਰਾਸ਼ਨ ਕਾਰਡ ਦੀ ਇਹ ਪਾਰਦਰਸ਼ੀ ਮੁਹਿੰਮ 'ਨਾ ਕੈਸ਼, ਨਾ ਫਾਰਮਾਇਸ਼' ਦੇ ਦੋਹਰੇ ਸਿਧਾਂਤਾਂ 'ਤੇ ਚਲਾਈ ਜਾ ਰਹੀ ਹੈ। ਉਨ੍ਹਾਂ ਕਿਹਾ, ਪੰਜਾਬ ਰਾਸ਼ਨ ਕਾਰਡ ਪ੍ਰਣਾਲੀ ਵਿੱਚ 10 ਲੱਖ ਨਵੇਂ ਯੋਗ ਲਾਭਪਾਤਰੀਆਂ ਨੂੰ ਜੋੜ ਰਿਹਾ ਹੈ, ਜੋ ਕਿ ਹਾਲ ਹੀ ਦੇ ਸਾਲਾਂ ਵਿੱਚ ਸਭ ਤੋਂ ਵੱਡੀਆਂ ਖੁਰਾਕ ਸੁਰੱਖਿਆ ਮੁਹਿੰਮਾਂ ਵਿੱਚੋਂ ਇੱਕ ਹੈ। ਇਹਨਾਂ ਵਿੱਚੋਂ ਲਗਭਗ 3 ਲੱਖ ਈ-ਸ਼੍ਰਮ ਅਤੇ ਪ੍ਰਵਾਸੀ ਮਜ਼ਦੂਰਾਂ ਨੂੰ ਕੌਮੀ ਖੁਰਾਕ ਸੁਰੱਖਿਆ ਐਕਟ ਅਧੀਨ ਕਵਰ ਕੀਤਾ ਜਾਵੇਗਾ, ਜਦੋਂ ਕਿ ਹੋਰ 7 ਲੱਖ ਯੋਗ ਲਾਭਪਾਤਰੀਆਂ ਨੂੰ ਨਵੀਆਂ ਅਰਜ਼ੀਆਂ ਅਤੇ ਮੌਜੂਦਾ ਰਾਸ਼ਨ ਕਾਰਡਾਂ ਵਿੱਚ ਨਵੇਂ ਮੈਂਬਰਾਂ ਨੂੰ ਜੋੜ ਕੇ ਇਸ ਸਕੀਮ ਹੇਠ ਲਿਆਂਦਾ ਜਾਵੇਗਾ।

ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਨੇ ਇਹ ਯਕੀਨੀ ਬਣਾਇਆ ਹੈ ਕਿ ਇਹ ਪ੍ਰਕਿਰਿਆ ਭ੍ਰਿਸ਼ਟਾਚਾਰ ਤੇ ਸਿਆਸੀ ਪ੍ਰਭਾਵ ਤੋਂ ਮੁਕਤ ਰਹੇ। ਉਨ੍ਹਾਂ ਕਿਹਾ, ਹਰ ਕੋਈ ਜਾਣਦਾ ਹੈ ਕਿ ਪੰਜਾਬ ਵਿੱਚ ਸਰਕਾਰੀ ਨੌਕਰੀਆਂ ਹੁਣ ਪੈਸੇ ਜਾਂ ਸਿਫ਼ਾਰਸ਼ਾਂ ਦੇ ਆਧਾਰ 'ਤੇ ਨਹੀਂ ਦਿੱਤੀਆਂ ਜਾਂਦੀਆਂ। ਇਸੇ ਤਰ੍ਹਾਂ ਰਾਸ਼ਨ ਕਾਰਡ ਵੀ ਹੁਣ ਸਿਫ਼ਾਰਸ਼ਾਂ, ਵਿਚੋਲਿਆਂ ਜਾਂ ਰਿਸ਼ਵਤ 'ਤੇ ਨਿਰਭਰ ਨਹੀਂ ਹੋਣਗੇ। ਹਰੇਕ ਬਿਨੈਕਾਰ ਦਾ ਮੁਲਾਂਕਣ ਇੱਕੋ ਪਾਰਦਰਸ਼ੀ ਅਤੇ ਡਿਜੀਟਲ ਪ੍ਰਕਿਰਿਆ ਰਾਹੀਂ ਕੀਤਾ ਜਾਵੇਗਾ, ਇਹ ਯਕੀਨੀ ਬਣਾਇਆ ਜਾਵੇਗਾ ਕਿ ਹਰ ਯੋਗ ਪਰਿਵਾਰ ਨੂੰ ਬਰਾਬਰ ਮੌਕਾ ਮਿਲੇ।

ਮੁੱਖ ਮੰਤਰੀ ਨੇ ਦੱਸਿਆ ਕਿ ਅਰਜ਼ੀ ਦੇਣ ਦੀ ਪ੍ਰਕਿਰਿਆ ਨੂੰ ਸਰਲ ਤੇ ਸੁਖਾਲਾ ਬਣਾਇਆ ਗਿਆ ਹੈ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਲੋਕ ਆਨਲਾਈਨ, ਸੇਵਾ ਕੇਂਦਰਾਂ, ਕਾਮਨ ਸਰਵਿਸ ਸੈਂਟਰਾਂ ਜਾਂ ਜ਼ਿਲ੍ਹਾ ਖੁਰਾਕ ਦਫ਼ਤਰਾਂ ਵਿੱਚ ਅਰਜ਼ੀ ਦੇ ਸਕਦੇ ਹਨ। ਹਰੇਕ ਬਿਨੈਕਾਰ ਨੂੰ ਐਸ.ਐਮ.ਐਸ. ਰਾਹੀਂ ਰਸੀਦ ਮਿਲੇਗੀ ਅਤੇ ਉਹ ਆਪਣੀ ਅਰਜ਼ੀ ਦੇ ਸਟੇਟਸ ਨੂੰ ਟਰੈਕ ਕਰ ਸਕਣਗੇ। ਅਰਜ਼ੀ ਦਾ ਲਿੰਕ ਖੁਰਾਕ ਵਿਭਾਗ ਦੀ ਵੈੱਬਸਾਈਟ ਦੇ ਹੋਮਪੇਜ 'ਤੇ ਵੀ ਉਪਲਬਧ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਰਾਸ਼ਨ ਕਾਰਡ ਜਾਰੀ ਕਰਨ ਵਿੱਚ ਪਾਰਦਰਸ਼ਤਾ ਯਕੀਨੀ ਬਣਾਉਣ ਲਈ ਪੂਰੀ ਪ੍ਰਣਾਲੀ ਵਿੱਚ ਸੁਧਾਰ ਕੀਤਾ ਗਿਆ ਹੈ। ਉਨ੍ਹਾਂ ਜ਼ੋਰ ਦੇ ਕੇ ਕਿਹਾ, ਪਹਿਲਾਂ, ਮੈਨੂਅਲ ਵੈਰੀਫਿਕੇਸ਼ਨ ਤੇ ਮਨਮਰਜ਼ੀ ਵਾਲੇ ਫੈਸਲਿਆਂ ਕਰਕੇ ਅਕਸਰ ਭ੍ਰਿਸ਼ਟਾਚਾਰ ਹੁੰਦਾ ਸੀ ਅਤੇ ਅਸਲ ਲਾਭਪਾਤਰੀ ਵਾਂਝੇ ਰਹਿ ਜਾਂਦੇ ਸਨ। ਹੁਣ, ਡਿਜੀਟਲ ਵੈਰੀਫਿਕੇਸ਼ਨ, ਆਨਲਾਈਨ ਟਰੈਕਿੰਗ, ਪੁਆਇੰਟ-ਆਧਾਰਤ ਮੁਲਾਂਕਣ ਪ੍ਰਣਾਲੀ ਅਤੇ ਮੁਕੰਮਲ ਪਾਰਦਰਸ਼ਤਾ ਇਹ ਯਕੀਨੀ ਬਣਾਏਗੀ ਕਿ ਸਿਰਫ਼ ਲੋੜਵੰਦ ਪਰਿਵਾਰ ਹੀ ਸ਼ਾਮਲ ਕੀਤੇ ਜਾਣ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਜਵਾਬਦੇਹੀ ਯਕੀਨੀ ਬਣਾਉਣ ਵਿੱਚ ਤਕਨਾਲੋਜੀ ਅਹਿਮ ਭੂਮਿਕਾ ਨਿਭਾਏਗੀ। ਹਰੇਕ ਅਰਜ਼ੀ ਦੀ ਘਰ-ਘਰ ਜਾ ਕੇ ਵੈਰੀਫਿਕੇਸ਼ਨ, ਜੀਓ-ਟੈਗ ਅਤੇ ਟਾਈਮ-ਸਟੈਂਪ ਵਾਲੀ ਜਾਂਚ ਦੇ ਨਾਲ-ਨਾਲ ਸਰਕਾਰੀ ਡਾਟਾਬੇਸ ਰਾਹੀਂ ਏ.ਪੀ.ਆਈ.-ਆਧਾਰਿਤ ਵੈਰੀਫਿਕੇਸ਼ਨ ਕੀਤੀ ਜਾਵੇਗੀ। ਹਰ ਪ੍ਰਵਾਨਗੀ ਜਾਂ ਰੱਦ ਕਰਨ ਦਾ ਪੂਰਾ ਡਿਜੀਟਲ ਆਡਿਟ ਹੋਵੇਗਾ, ਜਿਸ ਨਾਲ ਪੂਰੀ ਪ੍ਰਕਿਰਿਆ ਪਾਰਦਰਸ਼ੀ ਅਤੇ ਜਵਾਬਦੇਹ ਬਣੇਗੀ।

ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਨੇ ਸਮਾਜ ਦੇ ਸਭ ਤੋਂ ਕਮਜ਼ੋਰ ਵਰਗਾਂ ਨੂੰ ਪਹਿਲ ਦੇਣ ਲਈ ਨਿਰਪੱਖ ਪ੍ਰਣਾਲੀ ਅਪਣਾਈ ਹੈ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਯੋਗ ਬਿਨੈਕਾਰਾਂ ਨੂੰ ਪੁਆਇੰਟ-ਅਧਾਰਿਤ ਪਾਰਦਰਸ਼ੀ ਪ੍ਰਣਾਲੀ ਰਾਹੀਂ ਪਹਿਲ ਦਿੱਤੀ ਜਾਵੇਗੀ। ਵਿਧਵਾਵਾਂ, ਦਿਵਿਆਂਗ ਵਿਅਕਤੀਆਂ, ਸੀਨੀਅਰ ਨਾਗਰਿਕਾਂ, ਗਰੀਬੀ ਰੇਖਾ ਤੋਂ ਹੇਠਾਂ ਰਹਿ ਰਹੇ ਪਰਿਵਾਰਾਂ, ਗੰਭੀਰ ਬੀਮਾਰੀਆਂ ਨਾਲ ਪੀੜਤ ਪਰਿਵਾਰਾਂ, ਕੱਚੇ ਘਰਾਂ ਅਤੇ ਘੱਟ ਆਮਦਨ ਵਾਲਿਆਂ ਨੂੰ ਵਧੇਰੇ ਤਰਜੀਹ ਦਿੱਤੀ ਜਾਵੇਗੀ।

ਮੁੱਖ ਮੰਤਰੀ ਨੇ ਕਿਹਾ ਕਿ ਇਸ ਪਹਿਲਕਦਮੀ ਨਾਲ ਲਾਭਪਾਤਰੀਆਂ ਲਈ ਭੋਜਨ ਸੁਰੱਖਿਆ ਅਤੇ ਪੋਸ਼ਣ, ਦੋਵੇਂ ਮਜ਼ਬੂਤ ਹੋਣਗੇ। ਉਨ੍ਹਾਂ ਕਿਹਾ, ਹਰ ਨਵੇਂ ਯੋਗ ਲਾਭਪਾਤਰੀ ਨੂੰ 5 ਕਿੱਲੋ ਕਣਕ ਦੇ ਨਾਲ 'ਮੇਰੀ ਰਸੋਈ ਪੌਸ਼ਟਿਕ ਕਿੱਟ' ਮਿਲੇਗੀ। 'ਮੇਰੀ ਰਸੋਈ' ਸਕੀਮ ਤਹਿਤ 32 ਲੱਖ ਪਰਿਵਾਰ ਪਹਿਲਾਂ ਹੀ ਲਾਭ ਲੈ ਰਹੇ ਹਨ। ਉਨ੍ਹਾਂ ਕਿਹਾ ਕਿ ਸਾਡੀ ਵਚਨਬੱਧਤਾ ਹੈ ਕਿ ਹਰ ਹੱਕਦਾਰ ਪਰਿਵਾਰ ਨੂੰ ਬਿਨਾਂ ਪੈਸੇ ਦਿੱਤੇ ਜਾਂ ਸਿਫ਼ਾਰਸ਼ਾਂ ਤੋਂ ਬਿਨਾਂ ਉਸ ਦਾ ਜਾਇਜ਼ ਹੱਕ ਮਿਲਣਾ ਚਾਹੀਦਾ ਹੈ।

ਪਿਛਲੀਆਂ ਸਰਕਾਰਾਂ 'ਤੇ ਤਨਜ਼ ਕੱਸਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪਹਿਲਾਂ ਭਲਾਈ ਕਾਰਜ ਜਨਤਕ ਹਿੱਤਾਂ ਦੀ ਬਜਾਏ ਸਿਆਸੀ ਸ਼ਹਿ 'ਤੇ ਹੁੰਦੇ ਸਨ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਪਿਛਲੀਆਂ ਸਰਕਾਰਾਂ ਨੇ ਸਿਰਫ਼ ਆਪਣੇ ਚਹੇਤਿਆਂ ਨੂੰ ਹੀ ਰਾਸ਼ਨ ਕਾਰਡ ਜਾਰੀ ਕੀਤੇ ਸਨ। ਸਾਡੀ ਸਰਕਾਰ ਨੇ ਪੱਖਪਾਤ ਦੀ ਥਾਂ ਪਾਰਦਰਸ਼ਤਾ ਲਿਆਂਦੀ ਹੈ। ਤਕਨਾਲੋਜੀ ਇਹ ਯਕੀਨੀ ਬਣਾਏਗੀ ਕਿ ਭਲਾਈ ਯੋਜਨਾਵਾਂ ਸਹੀ ਲੋਕਾਂ ਤੱਕ ਨਿਰਪੱਖਤਾ, ਇਮਾਨਦਾਰੀ ਅਤੇ ਬਿਨਾਂ ਕਿਸੇ ਵਿਤਕਰੇ ਦੇ ਪਹੁੰਚਣ।

# ਮੋਗਾ ਗ੍ਰਨੇਡ ਹਮਲੇ 'ਚ ਸ਼ਾਮਲ 3 ਮੁੱਖ ਦੋਸ਼ੀਆਂ ਸਣੇ 17 ਵਿਅਕਤੀਆਂ ਦੀ ਗ੍ਰਿਫਤਾਰੀ ਨਾਲ ਸੰਭਾਵੀ ਅੱਤਵਾਦੀ ਸਾਜ਼ਿਸ਼ ਹੋਈ ਨਾਕਾਮ; ਆਈ.ਈ.ਡੀ., ਗਲੌਕ ਪਿਸਤੌਲ ਬਰਾਮਦ

**ਚੰਡੀਗੜ੍ਹ, 22 ਜੁਲਾਈ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸ਼ਾ-ਨਿਰਦੇਸ਼ਾਂ 'ਤੇ ਪੰਜਾਬ ਨੂੰ ਸੁਰੱਖਿਅਤ ਸੂਬਾ ਬਣਾਉਣ ਦੇ ਮੱਦੇਨਜ਼ਰ ਚੱਲ ਰਹੀ ਮੁਹਿੰਮ ਦੌਰਾਨ ਵੱਡੀ ਸਫਲਤਾ ਦਰਜ ਕਰਦਿਆਂ ਮੋਗਾ ਪੁਲਿਸ ਨੇ ਪੁਲਿਸ ਥਾਣਾ ਸਦਰ ਮੋਗਾ ਵਿਖੇ ਹੋਏ ਘੱਟ ਤੀਬਰਤਾ ਵਾਲੇ ਗ੍ਰਨੇਡ ਹਮਲੇ ਨੂੰ ਅੰਜਾਮ ਦੇਣ ਵਾਲੇ ਤਿੰਨ ਮੁੱਖ ਦੋਸ਼ੀਆਂ ਸਮੇਤ 17 ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕਰਕੇ ਸੰਭਾਵੀ ਅੱਤਵਾਦੀ ਸਾਜ਼ਿਸ਼ ਨੂੰ ਨਾਕਾਮ ਕਰ ਦਿੱਤਾ ਹੈ। ਇਹ ਜਾਣਕਾਰੀ ਪੁਲਿਸ ਡਾਇਰੈਕਟਰ ਜਨਰਲ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਅੱਜ ਇੱਥੇ ਦਿੱਤੀ।

ਪੁਲਿਸ ਨੇ ਇੱਕ ਇੰਪ੍ਰੋਵਾਈਜ਼ਡ ਐਕਸਪਲੋਸਿਵ ਡਿਵਾਈਸ (ਆਈਈਡੀ) ਦੇ ਨਾਲ-ਨਾਲ ਵਿਸਫੋਟਕ ਸਮੱਗਰੀ ਅਤੇ ਇਲੈਕਟ੍ਰਾਨਿਕ ਡੈਟੋਨੇਟਰ, ਇੱਕ 9 ਐਮਐਮ ਗਲੌਕ ਪਿਸਤੌਲ ਸਮੇਤ ਮੈਗਜ਼ੀਨ ਵੀ ਬਰਾਮਦ ਕੀਤਾ ਹੈ। ਇਸ ਤੋਂ ਇਲਾਵਾ ਗ੍ਰਨੇਡ ਹਮਲੇ ਨੂੰ ਅੰਜਾਮ ਦੇਣ ਲਈ ਵਰਤੀ ਗਈ ਸਪਲੈਂਡਰ ਮੋਟਰਸਾਈਕਲ (ਪੀਬੀ-03-ਏਐਚ-3088) ਨੂੰ ਵੀ ਜ਼ਬਤ ਕੀਤਾ ਗਿਆ ਹੈ।

ਜਾਣਕਾਰੀ ਅਨੁਸਾਰ 8 ਜੁਲਾਈ, 2026 ਨੂੰ ਸਵੇਰੇ 3.15 ਵਜੇ ਦੇ ਕਰੀਬ ਕੁਝ ਅਣਪਛਾਤੇ ਵਿਅਕਤੀਆਂ ਵੱਲੋਂ ਪੁਲਿਸ ਥਾਣਾ ਸਦਰ, ਮੋਗਾ ਦੀ ਇਮਾਰਤ 'ਤੇ ਇੱਕ ਘੱਟ ਤੀਬਰਤਾ ਵਾਲਾ ਗ੍ਰਨੇਡ ਸੁੱਟਿਆ ਗਿਆ ਸੀ।

ਉਨ੍ਹਾਂ ਦੱਸਿਆ ਕਿ ਗ੍ਰਨੇਡ ਹਮਲੇ ਨੂੰ ਅੰਜਾਮ ਦੇਣ ਵਾਲੇ ਤਿੰਨ ਮੁੱਖ ਦੋਸ਼ੀਆਂ ਦੀ ਪਛਾਣ ਗਗਨ ਉਰਫ ਕਾਲੀ ਵਾਸੀ ਢੇਰੂ, ਫਿਰੋਜ਼ਪੁਰ, ਰਾਜੇਸ਼ ਉਰਫ ਖੰਨਾ ਵਾਸੀ ਲਾਲ ਕੁੜਤੀ ਕੈਂਟ ਫਿਰੋਜ਼ਪੁਰ ਅਤੇ ਸ਼ੁਭਮ ਉਰਫ ਭਿੰਡਰ ਵਾਸੀ ਕੋਤਵਾਲ, ਫਿਰੋਜ਼ਪੁਰ ਵਜੋਂ ਹੋਈ ਹੈ। ਗ੍ਰਿਫਤਾਰ ਕੀਤੇ ਗਏ ਬਾਕੀ ਮੁਲਜ਼ਮ-ਜੋ ਲੌਜਿਸਟਿਕਸ, ਨੈੱਟਵਰਕ ਵਿਸਤਾਰ ਅਤੇ ਕਾਰਕੁੰਨਾਂ ਨੂੰ ਪਨਾਹ ਦੇਣ ਵਿੱਚ ਸਹਾਇਤਾ ਕਰਦੇ ਸਨ- ਦੀ ਪਛਾਣ ਲਾਜਰ ਉਰਫ਼ ਅਮਨ ਅਤੇ ਉਸਦੀ ਪਤਨੀ ਪਰਵੀਨ ਕੌਰ ਦੋਵੇਂ ਵਾਸੀ ਸੀਆ ਪਾੜੀ, ਫਿਰੋਜ਼ਪੋਰ; ਸਵਰਨ ਅਤੇ ਗੋਬਿੰਦ ਵਾਸੀ ਕੋਤਵਾਲ, ਫਿਰੋਜ਼ਪੁਰ; ਸਾਗਰ ਅਤੇ ਜੌਨ ਦੋਵੇਂ ਵਾਸੀ ਲਾਲ ਕੁੜਤੀ ਕੈਂਟ, ਫਿਰੋਜਪੁਰ; ਰੂਥ, ਰਾਜ ਅਤੇ ਸਰਬਜੀਤ ਕੌਰ ਵਾਸੀ ਤਲਵੰਡੀ ਨੇਪਾਲਾ, ਫਿਰੋਜ਼ਪੁਰ; ਗੁਰਪ੍ਰੀਤ ਸਿੰਘ, ਰਾਹੁਲ ਅਤੇ ਕਰਨਦੀਪ ਸਿੰਘ ਵਾਸੀ ਅਜੀਤਵਾਲ,ਮੋਗਾ; ਲਵਪ੍ਰੀਤ ਵਾਸੀ ਢੇਰੂ, ਫਿਰੋਜ਼ਪੁਰ ਅਤੇ ਸੁਖਵਿੰਦਰ ਕੌਰ ਵਾਸੀ ਸ਼ੇਰਖਾਂ, ਫਿਰੋਜ਼ਪੁਰ, ਵਜੋਂ ਹੋਈ ਹੈ।

ਡੀਜੀਪੀ ਗੌਰਵ ਯਾਦਵ ਨੇ ਦੱਸਿਆ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਇਕਬਾਲ ਸਿੰਘ ਉਰਫ਼ ਰਵੀ ਧਾਲੀਵਾਲ, ਜੋ ਇਸ ਸਮੇਂ ਯੂਕੇ ਵਿੱਚ ਰਹਿੰਦਾ ਹੈ ਅਤੇ ਕਥਿਤ ਤੌਰ 'ਤੇ ਅਪਰਾਧਿਕ ਗਤੀਵਿਧੀਆਂ ਵਿੱਚ ਸ਼ਾਮਲ ਹੈ, ਇਸ ਸਾਜ਼ਿਸ਼ ਦਾ ਮੁੱਖ ਸਾਜ਼ਿਸ਼ਘਾੜਾ ਹੈ। ਉਨ੍ਹਾਂ ਕਿਹਾ ਕਿ ਉਸ ਦੇ ਨਿਰਦੇਸ਼ਾਂ 'ਤੇ, ਮੁਲਜ਼ਮਾਂ ਨੇ ਪੁਲਿਸ ਥਾਣਾ ਸਦਰ ਮੋਗਾ 'ਤੇ ਗ੍ਰਨੇਡ ਹਮਲਾ ਕੀਤਾ ਅਤੇ ਹੁਣ ਫਿਰੋਜ਼ਪੁਰ ਤੋਂ ਜੰਮੂ ਜਾਣ ਵਾਲੀ ਰੇਲਗੱਡੀ ਵਿੱਚ ਆਈ.ਈ.ਡੀ. ਲਗਾਉਣ ਦੀ ਯੋਜਨਾ ਬਣਾ ਰਹੇ ਸਨ।

ਡੀਜੀਪੀ ਨੇ ਕਿਹਾ ਕਿ ਪੂਰੇ ਨੈੱਟਵਰਕ ਦਾ ਪਰਦਾਫਾਸ਼ ਕਰਨ ਅਤੇ ਇਸ ਵਿੱਚ ਸ਼ਾਮਲ ਸਾਰੇ ਕਾਰਕੁੰਨਾਂ ਦੀ ਪਛਾਣ ਕਰਨ ਲਈ ਹੋਰ ਜਾਂਚ ਕੀਤੀ ਜਾ ਰਹੀ ਹੈ।

ਇਸ ਸਬੰਧੀ ਹੋਰ ਵੇਰਵੇ ਸਾਂਝੇ ਕਰਦਿਆਂ ਇੰਸਪੈਕਟਰ ਜਨਰਲ ਆਫ਼ ਪੁਲਿਸ (ਆਈਜੀਪੀ) ਫਰੀਦਕੋਟ ਰੇਂਜ ਨੀਲਾਂਬਰੀ ਜਗਦਲੇ ਨੇ ਦੱਸਿਆ ਕਿ ਵਾਰਦਾਤ ਤੋਂ ਬਾਅਦ, ਅਪਰਾਧੀਆਂ ਦਾ ਪਤਾ ਲਗਾਉਣ ਲਈ ਕਈ ਪੁਲਿਸ ਟੀਮਾਂ ਤਾਇਨਾਤ ਕੀਤੀਆਂ ਗਈਆਂ ਸਨ।

ਉਨ੍ਹਾਂ ਕਿਹਾ ਕਿ ਤਕਨੀਕੀ ਅਤੇ ਮਨੁੱਖੀ-ਖੁਫੀਆ ਜਾਣਕਾਰੀ ਤੋਂ ਇਹ ਗੱਲ ਸਾਹਮਣੇ ਆਈ ਕਿ ਗਗਨ ਉਰਫ਼ ਕਾਲੀ ਨੇ ਰਾਜੇਸ਼ ਉਰਫ਼ ਖੰਨਾ ਅਤੇ ਸ਼ੁਭਮ ਭਿੰਡਰ ਦੇ ਨਾਲ ਮਿਲ ਕੇ ਪੁਲਿਸ ਥਾਣਾ ਸਦਰ ਮੋਗਾ 'ਤੇ ਗ੍ਰਨੇਡ ਹਮਲੇ ਨੂੰ ਅੰਜਾਮ ਦਿੱਤਾ ਸੀ। ਉਨ੍ਹਾਂ ਕਿਹਾ ਅਗਲੇਰੀ ਜਾਂਚ ਦੌਰਾਨ, ਇਨ੍ਹਾਂ ਤਿੰਨਾਂ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ, ਜਿਸ ਨਾਲ ਉਨ੍ਹਾਂ ਦੇ ਸਾਥੀਆਂ ਲਾਜਰ ਉਰਫ਼ ਅਮਨ ਅਤੇ ਉਸਦੀ ਪਤਨੀ ਪਰਵੀਨ ਕੌਰ ਦੀ ਗ੍ਰਿਫਤਾਰੀ ਵੀ ਸੰਭਵ ਹੋਈ। ਜ਼ਿਕਰਯੋਗ ਹੈ ਕਿ ਲਾਜਰ ਅਤੇ ਉਸਦੀ ਪਤਨੀ ਯੂਕੇ-ਅਧਾਰਤ ਇਕਬਾਲ ਉਰਫ਼ ਰਵੀ ਧਾਲੀਵਾਲ ਦੇ ਸਿੱਧੇ ਸੰਪਰਕ ਵਿੱਚ ਸਨ ਅਤੇ ਅੱਤਵਾਦੀ ਗਤੀਵਿਧੀਆਂ ਨੂੰ ਅੰਜਾਮ ਦੇਣ ਲਈ ਹੋਰ ਕਾਰਕੁੰਨਾਂ ਦਾ ਪ੍ਰਬੰਧ ਕਰਨ ਵਿੱਚ ਉਸਦੀ ਮਦਦ ਕਰ ਰਹੇ ਸਨ। ਸੀਨੀਅਰ ਪੁਲਿਸ ਸੁਪਰਡੈਂਟ (ਐਸਐਸਪੀ) ਮੋਗਾ ਸਰਤਾਜ ਸਿੰਘ ਚਾਹਲ ਨੇ ਕਿਹਾ ਕਿ ਦੋਸ਼ੀ ਲਾਜਰ ਤੋਂ ਹੋਰ ਪੁੱਛਗਿੱਛ ਕਰਨ 'ਤੇ ਬਾਕੀ 12 ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਜੋ ਮਾਡਿਊਲ ਦੇ ਮੈਂਬਰਾਂ ਨੂੰ ਲੌਜਿਸਟਿਕ ਸਹਾਇਤਾ ਅਤੇ ਪਨਾਹ ਦਿੰਦੇ ਸਨ। ਉਨ੍ਹਾਂ ਕਿਹਾ ਕਿ ਆਉਣ ਵਾਲੇ ਦਿਨਾਂ ਵਿੱਚ ਹੋਰ ਗ੍ਰਿਫ਼ਤਾਰੀਆਂ ਅਤੇ ਬਰਾਮਦਗੀਆਂ ਹੋਣ ਦੀ ਸੰਭਾਵਨਾ ਹੈ।

ਇਸ ਸਬੰਧ ਵਿੱਚ ਐਫਆਈਆਰ ਨੰਬਰ 126 ਮਿਤੀ 08.07.2026 ਨੂੰ ਬੀਐਨਐਸ ਦੀਆਂ ਸਬੰਧਤ ਧਾਰਾਵਾਂ, ਵਿਸਫੋਟਕ ਪਦਾਰਥ ਐਕਟ ਦੀਆਂ ਧਾਰਾਵਾਂ 3 ਅਤੇ 6 ਅਤੇ ਜਨਤਕ ਜਾਇਦਾਦ ਨੂੰ ਨੁਕਸਾਨ ਪਹੁੰਚਾਉਣ ਤੋਂ ਰੋਕਥਾਮ ਐਕਟ ਦੀ ਧਾਰਾ 4 ਤਹਿਤ ਪੁਲਿਸ ਥਾਣਾ ਸਦਰ, ਮੋਗਾ ਵਿਖੇ ਕੇਸ ਦਰਜ ਕੀਤਾ ਗਿਆ ਸੀ, ਜਦੋਂ ਕਿ ਬੀਐਨਐਸ ਦੀਆਂ ਧਾਰਾਵਾਂ 109, 111 ਅਤੇ 113, ਵਿਸਫੋਟਕ ਪਦਾਰਥ ਐਕਟ ਦੀਆਂ ਧਾਰਾਵਾਂ 4 ਅਤੇ 5 ਅਤੇ ਗੈਰ-ਕਾਨੂੰਨੀ ਗਤੀਵਿਧੀਆਂ (ਰੋਕਥਾਮ) ਐਕਟ (ਯੂਏਪੀਏ) ਦੀਆਂ ਧਾਰਾਵਾਂ 16, 17, 18, 20, 38 ਅਤੇ 39 ਵੀ ਲਗਾਈਆਂ ਗਈਆਂ ਹਨ।

# ਝਾੜ ਸਾਹਿਬ ਕਾਲਜ ਦਾ ਬੀ.ਏ ਸਮੈਸਟਰ ਛੇਵਾਂ ਦਾ ਨਤੀਜਾ ਸ਼ਾਨਦਾਰ ਰਿਹਾ

**ਮਾਛੀਵਾੜਾ ਸਾਹਿਬ, 22 ਜੁਲਾਈ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਦੀ ਸਰਪ੍ਰਸਤੀ ਹੇਠ ਚੱਲ ਰਹੀ ਇਲਕੇ ਦੀ ਨਾਮਵਾਰ ਸੰਸਥਾ ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਫਾਰ ਵਿਮੈਨ, ਝਾੜ ਸਾਹਿਬ (ਲੁਧਿ.) ਦਾ ਪੰਜਾਬ ਯੂਨੀਵਰਸਿਟੀ, ਚੰਡੀਗੜ੍ਹ ਵੱਲੋਂ ਐਲਾਨਿਆ ਬੀ.ਏ. ਸਮੈਸਟਰ ਛੇਵਾਂ ਦਾ ਨਤੀਜਾ ਸ਼ਾਨਦਾਰ ਰਿਹਾ।

ਬੀ.ਏ ਸਮੈਸਟਰ ਛੇਵਾਂ ਦੀ ਵਿਦਿਆਰਥਣ ਪ੍ਰਭਜੋਤ ਕੌਰ ਸਪੁੱਤਰੀ ਮਨਦੀਪ ਸਿੰਘ ਨੇ 79.7% ਅੰਕ ਹਾਸਿਲ ਕਰਕੇ ਕਾਲਜ ਵਿੱਚੋ ਪਹਿਲਾ ਸਥਾਨ,, ਇਕਬਾਲ ਕੌਰ ਸਪੁੱਤਰੀ ਹਰਦਿਆਲ ਸਿੰਘ ਨੇ 75.5% ਅੰਕ ਹਾਸਿਲ ਕਰਕੇ ਕਲਾਜ ਵਿੱਚੋ ਦੂਜਾ ਸਥਾਨ ਅਤੇ ਮਨਦੀਪ ਕੌਰ ਸਪੁੱਤਰੀ ਗੁਲਜ਼ਾਰ ਸਿੰਘ ਨੇ 75.1% ਅੰਕ ਹਾਸਿਲ ਕਰਕੇ ਤੀਜਾ ਸਥਾਨ ਪ੍ਰਾਪਤ ਕੀਤਾ। ਕਾਲਜ ਪ੍ਰਿੰਸੀਪਲ ਡਾ.ਰਜਿੰਦਰ ਕੌਰ ਨੇ ਵਿਦਿਆਰਥਣਾਂ ਅਤੇ ਆਰਟਸ ਵਿਭਾਗ ਦੇ ਸਟਾਫ ਮੈਂਬਰਾ ਨੂੰ ਵਧਾਈ ਦਿੱਤੀ ਅਤੇ ਸ਼ੁਭਕਾਮਨਾਵਾਂ ਦਿੰਦੇ ਹੋਏ ਕਿਹਾ ਕਿ ਸੰਸਥਾ ਵਿਦਿਆਰਥਣਾਂ ਦੇ ਸਰਵਪੱਖੀ ਵਿਕਾਸ ਦੀ ਪੂਰਤੀ ਲਈ ਸਦਾ ਯਤਨਸ਼ੀਲ ਰਹਿੰਦੀ ਹੈ, ਇਸ ਲਈ ਸਮੇਂ-ਸਮੇਂ ਤੇ ਵਿਦਿਆਰਥਣਾਂ ਲਈ ਸ਼ਖਸ਼ੀਅਤ ਉਸਾਰੂ ਗਤੀਵਿਧੀਆਂ ਕਰਵਾਈਆਂ ਜਾਂਦੀਆਂ ਹਨ। ਕਾਲਜ ਵਿਖੇ ਲੜਕੀਆਂ ਨੂੰ ਸਮੇਂ ਦੇ ਹਾਣੀ ਬਣਾਉਣ ਲਈ ਅਰਨ ਬਾਇ ਲਰਨ ਪਾਲਿਸੀ ਤਹਿਤ ਵੱਖ-ਵੱਖ ਕਿੱਤਿਆਂ ਨਾਲ ਜੋੜਿਆ ਜਾਂਦਾ ਹੈ, ਤਾਂ ਜੋ ਉਨ੍ਹਾਂ ਨੂੰ ਆਰਥਿਕ ਤੌਰ ਤੇ ਮਜਬੂਤ ਕੀਤਾ ਜਾ ਸਕੇ। ਸਾਨੂੰ ਉਮੀਦ ਹੈ ਕਿ ਭਵਿੱਖ ਵਿੱਚ ਵੀ ਸਾਡੀਆਂ ਵਿਦਿਆਰਥਣਾਂ ਇਸੇ ਤਰਾਂ ਦ੍ਰਿੜ ਮਿਹਨਤ ਅਤੇ ਲਗਨ ਸਦਕਾ ਵਧੀਆ ਨਤੀਜਾ ਪ੍ਰਾਪਤ ਕਰਕੇ ਅਧਿਆਪਕਾਂ ਅਤੇ ਮਾਪਿਆਂ ਦਾ ਨਾਂ ਰੌਸ਼ਨ ਕਰਨਗੀਆਂ।




## ਹਰਿਆਣਾ ਦੇ ਸਿਵਲ ਏਵੀਏਸ਼ਨ ਮੰਤਰੀ ਸ੍ਰੀ ਵਿਪੁਲ ਗੋਇਲ ਦੀ ਅਗਵਾਈ ਹੇਠ ਐਚ.ਏ.ਡੀ.ਸੀ. ਦੀ 8ਵੀਂ ਬੋਰਡ ਮੀਟਿੰਗ ਸੰਪੰਨ



**ਚੰਡੀਗੜ੍ਹ, 22 ਜੁਲਾਈ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਹਰਿਆਣਾ ਦੇ ਸਿਵਲ ਏਵੀਏਸ਼ਨ ਮੰਤਰੀ ਅਤੇ ਹਰਿਆਣਾ ਏਅਰਪੋਰਟਸ ਡਿਵੈਲਪਮੈਂਟ ਕਾਰਪੋਰੇਸ਼ਨ ਦੇ ਚੇਅਰਮੈਨ ਸ੍ਰੀ ਵਿਪੁਲ ਗੋਇਲ ਦੀ ਅਗਵਾਈ ਹੇਠ ਚੰਡੀਗੜ੍ਹ ਵਿੱਚ ਹਰਿਆਣਾ ਏਅਰਪੋਰਟਸ ਡਿਵੈਲਪਮੈਂਟ ਕਾਰਪੋਰੇਸ਼ਨ ਲਿਮਟਿਡ ਦੇ ਬੋਰਡ ਆਫ਼ ਡਾਇਰੈਕਟਰਜ਼ ਦੀ 8ਵੀਂ ਮੀਟਿੰਗ ਆਯੋਜਿਤ ਕੀਤੀ ਗਈ। ਮੀਟਿੰਗ ਵਿੱਚ ਸਿਵਲ ਏਵੀਏਸ਼ਨ ਬੁਨਿਆਦੀ ਢਾਂਚੇ ਦੇ ਵਿਕਾਸ, ਏਅਰ ਐਂਬੂਲੈਂਸ ਸੇਵਾਵਾਂ ਦੇ ਵਿਸਤਾਰ, ਵਿੱਤੀ ਪ੍ਰਬੰਧਨ ਅਤੇ ਪ੍ਰਸ਼ਾਸਕੀ ਪ੍ਰਕਿਰਿਆਵਾਂ ਨੂੰ ਹੋਰ ਵੱਧ ਮਜ਼ਬੂਤ ਬਣਾਉਣ ਨਾਲ ਸਬੰਧਤ ਵੱਖ-ਵੱਖ ਏਜੰਡਾ ਬਿੰਦੂਆਂ ’ਤੇ ਵਿਸਤਾਰ ਨਾਲ ਚਰਚਾ ਕੀਤੀ ਗਈ ਅਤੇ ਕਈ ਮਹੱਤਵਪੂਰਨ ਪ੍ਰਸਤਾਵਾਂ ਨੂੰ ਮਨਜ਼ੂਰੀ ਪ੍ਰਦਾਨ ਕੀਤੀ ਗਈ।

ਮੀਟਿੰਗ ਵਿੱਚ ਸੂਬੇ ਵਿੱਚ ਹੈਲੀ ਐਂਬੂਲੈਂਸ (ਮੈਡੀਕਲ, ਸੈਰ-ਸਪਾਟਾ ਅਤੇ ਜਨਤਕ ਆਵਾਜਾਈ) ਸੇਵਾਵਾਂ ਦੇ ਵਿਸਤਾਰ ’ਤੇ ਵਿਸ਼ੇਸ਼ ਤੌਰ ’ਤੇ ਵਿਚਾਰ-ਵਟਾਂਦਰਾ ਕੀਤਾ ਗਿਆ। ਇਸ ਦੌਰਾਨ ਸਿਹਤ ਵਿਭਾਗ ਅਤੇ ਵੱਖ-ਵੱਖ ਹਸਪਤਾਲਾਂ ਨਾਲ ਤਾਲਮੇਲ ਬਣਾਉਂਦਿਆਂ ਫਰੀ, ਕਰਨਾਲ, ਸੋਨੀਪਤ, ਗੁਰੂਗ੍ਰਾਮ ਅਤੇ ਰੋਹਤਕ ਸਥਿਤ ਮੈਡੀਕਲ ਕਾਲਜਾਂ ਦੇ ਨੇੜੇ ਬਣੇ ਹੈਲੀਪੈਡਾਂ ਦੇ ਉੱਨਤੀਕਰਨ (ਅਪਗ੍ਰੇਡੇਸ਼ਨ) ਦੀਆਂ ਯੋਜਨਾਵਾਂ ਦੀ ਸਮੀਖਿਆ ਕੀਤੀ ਗਈ।

ਮੀਟਿੰਗ ਦੌਰਾਨ ਕੈਬਨਿਟ ਮੰਤਰੀ ਸ੍ਰੀ ਵਿਪੁਲ ਗੋਇਲ ਨੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਸੂਬੇ ਵਿੱਚ ਚੱਲ ਰਹੇ ਸਾਰੇ ਉੱਡਣ ਪ੍ਰੋਜੈਕਟਾਂ ਨੂੰ ਨਿਰਧਾਰਤ ਸਮਾਂ ਸੀਮਾ ਦੇ ਅੰਦਰ ਅਤੇ ਉੱਚ ਗੁਣਵੱਤਾ ਮਾਪਦੰਡਾਂ ਨਾਲ ਪੂਰਾ ਕੀਤਾ ਜਾਵੇ, ਤਾਂ ਜੋ ਪ੍ਰਦੇਸ਼ ਵਿੱਚ ਵਪਾਰ, ਸੈਰ-ਸਪਾਟਾ ਅਤੇ ਰੁਜ਼ਗਾਰ ਦੇ ਨਵੇਂ ਮੌਕੇ ਪੈਦਾ ਹੋ ਸਕਣ।

ਮੀਟਿੰਗ ਵਿੱਚ ਸਿਵਲ ਏਵੀਏਸ਼ਨ ਵਿਭਾਗ ਦੀ ਵਧੀਕ ਮੁੱਖ ਸਕੱਤਰ ਸ਼੍ਰੀਮਤੀ ਜੀ. ਅਨੁਪਮਾ, ਲੋਕ ਨਿਰਮਾਣ (ਭਵਨ ਅਤੇ ਸੜਕਾਂ) ਵਿਭਾਗ ਦੇ ਵਧੀਕ ਮੁੱਖ ਸਕੱਤਰ ਸ੍ਰੀ ਅਪੂਰਵ ਕੁਮਾਰ ਸਿੰਘ, ਵਿੱਤ ਅਤੇ ਯੋਜਨਾ ਵਿਭਾਗ ਦੇ ਵਧੀਕ ਮੁੱਖ ਸਕੱਤਰ ਸ੍ਰੀ ਅਰੁਣ ਕੁਮਾਰ ਗੁਪਤਾ, ਸਿਵਲ ਏਵੀਏਸ਼ਨ ਵਿਭਾਗ ਦੇ ਡਾਇਰੈਕਟਰ ਜਨਰਲ ਅਤੇ ਸਕੱਤਰ ਸ੍ਰੀ ਅੰਸ਼ਜ ਸਿੰਘ, ਮੁੱਖ ਮੰਤਰੀ ਦੇ ਉਪ ਪ੍ਰਧਾਨ ਸਕੱਤਰ ਡਾ. ਯਸ਼ ਪਾਲ ਅਤੇ ਹਰਿਆਣਾ ਸਿਵਲ ਏਵੀਏਸਨ ਵਿਭਾਗ ਦੇ ਵਧੀਕ ਡਾਇਰੈਕਟਰ ਸ੍ਰੀ ਮਨੀਸ਼ ਕੁਮਾਰ ਲੋਹਾਨ ਸਮੇਤ ਹੋਰ ਸੀਨੀਅਰ ਅਧਿਕਾਰੀ ਮੌਜੂਦ ਸਨ।

## ਪ੍ਰਦੇਸ਼ ਦੇ ਹਰ ਜ਼ਿਲ੍ਹੇ ਵਿੱਚ ਖੁੱਲ੍ਹੇਗਾ ਸਟਾਰਟਅੱਪਸ ਦਾ ਦੁਆਰ, ਨੌਜਵਾਨਾਂ ਲਈ ਰੁਜ਼ਗਾਰ ਅਤੇ ਸਵੈ-ਰੁਜ਼ਗਾਰ ਦਾ ਬਣੇਗਾ ਮਜ਼ਬੂਤ ਆਧਾਰ : ਮੁੱਖ ਮੰਤਰੀ ਨਾਇਬ ਸਿੰਘ ਸੈਣੀ

**ਚੰਡੀਗੜ੍ਹ 22 ਜੁਲਾਈ**
**-ਛਤਰਪਾਲ ਸਿੰਘ-**

ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ’ਹਰਿਆਣਾ ਵਿਜ਼ਨ02047’ ਨੂੰ ਜ਼ਮੀਨੀ ਪੱਧਰ ’ਤੇ ਉਤਾਰਨ ਲਈ ਸਰਕਾਰ ਪ੍ਰਦੇਸ਼ ਦੇ ਉਦਯੋਗਿਕ ਖੇਤਰ ਵਿੱਚ ਕ੍ਰਾਂਤੀਕਾਰੀ ਬਦਲਾਅ ਲਿਆ ਰਹੀ ਹੈ। ਮੁੱਖ ਮੰਤਰੀ ਨੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਪ੍ਰਦੇਸ਼ ਦੇ ਹਰ ਜ਼ਿਲ੍ਹੇ ਵਿੱਚ ਸਟਾਰਟਅੱਪਸ ਨੂੰ ਉਤਸ਼ਾਹਿਤ ਕੀਤਾ ਜਾਵੇ ਅਤੇ ਨਵਾਂ ਕਾਰੋਬਾਰ ਸ਼ੁਰੂ ਕਰਨ ਵਿੱਚ ਉਦਮੀਆਂ ਨੂੰ ਕਿਸੇ ਵੀ ਕਿਸਮ ਦੀ ਪ੍ਰਸ਼ਾਸਕੀ ਅੜਚਨ ਨਹੀਂ ਆਉਣੀ ਚਾਹੀਦੀ। ਮੁੱਖ ਮੰਤਰੀ ਸਿਵਲ ਸਕੱਤਰੇਤ ਵਿੱਚ ’ਹਰਿਆਣਾ ਵਿਜ਼ਨ02047’ ਤਹਿਤ ’ਵਿਜ਼ਨ ਟੂ ਐਕਸ਼ਨ ਪਲਾਨ’ ਨੂੰ ਲੈ ਕੇ ਐਮ.ਐਸ.ਐਮ.ਈ., ਉਦਯੋਗ, ਸਟਾਰਟਅੱਪ ਅਤੇ ਐਚ.ਐਸ.ਆਈ.ਆਈ.ਡੀ.ਸੀ. ਦੇ ਸੀਨੀਅਰ ਅਧਿਕਾਰੀਆਂ ਨਾਲ ਆਯੋਜਿਤ ਸਮੀਖਿਆ ਮੀਟਿੰਗ ਦੀ ਅਗਵਾਈ ਕਰ ਰਹੇ ਸਨ।

ਮੁੱਖ ਮੰਤਰੀ ਨੇ ਕਿਹਾ ਕਿ ਬਰਵਾਲਾ ਖੇਤਰ ਵਿੱਚ ਇੱਕ ਵਿਸ਼ੇਸ਼ ਵੁੱਡਨ ਜ਼ੋਨ ਅਤੇ ਵੁੱਡਨ ਮਾਰਕੀਟ ਬਣਾ ਕੇ ਉੱਥੇ ਆਧੁਨਿਕ ਸ਼ੋਅਰੂਮ ਵਿਕਸਿਤ ਕੀਤੇ ਜਾਣ। ਇਸ ਨਾਲ ਸਥਾਨਕ ਲੋਕਾਂ ਦੀ ਆਮਦਨ ਵਿੱਚ ਵਾਧਾ ਹੋਵੇਗਾ ਅਤੇ ਰੁਜ਼ਗਾਰ ਦੇ ਨਵੇਂ ਮੌਕੇ ਪੈਦਾ ਹੋਣਗੇ। ਉਨ੍ਹਾਂ ਨੇ ਨਿਰਦੇਸ਼ ਦਿੱਤੇ ਕਿ ਕੈਲੰਡਰ ਬਣਾ ਕੇ ਪ੍ਰਦੇਸ਼ ਦੇ ਹਰ ਜ਼ਿਲ੍ਹੇ ਵਿੱਚ ਸਵਦੇਸ਼ੀ ਮੇਲਿਆਂ ਦਾ ਆਯੋਜਨ ਕੀਤਾ ਜਾਵੇ। ਇਸ ਤੋਂ ਇਲਾਵਾ, ਰੱਖੜੀ ਬਣਾਉਣ ਦੇ ਉਦਯੋਗ ਵਿੱਚ ਸਵੈ-ਸਹਾਇਤਾ ਸਮੂਹਾਂ ਨੂੰ ਵਿਆਪਕ ਪੱਧਰ ’ਤੇ ਸ਼ਾਮਲ ਕੀਤਾ ਜਾਵੇ ਅਤੇ ਉਨ੍ਹਾਂ ਦੇ ਉਤਪਾਦਾਂ ਦੀ ਵੈਸ਼ਵਿਕ ਵਿਕਰੀ ਲਈ ਉਨ੍ਹਾਂ ਨੂੰ ਵਾਲਮਾਰਟ, ਐਮਾਜ਼ਾਨ ਵਰਗੇ ਵੱਡੇ ਈ-ਕਾਮਰਸ ਪਲੇਟਫਾਰਮਾਂ ਨਾਲ ਜੋੜਿਆ ਜਾਵੇ। ਵਪਾਰ ਨੂੰ ਸੁਖਾਲਾ ਬਣਾਉਣ ਲਈ ਮੁੱਖ ਮੰਤਰੀ ਨੇ ਐਲਾਨ ਕੀਤਾ ਕਿ ਰਾਜ ਵਿੱਚ ’ਰਾਜ ਨਵੀਨਤਾ ਅਤੇ ਐਮ.ਐਸ.ਐਮ.ਈ. ਪਰਿਸ਼ਦ’ ਅਤੇ ’ਸਟਾਰਟਅੱਪ ਐਡਵਾਈਜ਼ਰੀ ਕੌਂਸਲ ਹਰਿਆਣਾ’ ਦਾ ਗਠਨ ਕੀਤਾ ਜਾਵੇਗਾ। ਪੁਨਰਗਠਿਤ ਸਿੰਗਲ ਵਿੰਡੋ ਕਲੀਅਰੈਂਸ ਸਿਸਟਮ ਰਾਹੀਂ ਵਪਾਰਕ ਮਨਜ਼ੂਰੀਆਂ ਦਾ ਸਮਾਂ 45 ਦਿਨਾਂ ਤੋਂ ਘਟਾ ਕੇ 30 ਦਿਨ ਕੀਤਾ ਜਾਵੇਗਾ, ਜਿਸ ਨੂੰ ਅੱਗੇ ਚੱਲ ਕੇ 50 ਫੀਸਦੀ ਤੱਕ ਘਟਾਉਣ ਦਾ ਟੀਚਾ ਹੈ। ਹਰ ਜ਼ਿਲ੍ਹੇ ਵਿੱਚ ਸਟਾਰਟਅੱਪਸ ਨੂੰ ਹੈਂਡਹੋਲਡਿੰਗ ਸਹਾਇਤਾ ਦੇਣ ਲਈ ਸਮਰਪਿਤ ’ਸਟਾਰਟਅੱਪ ਸੰਪਰਕ ਅਧਿਕਾਰੀ’ ਤਾਇਨਾਤ ਕੀਤੇ ਗਏ ਹਨ।

ਮੀਟਿੰਗ ਵਿੱਚ ਮੁੱਖ ਮੰਤਰੀ ਨੂੰ ਜਾਣੂ ਕਰਵਾਇਆ ਗਿਆ ਕਿ ਰਾਜ ਦੀ ਪ੍ਰਤਿਸ਼ਠਿਤ ’ਪਦਮਾ’ ਯੋਜਨਾ ਤਹਿਤ ਪ੍ਰਦੇਸ਼ ਦੇ ਵੱਖ-ਵੱਖ ਜ਼ਿਲ੍ਹਿਆਂ ਵਿੱਚ 10 ਨਵੇਂ ਉਦਯੋਗਿਕ ਕਲੱਸਟਰ ਸਥਾਪਿਤ ਕੀਤੇ ਜਾ ਰਹੇ ਹਨ। ਇਸ ਤੋਂ ਇਲਾਵਾ, ਸਟਾਰਟਅੱਪਸ ਲਈ ਗ੍ਰੋਥ ਕੈਪੀਟਲ ਯਕੀਨੀ ਬਣਾਉਣ ਲਈ 2,000 ਕਰੋੜ ਰੁਪਏ ਦਾ ’ਹਰਿਆਣਾ ਸਟਾਰਟਅੱਪ ਫੰਡ ਆਫ ਫੰਡਜ਼’ ਸਥਾਪਿਤ ਕੀਤਾ ਜਾ ਰਿਹਾ ਹੈ, ਜਦੋਂਕਿ 250 ਕਰੋੜ ਰੁਪਏ ਦਾ ’ਆਤਮਨਿਰਭਰ ਸਟਾਰਟਅੱਪ ਵੈਂਚਰ ਫੰਡ’ ਪਹਿਲਾਂ ਹੀ ਸ਼ੁਰੂ ਕੀਤਾ ਜਾ ਚੁੱਕਾ ਹੈ। ਮੀਟਿੰਗ ਵਿੱਚ ਜਾਣਕਾਰੀ ਦਿੱਤੀ ਗਈ ਕਿ ਹੁਨਰ ਵਿਕਾਸ ਵਿਭਾਗ ਨਾਲ ਮਿਲ ਕੇ 100 ਉੱਚ ਸਮਰੱਥਾ ਵਾਲੇ ਪੇਂਡੂ ਖੇਤਰਾਂ (ਜ਼ਿਲਾ ਹਿਸਾਰ ਵਿੱਚ ਬੀਡਸ ਨਿਰਮਾਣ, ਪਾਣੀਪਤ ਵਿੱਚ ਹੱਥਕਰਘਾ, ਕਰਨਾਲ ਵਿੱਚ ਖੇਤੀਬਾੜੀ ਉਪਕਰਣ ਅਤੇ ਡੇਅਰੀ, ਯਮੁਨਾਨਗਰ ਵਿੱਚ ਮਿੱਟੀ ਦੇ ਭਾਂਡੇ/ਪੌਟਰੀ) ਦੀ ਪਛਾਣ ਕਰਕੇ ਵਿਸ਼ੇਸ਼ ਹੁਨਰ ਕੇਂਦਰ ਖੋਲ੍ਹੇ ਜਾਣਗੇ। ਪੀ.ਐਮ. ਸੇਤੂ ਯੋਜਨਾ ਤਹਿਤ ਆਈ.ਟੀ.ਆਈ. ਵਿੱਚ ਨਵੇਂ ਕੋਰਸ ਸ਼ੁਰੂ ਕੀਤੇ ਜਾਣਗੇ। ਘੱਟੋ-ਘੱਟ 25 ਉਦਯੋਗ-ਸੰਚਾਲਿਤ ਆਈ.ਟੀ.ਆਈ. ਨੂੰ ਨਿੱਜੀ ਉਦਯੋਗਾਂ ਵੱਲੋਂ ਗੋਦ ਲਿਆ ਜਾਵੇਗਾ ਤਾਂ ਜੋ 70 ਫੀਸਦੀ ਤੋਂ ਵੱਧ ਨੌਜਵਾਨਾਂ ਨੂੰ ਸਿੱਧਾ ਰੁਜ਼ਗਾਰ ਮਿਲ ਸਕੇ। ਨਵੀਂ ਨੀਤੀ ਤਹਿਤ ਸੋਲਰ ਰੂਫਟਾਪ ਅਪਣਾਉਣ ’ਤੇ 2,000 ਤੋਂ ਵੱਧ ਐਮ.ਐਸ.ਐ?.ਈ. ਨੂੰ ਵਿੱਤੀ ਪ੍ਰੋਤਸਾਹਨ ਦਿੱਤਾ ਜਾਵੇਗਾ। ਪਾਣੀਪਤ ਵਿੱਚ 10,000 ਟੀਪੀਏ ਸਮਰੱਥਾ ਦਾ ਗ੍ਰੀਨ ਹਾਈਡ੍ਰੋਜਨ ਪ੍ਰੋਜੈਕਟ ਸਥਾਪਿਤ ਕੀਤਾ ਜਾ ਰਿਹਾ ਹੈ। ਮਹਿਲਾ ਉਦਮਤਾ ਨੂੰ ਵਾਧਾ ਦੇਣ ਲਈ ’ਮਹਿਲਾ ਉਦਮਤਾ ਮੰਚ’ ਤਹਿਤ 11.5 ਕਰੋੜ ਰੁਪਏ ਰਾਖਵੇਂ ਰੱਖੇ ਗਏ ਹਨ, ਜਿਸ ਨਾਲ 500-600 ਇੱਛੁਕ ਮਹਿਲਾ ਉਦਮੀਆਂ ਨੂੰ ਮੈਂਟਰਿੰਗ ਅਤੇ ਵਿੱਤੀ ਲਿੰਕੇਜ ਮਿਲੇਗਾ। ਨਾਲ ਹੀ, ਉਦਯੋਗਿਕ ਖੇਤਰਾਂ ਵਿੱਚ ਬਾਲ-ਸੰਭਾਲ ਕੇਂਦਰਾਂ ਦੀ ਸਥਾਪਨਾ ਕੀਤੀ ਜਾਵੇਗੀ। ਮੁੱਖ ਮੰਤਰੀ ਨੂੰ ਜਾਣੂ ਕਰਵਾਇਆ ਗਿਆ ਕਿ ਕੁਰੂਕਸ਼ੇਤਰ, ਹਿਸਾਰ ਅਤੇ ਰੋਹਤਕ ਨੂੰ ਤ੍ਰਿਵੇਂਦਰਮ ਦੇ ’ਟੈਕਨੋਪਾਰਕ’ ਮਾਡਲ ’ਤੇ ਬਦਲਵੇਂ ਆਈ.ਟੀ. ਹੱਬ ਵਜੋਂ ਵਿਕਸਿਤ ਕੀਤਾ ਜਾਵੇਗਾ। ਇਸ ਤੋਂ ਇਲਾਵਾ, ਰਾਜ ਵਿੱਚ ਹਰਿਤ ਉਦਯੋਗਾਂ ਨੂੰ ਹੁਣ ਦੇਣ ਲਈ ’ਮੇਕ ਇਨ ਹਰਿਆਣਾ ਇੰਡਸਟਰੀਅਲ ਪਾਲਿਸੀ 2026’ ਅਤੇ ’ਹਰਿਆਣਾ ਪ੍ਰਗਤੀਸ਼ੀਲ ਐਮ.ਐਸ.ਐਮ.ਈ. ਅਤੇ ਨਿਰਯਾਤ ਪ੍ਰੋਤਸਾਹਨ ਨੀਤੀ 2026’ ਰਾਹੀਂ ਵੱਡੇ ਪੱਧਰ ’ਤੇ ਨਿਵੇਸ਼ਕਾਂ ਨੂੰ ਆਕਰਸ਼ਿਤ ਕੀਤਾ ਜਾਵੇਗਾ।



## ਮੁੱਖ ਮੰਤਰੀ ਨਾਲ ਮਿਲੇ ਨੀਟ (ਗਰੈਜੂਏਟ)-2026 ਵਿੱਚ ਅਖਿਲ ਭਾਰਤੀ ਪੱਧਰ ’ਤੇ ਦੂਜਾ ਰੈਂਕ ਪ੍ਰਾਪਤ ਕਰਨ ਵਾਲੇ ਪੰਸ਼ੁਲ ਬੰਸਲ



**ਚੰਡੀਗੜ੍ਹ, 22 ਜੁਲਾਈ**
**-ਜੀ. ਐਸ. ਤੁੰਗ-**

ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨਾਲ ਚੰਡੀਗੜ੍ਹ ਸਥਿਤ ਉਨ੍ਹਾਂ ਦੇ ਆਵਾਸ ’ਤੇ ਫਰੀਦਾਬਾਦ ਨਿਵਾਸੀ ਪੰਸ਼ੁਲ ਬੰਸਲ ਨੇ ਸਿਸ਼ਟਾਚਾਰ ਮੁਲਾਕਾਤ ਕੀਤੀ। ਪੰਸ਼ੁਲ ਬੰਸਲ ਨੇ ਨੈਸ਼ਨਲ ਐਲੀਜੀਬਿਲਿਟੀ ਕਮ ਐਂਟਰੇਂਸ ਟੇਸਟ (ਗਰੈਜੂਏਟ)-2026 ਵਿੱਚ ਅਖਿਲ ਭਾਰਤੀ ਪੱਧਰ ਤੇ ਦੂਜਾ ਰੈਂਕ ਪ੍ਰਾਪਤ ਕਰ ਹਰਿਆਣਾ ਦਾ ਮਾਣ ਵਧਾਇਆ ਹੈ।

ਮੁੱਖ ਮੰਤਰੀ ਨੇ ਪੰਸ਼ੁਲ ਬੰਸਲ ਨੂੰ ਉਨ੍ਹਾਂ ਦੀ ਇਸ ਸ਼ਾਨਦਾਰ ਉਪਲਬਧੀ ’ਤੇ ਵਧਾਈ ਅਤੇ ਸ਼ੁਭਕਾਮਨਾਵਾਂ ਦਿੱਤੀਆਂ। ਉਨ੍ਹਾਂ ਨੇ ਕਿਹਾ ਕਿ ਪੰਸ਼ੁਲ ਦੀ ਇਹ ਸਫਲਤਾ ਹਰਿਆਣਾ ਸਮੇਤ ਪੂਰੇ ਦੇਸ਼ ਦੇ ਨੌਜੁਆਨਾਂ ਲਈ ਪ੍ਰੇਰਣਾਦਾਇਕ ਹੈ। ਉਨ੍ਹਾਂ ਦੀ ਮਿਹਨਤ, ਲਗਨ, ਅਨੁਸਾਸ਼ਨ ਅਤੇ ਟੀਚੇ ਪ੍ਰਤੀ ਸਮਰਪਣ ਨੇ ਇਹ ਸਿੱਧ ਕਰ ਦਿੱਤਾ ਹੈ ਕਿ ਲਗਾਤਾਰ ਯਤਨ ਅਤੇ ਦ੍ਰਿੜ ਸੰਕਲਪ ਨਾਲ ਕਿਸੇ ਵੀ ਟੀਚੇ ਨੂੰ ਪ੍ਰਾਪਤ ਕੀਤਾ ਜਾ ਸਕਦਾ ਹੈ।

ਸ੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਹਰਿਆਣਾ ਦੇ ਨੌਜੁਆਨ ਸਿਖਿਆ, ਖੇਡ, ਵਿਗਿਆਨ, ਤਕਨਾਲੋਜੀ ਅਤੇ ਹੋਰ ਵੱਖ-ਵੱਖ ਖੇਤਰਾਂ ਵਿੱਚ ਆਪਣੀ ਪ੍ਰਤਿਭਾ ਦਾ ਸ਼ਾਨਦਾਰ ਪ੍ਰਦਰਸ਼ਨ ਕਰ ਸੂਬੇ ਅਤੇ ਦੇਸ਼ ਦਾ ਨਾਮ ਰੋਸ਼ਨ ਕਰ ਰਹੇ ਹਨ। ਪੰਸ਼ੁਲ ਬੰਸਲ ਦੀ ਉਪਲਬਧੀ ਵੀ ਇਸੀ ਗੌਰਵਸ਼ਾਲੀ ਪਰੰਪਰਾ ਦਾ ਇੱਕ ਵਧੀਆ ਉਦਾਹਰਣ ਹੈ।

ਮੁੱਖ ਮੰਤਰੀ ਨੇ ਪੰਸ਼ੁਲ ਦੇ ਉਜਵੱਲ ਭਵਿੱਖ ਦੀ ਕਾਮਨਾ ਕਰਦੇ ਹੋਏ ਭਰੋਸਾ ਪ੍ਰਗਟਾਇਆ ਕਿ ਉਹ ਮੈਡੀਕਲ ਦੇ ਖੇਤਰ ਵਿੱਚ ਐਕਸੀਲੈਂਸ ਸੇਵਾਵਾਂ ਦੇ ਕੇ ਸਮਾਜ ਅਤੇ ਰਾਸ਼ਟਰ ਦੇ ਵਿਕਾਸ ਵਿੱਚ ਮਹਤੱਵਪੂਰਨ ਯੋਗਦਾਨ ਦੇਣਗੇ।

ਇਸ ਮੌਕੇ ’ਤੇ ਪੰਸ਼ੁਲ ਬੰਸਲ ਨੇ ਮੁੱਖ ਮੰਤਰੀ ਦਾ ਧੰਨਵਾਦ ਪ੍ਰਗਟ ਕਰਦੇ ਹੋਏ ਕਿਹਾ ਕਿ ਮੁੱਖ ਮੰਤਰੀ ਦਾ ਪਿਆਰ, ਆਸੀਰਵਾਦ ਅਤੇ ਪ੍ਰੋਤਸਾਹਨ ਉਨ੍ਹਾਂ ਨੂੰ ਭਵਿੱਖ ਵਿੱਚ ਹੋਰ ਬਿਹਤਰ ਪ੍ਰਦਰਸ਼ਨ ਕਰਨ ਲਈ ਪ੍ਰੇਰਿਤ ਕਰੇਗਾ।

## ਸੁਪਰੀਮ ਕੋਰਟ ਵੱਲੋਂ CJP ਪ੍ਰਦਰਸ਼ਨ ਮੌਕੇ ਪੁਲੀਸ ਕਾਰਵਾਈ ਖ਼ਿਲਾਫ਼ ਪਟੀਸ਼ਨ ’ਤੇ ਤੁਰੰਤ ਸੁਣਵਾਈ ਤੋਂ ਇਨਕਾਰ

**ਨਵੀਂ ਦਿੱਲੀ, 22 ਜੁਲਾਈ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਸੁਪਰੀਮ ਕੋਰਟ ਨੇ ਬੁੱਧਵਾਰ ਨੂੰ ਦਿੱਲੀ ਵਿੱਚ ਸੀ.ਜੇ.ਪੀ. ਦੀ ਅਗਵਾਈ ਹੇਠ ਹੋਏ ਪ੍ਰਦਰਸ਼ਨ ਮਾਰਚ ਦੌਰਾਨ ਵਿਦਿਆਰਥੀਆਂ ’ਤੇ ਪੁਲੀਸ ਕਾਰਵਾਈ ਨੂੰ ਚੁਣੌਤੀ ਦੇਣ ਵਾਲੀ ਪਟੀਸ਼ਨ ਨੂੰ ਤੁਰੰਤ ਸੂਚੀਬੱਧ ਕਰਨ ਦੀ ਬੇਨਤੀ ਨੂੰ ਠੁਕਰਾ ਦਿੱਤਾ। ਇਹ ਮਾਮਲਾ ਭਾਰਤ ਦੇ ਚੀਫ਼ ਜਸਟਿਸ ਸੂਰਿਆ ਕਾਂਤ ਅਤੇ ਜਸਟਿਸ ਜੋਇਮਾਲਿਆ ਬਾਗਚੀ ਅਤੇ ਵੀ. ਮੋਹਨਾ ਦੀ ਬੈਂਚ ਦੇ ਸਾਹਮਣੇ ਰੱਖਿਆ ਗਿਆ।

ਵਕੀਲ ਨੇ ਕਿਹਾ, ਮੇਰੇ ਕੋਲ ਪੁਲੀਸ ਦੀ ਬੇਰਹਿਮੀ ਬਾਰੇ ਵੀਡੀਓ ਵੀ ਹਨ... ਜੇ ਇਸ ਨੂੰ ਕੱਲ੍ਹ (ਵੀਰਵਾਰ) ਸੂਚੀਬੱਧ ਕੀਤਾ ਜਾ ਸਕੇ... ਵਿਦਿਆਰਥੀ ਉੱਥੇ ਹਨ। ਉਨ੍ਹਾਂ ਕਿਹਾ ਕਿ ਪ੍ਰਦਰਸ਼ਨ ਦੌਰਾਨ ਵਿਦਿਆਰਥੀਆਂ ਨਾਲ ਕਥਿਤ ਤੌਰ ’ਤੇ ਪੁਲੀਸ ਵੱਲੋਂ ਬੇਰਹਿਮੀ ਕੀਤੀ ਗਈ ਸੀ ਅਤੇ ਕਿਹਾ ਕਿ ਪਟੀਸ਼ਨ ਵਿੱਚ ਤਿੰਨ ਅਰਦਾਸਾਂ (ਪ੍ਰਾਰਥਨਾਵਾਂ) ਸ਼ਾਮਲ ਹਨ।

ਚੀਫ਼ ਜਸਟਿਸ ਨੇ ਬੇਨਤੀ ਨੂੰ ਠੁਕਰਾ ਦਿੱਤਾ ਅਤੇ ਇਹ ਸਪੱਸ਼ਟ ਕਰ ਦਿੱਤਾ ਕਿ ਬੈਂਚ ਮੈਨਸ਼ਨਿੰਗ ਪੜਾਅ ’ਤੇ ਵੀਡੀਓ ਫੁਟੇਜ ਦੀ ਜਾਂਚ ਕਰਨ ਲਈ ਤਿਆਰ ਨਹੀਂ ਹੈ।

## ਨਾਬਾਰਡ ਨੇ ਬਦਲੀ ਹਰਿਆਣਾ ਦੇ ਗ੍ਰਾਮੀਣ ਆਂਚਲ ਦੀ ਤਸਵੀਰ; 15,056 ਕਰੋੜ ਦੇ ਨਿਵੇਸ਼ ਨਾਲ 6,175 ਪ੍ਰੋਜੈਕਟਾਂ ਨੂੰ ਦਿੱਤੀ ਵਿੱਤੀ ਸਹਾਇਤਾ

**ਚੰਡੀਗੜ੍ਹ, 22 ਜੁਲਾਈ**
**-ਮਨੋਜ ਵਰਮਾ-**
**-ਸ਼ਹੀਦ-ਏ-ਆਜ਼ਮ-ਬਿਊਰੋ-**



ਰਾਸ਼ਟਰੀ ਖੇਤੀਬਾੜੀ ਅਤੇ ਗ੍ਰਾਮੀਣ ਵਿਕਾਸ ਬੈਂਕ (ਨਾਬਾਰਡ) ਵੱਲੋਂ ਗ੍ਰਾਮੀਣ ਬੁਨਿਆਦੀ ਵਿਕਾਸ ਫੰਡ (ਆਰ.ਆਈ.ਡੀ.ਐਫ.) ਤਹਿਤ ਲਗਭਗ 15,056 ਕਰੋੜ ਰੁਪਏ ਦੀ ਪ੍ਰਵਾਨਗੀ ਨਾਲ ਹਰਿਆਣਾ ਵਿੱਚ ਪੇਂਡੂ ਬੁਨਿਆਦੀ ਢਾਂਚੇ ਦੇ ਖੇਤਰ ਵਿੱਚ ਵਰਨਣਯੋਗ ਵਿਸਤਾਰ ਹੋਇਆ ਹੈ। ਇਸ ਰਕਮ ਨਾਲ ਸੂਬੇਭਰ ਵਿੱਚ 6,175 ਬੁਨਿਆਦੀ ਢਾਂਚਾ ਪ੍ਰੋਜੈਕਟਾਂ ਨੂੰ ਸਹਾਇਤਾ ਪ੍ਰਦਾਨ ਕੀਤੀ ਗਈ ਹੈ, ਜਿਨ੍ਹਾਂ ਰਾਹੀਂ ਸਿੰਜਾਈ, ਪੇਂਡੂ ਸੜਕਾਂ, ਪੀਣ ਵਾਲੇ ਪਾਣੀ ਦੀਆਂ ਸਹੂਲਤਾਂ ਅਤੇ ਹੋਰ ਮਹੱਤਵਪੂਰਨ ਮੁੱਢਲੇ ਢਾਂਚੇ ਨੂੰ ਮਜ਼ਬੂਤ ਕੀਤਾ ਗਿਆ ਹੈ।

ਇਨ੍ਹਾਂ ਪ੍ਰਾਪਤੀਆਂ ਦਾ ਵਰਨਣ ਅੱਜ ਨਾਬਾਰਡ ਦੇ 45ਵੇਂ ਸਥਾਪਨਾ ਦਿਵਸ ਸਮਾਰੋਹ ਦੌਰਾਨ ਕੀਤਾ ਗਿਆ, ਜਿਸ ਵਿੱਚ ਹਰਿਆਣਾ ਦੇ ਮੁੱਖ ਸਕੱਤਰ ਸ੍ਰੀ ਅਨੁਰਾਗ ਰਸਤੋਗੀ ਬਤੌਰ ਮੁੱਖ ਮਹਿਮਾਨ ਸ਼ਾਮਲ ਹੋਏ। ਮੁੱਖ ਸਕੱਤਰ ਨੇ ਕਿਹਾ ਕਿ ਨਾਬਾਰਡ ਰਾਜ ਵਿੱਚ ਗ੍ਰਾਮੀਣ ਪਰਿਵਰਤਨ ਨੂੰ ਗਤੀ ਦੇਣ ਅਤੇ ਖੇਤੀਬਾੜੀ ਅਰਥਵਿਵਸਥਾ ਨੂੰ ਸ਼ਕਤੀਸ਼ਾਲੀ ਬਣਾਉਣ ਵਿੱਚ ਇੱਕ ਮਹੱਤਵਪੂਰਨ ਭਾਈਵਾਲ ਵਜੋਂ ਉਭਰਿਆ ਹੈ।

ਉਨ੍ਹਾਂ ਕਿਹਾ ਕਿ ਨਾਬਾਰਡ ਸਮਾਵੇਸ਼ੀ ਗ੍ਰਾਮੀਣ ਵਿਕਾਸ ਦਾ ਇੱਕ ਪ੍ਰਭਾਵੀ ਮਾਧਿਅਮ ਬਣ ਕੇ ਸਾਹਮਣੇ ਆਇਆ ਹੈ। ਰਾਜ ਦੀ ਆਉਣ ਵਾਲੀ ਤਰੱਕੀ ਮਜ਼ਬੂਤ ਗ੍ਰਾਮੀਣ ਬੁਨਿਆਦੀ ਢਾਂਚੇ, ਟਿਕਾਊ ਖੇਤੀਬਾੜੀ, ਵਿੱਤੀ ਸਮਾਵੇਸ਼ ਅਤੇ ਸਸ਼ਕਤ ਕਮਿਊਨਿਟੀ ਸੰਸਥਾਵਾਂ ’ਤੇ ਨਿਰਭਰ ਕਰਦੀ ਹੈ। ਉਨ੍ਹਾਂ ਕਿਹਾ ਕਿ ’ਵਿਕਸਿਤ ਭਾਰਤ-2047’ ਦੇ ਟੀਚੇ ਨੂੰ ਪ੍ਰਾਪਤ ਕਰਨ ਲਈ ਸਰਕਾਰੀ ਵਿਭਾਗਾਂ, ਵਿੱਤੀ ਸੰਸਥਾਵਾਂ ਅਤੇ ਜ਼ਮੀਨੀ ਪੱਧਰ ਦੇ ਸੰਗਠਨਾਂ ਨੂੰ ਮਿਲ ਕੇ ਸ਼ਕਤੀਸ਼ਾਲੀ ਅਤੇ ਆਤਮਨਿਰਭਰ ਪਿੰਡਾਂ ਦੇ ਨਿਰਮਾਣ ਦੀ ਦਿਸ਼ਾ ਵਿੱਚ ਕੰਮ ਕਰਨਾ ਹੋਵੇਗਾ।

ਆਪਣੇ ਵਿੱਤ ਸਕੱਤਰ ਦੇ ਕਾਰਜਕਾਲ ਨੂੰ ਯਾਦ ਕਰਦਿਆਂ ਸ੍ਰੀ ਰਸਤੋਗੀ ਨੇ ਕਿਹਾ ਕਿ ਉਨ੍ਹਾਂ ਨੂੰ ਨਾਬਾਰਡ ਨਾਲ ਨੇੜਿਓਂ ਕੰਮ ਕਰਨ ਦਾ ਮੌਕਾ ਮਿਲਿਆ, ਜਿਸ ਨਾਲ ਉਨ੍ਹਾਂ ਨੇ ਰਾਜ ਦੇ ਵਿਕਾਸ ਵਿੱਚ ਸੰਸਥਾ ਦੀ ਹਾਂਪੱਖੀ ਅਤੇ ਰਚਨਾਤਮਕ ਭੂਮਿਕਾ ਨੂੰ ਨੇੜਿਓਂ ਵੇਖਿਆ। ਉਨ੍ਹਾਂ ਕਿਹਾ ਕਿ ਰਿਆਇਤੀ ਵਿਆਜ ਦਰਾਂ ’ਤੇ ਨਾਬਾਰਡ ਵੱਲੋਂ ਮੁਹੱਈਆ ਕਰਵਾਈ ਗਈ ਵਿੱਤੀ ਸਹਾਇਤਾ ਨਾਲ ਅਨੇਕਾਂ ਮਹੱਤਵਪੂਰਨਗ੍ਰਾਮੀਣ ਬੁਨਿਆਦੀ ਢਾਂਚਾ ਪ੍ਰੋਜੈਕਟ ਸਮੇਂ ਸਿਰ ਪੂਰੇ ਹੋ ਸਕੇ, ਜਿਸ ਦਾ ਸਿੱਧਾ ਲਾਭ ਕਿਸਾਨਾਂ ਅਤੇ ਗ੍ਰਾਮੀਣ ਕਮਿਊਨਿਟੀ ਨੂੰ ਮਿਲਿਆ।

ਮੁੱਖ ਸਕੱਤਰ ਨੇ ਕਿਹਾ ਕਿ ਰਾਜ ਸਰਕਾਰ ਲੋੜੀਂਦੇ ਤਕਨੀਕੀ ਸਹਿਯੋਗ ਨਾਲ ਸਾਰੀਆਂ ਮੁੱਢਲੀ ਖੇਤੀਬਾੜੀ ਸਹਿਕਾਰੀ ਸੁਸਾਇਟੀਆਂ (ਪੈਕਸ) ਦਾ ਡਿਜੀਟਾਈਜ਼ੇਸ਼ਨ ਯਕੀਨੀ ਬਣਾਉਣ ਲਈ ਵਚਨਬੱਧ ਹੈ, ਤਾਂ ਜੋ ਇਨ੍ਹਾਂ ਨੂੰ ਵਧੇਰੇ ਕੁਸ਼ਲ, ਪਾਰਦਰਸ਼ੀ ਅਤੇ ਸੁ?? ਬਣਾਇਆ ਜਾ ਸਕੇ। ਉਨ੍ਹਾਂ ਕਿਹਾ ਕਿ ਸਰਕਾਰ ਹਰੇਕ ਪੈਕਸ ਨੂੰ ਆਰਥਿਕ ਤੌਰ ’ਤੇ ਸਮਰੱਥ ਅਤੇ ਲਾਹੇਵੰਦ ਬਣਾਉਣ ਦੀ ਦਿਸ਼ਾ ਵਿੱਚ ਕੰਮ ਕਰ ਰਹੀ ਹੈ, ਜਿਸ ਨਾਲ ਇਹ ਸੰਸਥਾਵਾਂ ਪੇਂਡੂ ਸਹਿਕਾਰਤਾ ਪ੍ਰਣਾਲੀ ਦੀ ਮਜ਼ਬੂਤ ਮੁੱਢਲੀਸ਼ਿਲਾ ਬਣ ਸਕਣ।

ਉਨ੍ਹਾਂ ਕਿਹਾ ਕਿ ’ਵਿਕਸਿਤ ਭਾਰਤ-2047’ ਦੀ ਮਜ਼ਬੂਤ ਨੀਂਹ ਸਮੂਹਿਕ ਯਤਨਾਂ, ਪ੍ਰਭਾਵੀ ਅਮਲ ਅਤੇ ਲੰਬੇ ਸਮੇਂ ਦੇ ਦ੍ਰਿਸ਼ਟੀਕੋਣ ਨਾਲ ਹੀ ਰੱਖੀ ਜਾ ਸਕਦੀ ਹੈ। ਉਨ੍ਹਾਂ ਬੈਂਕਰਾਂ ਅਤੇ ਸਰਕਾਰੀ ਅਧਿਕਾਰੀਆਂ ਨੂੰ ਅਪੀਲ ਕੀਤੀ ਕਿ ਉਹ ਆਪਣੀਆਂ ਨਿਯਮਤ ਪ੍ਰਸ਼ਾਸਨਿਕ ਜ਼ਿੰਮੇਵਾਰੀਆਂ ਤੋਂ ਅੱਗੇ ਵਧ ਕੇ ਕਿਸਾਨ ਉਤਪਾਦਕ ਸੰਗਠਨਾਂ (ਐੱਫ.ਪੀ.ਓ.), ਸਵੈ-ਸਹਾਇਤਾ ਸਮੂਹਾਂ (ਐੱਸ.ਐੱਚ.ਜੀ.), ਸਕੂਲਾਂ, ਕਾਲਜਾਂ ਅਤੇ ਪੇਂਡੂ ਖੇਤਰਾਂ ਦੀਆਂ ਸਿਹਤ ਸੰਸਥਾਵਾਂ ਦਾ ਨਿੱਜੀ ਮਾਰਗਦਰਸ਼ਨ ਅਤੇ ਸਹਿਯੋਗ ਕਰਨ। ਉਨ੍ਹਾਂ ਕਿਹਾ ਕਿ ਇਸ ਤਰ੍ਹਾਂ ਦੇ ਨਿਰੰਤਰ ਸਹਿਯੋਗ ਨਾਲ ਸਥਾਨਕ ਸੰਸਥਾਵਾਂ ਸ਼ਕਤੀਸ਼ਾਲੀ ਹੋਣਗੀਆਂ, ਜ਼ਮੀਨੀ ਪੱਧਰ ਦੀਆਂ ਸਮੱਸਿਆਵਾਂ ਦੇ ਹੱਲ ਵਿੱਚ ਸਹਾਇਤਾ ਮਿਲੇਗੀ ਅਤੇ ਰਾਜ ਵਿੱਚ ਸਮਾਵੇਸ਼ੀ ਗ੍ਰਾਮੀਣ ਵਿਕਾਸ ਨੂੰ ਗਤੀ ਮਿਲੇਗੀ।

ਇਸ ਮੌਕੇ ਮੁੱਖ ਸਕੱਤਰ ਨੇ ਹਰਿਆਣਾ ਵਿੱਚ ਨਾਬਾਰਡ ਦੀਆਂ ਵਿਕਾਸਾਤਮਕ ਪਹਿਲਕਦਮੀਆਂ ਦੇ ਪ੍ਰਭਾਵ ਨੂੰ ਦਰਸਾਉਣ ਵਾਲੀ ਕੌਫੀ ਟੇਬਲ ਬੁੱਕ ਅਤੇ ਖੇਤੀਬਾੜੀ ਕਰਜ਼ੇ, ਪ੍ਰੋਜੈਕਟ ਮੁਲਾਂਕਣ ਅਤੇ ਖੇਤੀਬਾੜੀ ਅਤੇ ਸਹਾਇਕ ਗਤੀਵਿਧੀਆਂ ਦੇ ਵਿੱਤ ਪੋਸ਼ਣ ਲਈ ਬੈਂਕਾਂ ਦੇ ਉਪਯੋਗ ਵਾਸਤੇ ਤਿਆਰ ਯੂਨਿਟ ਕਾਸਟ ਬੁੱਕ ਦੀ ਘੁੰਡ ਚੁਕਾਈ ਕੀਤੀ।

ਸਮਾਰੋਹ ਵਿੱਚ ਸ਼ਾਨਦਾਰ ਕੰਮ ਕਰਨ ਵਾਲੀਆਂ ਮੁੱਢਲੀ ਖੇਤੀਬਾੜੀ ਸਹਿਕਾਰੀ ਸੁਸਾਇਟੀਆਂ (ਪੈਕਸ), ਜ਼ਿਲ੍ਹਾ ਕੇਂਦਰੀ ਸਹਿਕਾਰੀ ਬੈਂਕਾਂ (ਡੀ.ਸੀ.ਸੀ.ਬੀ.), ਕਿਸਾਨ ਉਤਪਾਦਕ ਸੰਗਠਨਾਂ (ਐੱਫ.ਪੀ.ਓ.), ਕਾਰੀਗਰਾਂ ਅਤੇ ਮਹਿਲਾ ਉੱਦਮੀਆਂ ਨੂੰ ਪੇਂਡੂ ਵਿਕਾਸ ਵਿੱਚ ਉਨ੍ਹਾਂ ਦੇ ਯੋਗਦਾਨ ਲਈ ਸਨਮਾਨਿਤ ਕੀਤਾ ਗਿਆ। ਨਾਲ ਹੀ ਐਫ.ਪੀ.ਓ., ਓ.ਐਫ.ਪੀ.ਓ. ਅਤੇ ਕਾਰੀਗਰਾਂ ਵੱਲੋਂ ਲਗਾਈ ਗਈ ਪ੍ਰਦਰਸ਼ਨੀ ਵਿੱਚ ਮੁੱਲ-ਵਰਧਿਤ ਖੇਤੀਬਾੜੀ ਉਤਪਾਦਾਂ, ਖਾਧ ਪਦਾਰਥਾਂ ਅਤੇ ਦਸਤਕਾਰੀ ਉਤਪਾਦਾਂ ਦਾ ਪ੍ਰਦਰਸ਼ਨ ਕੀਤਾ ਗਿਆ, ਜਿਸ ਨੇ ਹਰਿਆਣਾ ਦੇ ਪੇਂਡੂ ਉਤਪਾਦਕ ਸਮੂਹਾਂ ਦੀ ਵਧ ਰਹੀ ਸਮਰੱਥਾ ਨੂੰ ਦਰਸਾਇਆ।

ਨਾਬਾਰਡ ਦੀਆਂ ਪ੍ਰਾਪਤੀਆਂ ਦੀ ਜਾਣਕਾਰੀ ਦਿੰਦਿਆਂ ਮੁੱਖ ਮੈਨੇਜਰ ਡਾਇਰੈਕਟਰ ਸੁਸ਼ ਨਿਵੇਦਿਤਾ ਤਿਵਾੜੀ ਨੇ ਦੱਸਿਆ ਕਿ ਸੰਸਥਾ ਨੇ ਹਰਿਆਣਾ ਵਿੱਚ 710 ਮੁੱਢਲੀ ਖੇਤੀਬਾੜੀ ਸਹਿਕਾਰੀ ਸੁਸਾਇਟੀਆਂ (ਪੈਕਸ) ਦਾ ਕੰਪਿਊਟਰੀਕਰਨ ਅਤੇ ਡਿਜੀਟਾਈਜ਼ੇਸ਼ਨ ਕਰਕੇ ਅਤੇ 131 ਕਿਸਾਨ ਉਤਪਾਦਕ ਸੰਗਠਨਾਂ (ਐਫ.ਪੀ.ਓ.) ਨੂੰ ਹੁਲਾਰਾ ਦੇ ਕੇ ਕਿਸਾਨ-ਮਲਕੀਅਤ ਵਾਲੀਆਂ ਸੰਸਥਾਵਾਂ ਨੂੰ ਮਜ਼ਬੂਤ ਕੀਤਾ ਹੈ।

ਉਨ੍ਹਾਂ ਦੱਸਿਆ ਕਿ ਇਨ੍ਹਾਂ ਐਫ.ਪੀ.ਓ. ਰਾਹੀਂ 63,369 ਕਿਸਾਨਾਂ, ਜਿਨ੍ਹਾਂ ਵਿੱਚ 14,017 ਮਹਿਲਾਵਾਂ ਸ਼ਾਮਲ ਹਨ, ਨੂੰ ਇੱਕ ਮੰਚ ’ਤੇ ਲਿਆਂਦਾ ਗਿਆ ਹੈ। ਇਸ ਨਾਲ ਕਿਸਾਨਾਂ ਨੂੰ ਸਮੂਹਿਕ ਮਾਰਕੀਟਿੰਗ, ਬਿਹਤਰ ਮੁੱਲ ਪ੍ਰਾਪਤੀ, ਆਧੁਨਿਕ ਤਕਨੀਕਾਂ ਨੂੰ ਅਪਣਾਉਣ ਅਤੇ ਖੇਤੀਬਾੜੀ ਮੁੱਲ ਲੜੀ ਨਾਲ ਬਿਹਤਰ ਜੁੜਾਅ ਦਾ ਲਾਭ ਮਿਲਿਆ ਹੈ।

ਸੰਸਥਾਗਤ ਵਿੱਤੀ ਪਹੁੰਚ ਨੂੰ ਮਜ਼ਬੂਤ ਬਣਾਉਣ ਲਈ ਨਾਬਾਰਡ ਨੇ 28 ਐਫ.ਪੀ.ਓ. ਨੂੰ 11.12 ਕਰੋੜ ਰੁਪਏ ਦੀ ਕਰਜ਼ਾ ਸਹਾਇਤਾ ਅਤੇ 9 ਐੱਫ.ਪੀ.ਓ. ਨੂੰ 60.38 ਲੱਖ ਰੁਪਏ ਦੀ ਇਕੁਇਟੀ ਗ੍ਰਾਂਟ ਸਹਾਇਤਾ ਪ੍ਰਦਾਨ ਕੀਤੀ ਹੈ, ਜਿਸ ਨਾਲ ਉਨ੍ਹਾਂ ਦੀ ਵਿੱਤੀ ਸਥਿਰਤਾ ਅਤੇ ਕਾਰੋਬਾਰੀ ਗਤੀਵਿਧੀਆਂ ਨੂੰ ਮਜ਼ਬੂਤੀ ਮਿਲੀ ਹੈ।

ਨਾਬਾਰਡ ਨੇ ਜਲਵਾਯੂ-ਅਨੁਕੂਲ ਖੇਤੀਬਾੜੀ ਨੂੰ ਵੀ ਵਿਸ਼ੇਸ਼ ਤਰਜੀਹ ਦਿੱਤੀ ਹੈ। ਇਸ ਤਹਿਤ ਜਲ-ਗ੍ਰਹਿਣ ਖੇਤਰ ਵਿਕਾਸ, ਧਰਤੀ ਹੇਠਲੇ ਪਾਣੀ ਦਾ ਪ੍ਰਬੰਧਨ, ਸੂਖਮ ਸਿੰਜਾਈ, ਡਾਇਰੈਕਟ ਸੀਡਿੰਗ ਆਫ਼ ਰਾਈਸ (ਡੀ.ਐੱਸ.ਆਰ.), ਸਬਜ਼ੀ ਕਲੱਸਟਰ ਅਤੇ ਹੋਰ ਟਿਕਾਊ ਖੇਤੀਬਾੜੀ ਪਹਿਲਕਦਮੀਆਂ ਨੂੰ ਉਤਸ਼ਾਹਿਤ ਕੀਤਾ ਗਿਆ ਹੈ, ਜਿਨ੍ਹਾਂ ਦਾ ਉਦੇਸ਼ ਖੇਤੀ ਦੀ ਲਾਗਤ ਘੱਟ ਕਰਨਾ ਅਤੇ ਕਿਸਾਨਾਂ ਦੀ ਆਮਦਨ ਵਧਾਉਣਾ ਹੈ। ਮਹਿਲਾਵਾਂ ਦੇ ਆਰਥਿਕ ਸਸ਼ਕਤੀਕਰਨ ਦੀ ਦਿਸ਼ਾ ਵਿੱਚ ਵੀ ਨਾਬਾਰਡ ਦੀਆਂ ਰੋਜ਼ੀ-ਰੋਟੀ ਵਧਾਉਣ ਵਾਲੀਆਂ ਯੋਜਨਾਵਾਂ ਨੇ ਮਹੱਤਵਪੂਰਨ ਯੋਗਦਾਨ ਪਾਇਆ ਹੈ। ਸਾਲ 2022-23 ਤੋਂ ਹੁਣ ਤੱਕ 5,010 ਤੋਂ ਵੱਧ ਪੇਂਡੂ ਮਹਿਲਾਵਾਂ ਨੂੰ ਡੇਅਰੀ, ਮੱਛੀ ਉਤਪਾਦਨ, ਖਾਧ ਪ੍ਰਸ?????ਰਣ, ਸਿਲਾਈ, ਦਸਤਕਾਰੀ ਅਤੇ ਹੋਰ ਸਵੈ-ਰੋਜ਼ਗਾਰ ਗਤੀਵਿਧੀਆਂ ਵਿੱਚ ਹੁਨਰ ਸਿਖਲਾਈ ਪ੍ਰਦਾਨ ਕੀਤੀ ਗਈ ਹੈ, ਜਿਸ ਨਾਲ ਉਨ੍ਹਾਂ ਲਈ ਪੱਕੀ ਰੋਜ਼ੀ-ਰੋਟੀ ਦੇ ਮੌਕੇ ਪੈਦਾ ਹੋਏ ਹਨ।

ਇਸ ਮੌਕੇ ਵਿੱਤ ਵਿਭਾਗ ਦੇ ਕਮਿਸ਼ਨਰ ਅਤੇ ਸਕੱਤਰ ਸ੍ਰੀ ਸੀ. ਜੀ. ਰਜਨੀ ਕਾਂਥਨ, ਹਰਕੋ ਬੈਂਕ ਦੇ ਚੇਅਰਮੈਨ ਸ੍ਰੀ ਭਾਰਤ ਭੂਸ਼ਣ ਜੁਯਾਲ ਅਤੇ ਹੋਰ ਸੀਨੀਅਰ ਅਧਿਕਾਰੀ ਵੀ ਮੌਜੂਦ ਸਨ।





